ADVERTISE YOUR BUSINESS HERE
+91-9878-55-2070

ਨਾ ਰੁਕੇ, ਨਾ ਝੁਕੇ

# ਸਭ ਤੋਂ ਫਾਸਟ ਆਹਮੋ-ਸਾਹਮਣੇ

SABSE FAST AAMNE SAAMNE

Rni No Punpun 2015/60599
8-14 March 2026
ਕੀਮਤ : 5 ਰੁਪਏ

ਸਾਲ 2026 / ਮਨਦੀਪ ਕੌਰ (ਸਬ ਐਡੀਟਰ) / ਈ-ਮੇਲ : editoraamnesaamne@gmail.com/ ਮੋਬਾਈਲ : 9878552070, 9780802013

ADVERTISE YOUR BUSINESS HERE
+91-9878-55-2070

## ਭਾਜਪਾ ਨੇ ਉੱਤਰ-ਪੂਰਬ ਵਿੱਚ ਸ਼ਾਂਤੀ ਯਕੀਨੀ ਬਣਾਈ : ਮੋਦੀ

### ਕਾਂਗਰਸ ’ਤੇ ਕਬਾਇਲੀਆਂ ਦੀਆਂ ਜ਼ਮੀਨਾਂ ਘੁਸਪੈਠੀਆਂ ਹਵਾਲੇ ਕਰਨ ਦਾ ਦੋਸ਼

ਨਵੀਂ ਦਿੱਲੀ, ਏਜੰਸੀ



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਉੱਤਰ-ਪੂਰਬ ’ਚ ਬੰਬਾਂ ਅਤੇ ਗੋਲੀਆਂ ਦੀਆਂ ਆਵਾਜ਼ਾਂ ਹੁਣ ਬੀਤੇ ਦੀ ਗੱਲ ਹੋ ਗਈ ਹੈ ਅਤੇ ਭਾਜਪਾ ਨੇ ਖ਼ੇਤਰ ’ਚ ਸਥਾਈ ਸ਼ਾਂਤੀ ਯਕੀਨੀ ਬਣਾਈ ਹੈ। ਕਾਂਗਰਸ ’ਤੇ ਵਰ੍ਹਦਿਆਂ ਉਨ੍ਹਾਂ ਕਿਹਾ ਕਿ ਪਾਰਟੀ ਨੇ ਆਪਣੇ ਕਾਰਜਕਾਲ ਦੌਰਾਨ ਸ਼ਾਂਤੀ ਦੀ ਬਜਾਏ ਸੌੜੇ ਸਿਆਸੀ ਹਿੱਤਾਂ ਖਾਤਰ ਵੱਖ ਵੱਖ ਸਮਝੌਤਿਆਂ ’ਤੇ ਦਸਤਖ਼ਤ ਕੀਤੇ ਸਨ। ਅਸਾਮ ਦੇ ਕੋਕਰਾਝਾੜ ਜ਼ਿਲ੍ਹੇ ’ਚ ਰੈਲੀ ਨੂੰ ਗੁਹਾਟੀ ਤੋਂ ਵਰਚੁਅਲੀ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਸੂਬਾ ਡਬਲ ਇੰਜਣ ਸਰਕਾਰ ਦੀ ਅਗਵਾਈ ਹੇਠ ਸ਼ਾਂਤੀ ਅਤੇ ਵਿਕਾਸ ਦਾ ਨਵਾਂ ਅਧਿਆਏ ਲਿਖ ਰਿਹਾ ਹੈ। ਅਸਾਮ ’ਚ ਮੋਹਲੇਧਾਰ ਮੀਂਹ ਕਾਰਨ ਮੋਦੀ ਦੇ ਸਫ਼ਰ ’ਚ ਅੜਿੱਕਾ ਪਿਆ ਜਿਸ ਕਾਰਨ ਉਨ੍ਹਾਂ ਨੂੰ ਰੈਲੀ ਵਰਚੁਅਲੀ ਸੰਬੋਧਨ ਕਰਨ ਲਈ ਮਜਬੂਰ ਹੋਣਾ ਪਿਆ। ਉਨ੍ਹਾਂ ਦੋਸ਼ ਲਾਇਆ ਕਿ ਕਾਂਗਰਸ ਨੇ ਕਬਾਇਲੀਆਂ ਦੀ ਜ਼ਮੀਨ ਘੁਸਪੈਠੀਆਂ ਹਵਾਲੇ ਕਰ ਕੇ ਕੌਮੀ ਸੁਰੱਖਿਆ ਨੂੰ ਖ਼ਤਰੇ ’ਚ ਪਾ ਦਿੱਤਾ ਸੀ। ਉਨ੍ਹਾਂ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਆਉਂਦੀਆਂ ਚੋਣਾਂ ’ਚ ਕਾਂਗਰਸ ਨੂੰ ਹਰਾ ਕੇ ਸਪੱਸ਼ਟ ਸੁਨੇਹਾ ਦੇਣ ਕਿ ਦੇਸ਼ ’ਚ ਘੁਸਪੈਠੀਆਂ ਲਈ ਕੋਈ ਥਾਂ ਨਹੀਂ ਹੈ। ਅਸਾਮ ਵਿਧਾਨ ਸਭਾ ਲਈ 126 ਸੀਟਾਂ ’ਤੇ ਅਪਰੈਲ ’ਚ ਚੋਣਾਂ ਹੋਣ ਦੀ ਸੰਭਾਵਨਾ ਹੈ।

### ਪ੍ਰਧਾਨ ਮੰਤਰੀ ਮੋਦੀ ਵੱਲੋਂ ਇਰਾਨ ਦੇ ਰਾਸ਼ਟਰਪਤੀ ਨਾਲ ਗੱਲਬਾਤ

ਪੱਛਮੀ ਏਸ਼ੀਆ ਵਿੱਚ ਲਗਾਤਾਰ ਵਧ ਰਹੀ ਜੰਗ ਦੇ ਦਰਮਿਆਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਦੇਰ ਰਾਤ ਇਰਾਨ ਦੇ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਨਾਲ ਟੈਲੀਫ਼ੋਨ ’ਤੇ ਗੱਲਬਾਤ ਕੀਤੀ। ਪ੍ਰਧਾਨ ਮੰਤਰੀ ਨੇ ਖੇਤਰ ਵਿੱਚ ਵਧਦੇ ਤਣਾਅ ਅਤੇ ਨਿਰਦੋਸ਼ ਨਾਗਰਿਕਾਂ ਦੀ ਜਾਨ ਜਾਣ ’ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮੌਜੂਦਾ ਸਥਿਤੀ ਵਿੱਚ ਸੰਜਮ, ਗੱਲਬਾਤ ਅਤੇ ਕੂਟਨੀਤੀ ਹੀ ਸ਼ਾਂਤੀ ਦਾ ਇੱਕੋ-ਇੱਕ ਰਸਤਾ ਹੈ। 28 ਫਰਵਰੀ ਨੂੰ ਅਮਰੀਕਾ-ਇਜ਼ਰਾਈਲ ਅਤੇ ਇਰਾਨ ਵਿਚਾਲੇ ਸ਼ੁਰੂ ਹੋਈ ਜੰਗ ਤੋਂ ਬਾਅਦ ਦੋਵਾਂ ਦੇਸ਼ਾਂ ਦੇ ਉੱਚ ਆਗੂਆਂ ਵਿਚਾਲੇ ਇਹ ਪਹਿਲੀ ਸਿੱਧੀ ਗੱਲਬਾਤ ਹੈ।



## ਪ੍ਰਧਾਨ ਮੰਤਰੀ ਖ਼ੁਦ ਘਬਰਾਏ ਹੋਏ ਨੇ : ਰਾਹੁਲ

ਨਵੀਂ ਦਿੱਲੀ, ਏਜੰਸੀ

ਲੋਕ ਸਭਾ ’ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਅੱਜ ਦੇਸ਼ ਵਿੱਚ ਐੱਲ ਪੀ ਜੀ ਦੀ ਕਿੱਲਤ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਨਿਸ਼ਾਨੇ ’ਤੇ ਲੈਂਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਜਨਤਾ ਨੂੰ ਨਾ ਘਬਰਾਉਣ ਲਈ ਕਹਿ ਰਹੇ ਹਨ, ਪਰ ਉਹ ਖ਼ੁਦ ‘ਬਿਲਕੁਲ ਵੱਖਰੇ ਕਾਰਨਾਂ’ ਕਰ ਕੇ ਘਬਰਾਏ ਹੋਏ ਹਨ। ਉਨ੍ਹਾਂ ਦੋਸ਼ ਲਾਇਆ ਕਿ ਪ੍ਰਧਾਨ ਮੰਤਰੀ ਅਮਰੀਕਾ ਵਿੱਚ ਐਪਸਟੀਨ ਫਾਈਲਾਂ ਅਤੇ ਅਡਾਨੀ ਕੇਸ ਦੇ ਮੁੱਦੇ ਕਾਰਨ ਡਰੇ ਹੋਏ ਹਨ, ਇਸੇ ਕਰ ਕੇ ਉਹ ਸੰਸਦ ਅੰਦਰ ਨਹੀਂ ਆ ਰਹੇ। ਇਹ ਟਿੱਪਣੀਆਂ ਉਨ੍ਹਾਂ ਪ੍ਰਿਯੰਕਾ ਗਾਂਧੀ ਵਾਡਰਾ ਅਤੇ ਵਿਰੋਧੀ ਧਿਰ ਦੇ ਹੋਰ ਸੰਸਦ ਮੈਂਬਰਾਂ ਨਾਲ ਮਿਲ ਕੇ ਕਮਰਸ਼ੀਅਲ ਗੈਸ ਸਿਲੰਡਰਾਂ ਦੀ ਕਿੱਲਤ ਵਿਰੁੱਧ ਸੰਸਦੀ ਕੰਪਲੈਕਸ ਵਿੱਚ ਕੀਤੇ ਗਏ ਪ੍ਰਦਰਸ਼ਨ ਤੋਂ ਬਾਅਦ ਕੀਤੀਆਂ।

## ਨਿਵੇਸ਼ ਸੰਮੇਲਨ ਪੰਜਾਬੀਆਂ ਦਾ ਨਵਾਂ ਭਵਿੱਖ ਲਿਖੇਗਾ : ਮਾਨ

### ਪੰਜਾਬ ਦੀ ਨਵੀਂ ਉਦਯੋਗਿਕ ਤੇ ਵਪਾਰਕ ਵਿਕਾਸ ਨੀਤੀ ਦਾ ਸਵਾਗਤ

ਐਸ.ਕੇ. ਸਕਸੈਨਾ

ਚੰਡੀਗੜ੍ਹ, ਪੰਜਾਬ ਸਰਕਾਰ ਦਾ ਤਿੰਨ ਰੋਜ਼ਾ ਪ੍ਰਗਤੀਸ਼ੀਲ ਨਿਵੇਸ਼ਕ ਸੰਮੇਲਨ ਅੱਜ ਮੁਹਾਲੀ ਦੀ ਪਲਾਕਸ਼ਾ ਯੂਨੀਵਰਸਿਟੀ ਵਿੱਚ ਆਰੰਭ ਹੋ ਗਿਆ। ਸੰਮੇਲਨ ਦੇ ਪਹਿਲੇ ਦਿਨ ਪੰਜਾਬ ਅਤੇ ਦੇਸ਼-ਵਿਦੇਸ਼ ਤੋਂ ਦਰਜਨਾਂ ਉੱਘੇ ਸਨਅਤਕਾਰ ਤੇ ਨਿਵੇਸ਼ਕ ਸ਼ਾਮਲ ਹੋਏ। ਸਨਅਤਕਾਰਾਂ ਨੇ ਆਪਣੇ ਕਾਰਜਾਂ ਦਾ ਵਿਸਤਾਰ ਕਰ ਕੇ ਪੰਜਾਬ ਵਿੱਚ 10,000 ਕਰੋੜ ਦੇ ਨਿਵੇਸ਼ ਦੀ ਵਚਨਬੱਧਤਾ ਪ੍ਰਗਟਾਈ ਹੈ। ਆਰਸੇਲਰ ਮਿੱਤਲ ਤੋਂ ਲੈ ਕੇ ਜੇ ਐੱਸ ਡਬਲਿਊ ਗਰੁੱਪ ਅਤੇ ਟਾਟਾ ਸਟੀਲਜ਼ ਤੋਂ ਲੈ ਕੇ ਘਰੇਲੂ ਸਮੂਹ ਟ ?ਰਾਈਡੈਂਟ ਗਰੁੱਪ ਤੱਕ, ਬਹੁਤ ਸਾਰੇ ਸਨਅਤੀ ਘਰਾਣਿਆਂ ਨੇ ਪੰਜਾਬ ਦੀ ਨਵੀਂ ਉਦਯੋਗਿਕ ਅਤੇ ਵਪਾਰਕ ਵਿਕਾਸ ਨੀਤੀ ਦਾ ਸਵਾਗਤ ਕੀਤਾ ਹੈ। ਉਦਘਾਟਨੀ ਸਮਾਗਮ ਵਿੱਚ ਆਮ ਆਦਮੀ ਪਾਰਟੀ ਦੇ ਸੁਪਰੀਮੋ



ਅਰਵਿੰਦ ਕੇਜਰੀਵਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦੋਂਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਪ੍ਰਧਾਨਗੀ ਕੀਤੀ। ਇਸ ਮੌਕੇ ਸਨਅਤ ਮੰਤਰੀ ਸੰਜੀਵ ਅਰੋੜਾ, ਮੁੱਖ ਸਕੱਤਰ ਕੇ ਏ ਪੀ ਸਿਨਹਾ ਸਮੇਤ ਵੱਡੀ ਗਿਣਤੀ ਵਿੱਚ ਪ੍ਰਸ਼ਾਸਨਿਕ ਅਧਿਕਾਰੀ ਮੌਜੂਦ ਸਨ। ਪੰਜਾਬ ਦੀਆਂ ਪ੍ਰਮੁੱਖ ਸਨਅਤਾਂ, ਸਿੱਖਿਆ ਅਤੇ ਸਿਹਤ ਸੰਸਥਾਵਾਂ ਵੱਲੋਂ ਆਪਣੀਆਂ ਵਸਤਾਂ ਦੀ ਪ੍ਰਦਰਸ਼ਨੀ ਵੀ ਲਾਈ ਗਈ। ਅਰਵਿੰਦ ਕੇਜਰੀਵਾਲ ਨੇ ਜਿੱਥੇ ਪੰਜਾਬ ਸਰਕਾਰ ਦੀਆਂ ਪਿਛਲੇ ਚਾਰ ਸਾਲਾਂ ਦੀਆਂ ਪ੍ਰਾਪਤੀਆਂ ਗਿਣਾਈਆਂ, ਉੱਥੇ ਅਫ਼ਸੋਸ ਜਤਾਇਆ ਕਿ ਦੇਸ਼ ਦੀ ਆਜ਼ਾਦੀ ਤੋਂ 78 ਸਾਲ ਬਾਅਦ ਵੀ ਭਾਰਤ ਨੂੰ ਚੀਨੀ ਖਿਡੌਣੇ, ਪਲਾਸਟਿਕ ਦੀਆਂ ਵਸਤਾਂ, ਐੱਲ ਈ ਡੀ ਬੱਲਬ, ਤਾਰਾਂ, ਚਾਰਜਰ ਸਮੇਤ ਦਰਜਨਾਂ ਨਿੱਕੀਆਂ-ਨਿੱਕੀਆਂ ਵਸਤਾਂ ਦਰਾਮਦ ਕਰਨੀਆਂ ਪੈਂਦੀਆਂ ਹਨ। ਉਨ੍ਹਾਂ ਕਿਹਾ ਕਿ ਚੀਨ ਨੂੰ ਉਦਯੋਗਿਕ ਖੇਤਰ ਵਿੱਚ ਹਰਾਉਣ ਲਈ ਪੰਜਾਬ ਸਰਕਾਰ ਸਨਅਤਾਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਦੇਣ ਲਈ ਤਿਆਰ ਹੈ। ਸੂਬੇ ਦੀ ‘ਆਪ’ ਸਰਕਾਰ ਨੇ ਚਾਰ ਸਾਲਾਂ ਵਿੱਚ ਹਵਾ ਦਾ ਰੁਖ਼ ਬਦਲ ਦਿੱਤਾ ਹੈ ਅਤੇ ਸਰਕਾਰ ਪੰਜਾਬ ਨੂੰ ਮੁੜ ਪਹਿਲਾਂ ਵਾਲਾ ਦਰਜਾ ਦਿਵਾਉਣ ਲਈ ਵਚਨਬੱਧ ਹੈ। ‘ਆਪ’ ਸੁਪਰੀਮੋ ਨੇ ਕਿਹਾ ਕਿ ਉਨ੍ਹਾਂ ਖ਼ੁਦ ਮੁੱਖ ਮੰਤਰੀ ਨਾਲ ਜਾ ਕੇ ਪੰਜਾਬ ਦੇ ਸਨਅਤਕਾਰਾਂ, ਵਪਾਰੀਆਂ ਨਾਲ ਮਿਲਣੀਆਂ ਕੀਤੀਆਂ ਅਤੇ ਉਨ੍ਹਾਂ ਦੇ ਸੁਝਾਵਾਂ ਅਨੁਸਾਰ ਨਵੀਂ ਸਨਅਤੀ ਨੀਤੀ ਬਣਾਈ।

## ਪੱਛਮੀ ਏਸ਼ੀਆ ਲਈ ਏਅਰ ਇੰਡੀਆ ਨੇ 58 ਉਡਾਣਾਂ ਦਾ ਕੀਤਾ ਐਲਾਨ

### ਜੰਗ ਵਿਚਾਲੇ ਮੁਸਾਫਰਾਂ ਨੂੰ ਮਿਲੇਗੀ ਬਹੁਤ ਵੱਡੀ ਰਾਹਤ


ਨਵੀਂ ਦਿੱਲੀ (ਏਜੰਸੀ)-ਪੱਛਮੀ ਏਸ਼ੀਆ ਵਿੱਚ ਇਜ਼ਰਾਈਲ, ਇਰਾਨਅਤੇ ਅਮਰੀਕਾ ਦਰਮਿਆਨ ਵਧਦੇ ਤਣਾਅ ਦੇ ਵਿਚਕਾਰ, ਏਅਰ ਇੰਡੀਆ ਅਤੇ ਇਸ ਦੀ ਸਹਾਇਕ ਕੰਪਨੀ ਏਅਰ ਇੰਡੀਆ ਐਕਸਪ੍ਰੈਸ ਨੇ ਬੁੱਧਵਾਰ ਨੂੰ ਖੇਤਰ ਲਈ ਕੁੱਲ 58 ਉਡਾਣਾਂ ਚਲਾਉਣ ਦਾ ਐਲਾਨ ਕੀਤਾ ਹੈ। ਹਾਲਾਂਕਿ ਹਵਾਈ ਖੇਤਰ ਦੀਆਂ ਪਾਬੰਦੀਆਂ ਕਾਰਨ ਹਵਾਈ ਸੇਵਾਵਾਂ ਕਾਫੀ ਸਾਵਧਾਨੀ ਨਾਲ ਚਲਾਈਆਂ ਜਾ ਰਹੀਆਂ ਹਨ, ਪਰ ਕੰਪਨੀ ਨੇ ਸਪੱਸ਼ਟ ਕੀਤਾ ਹੈ ਕਿ ਮਸਕਟ ਲਈ ਤੈਅਸ਼ੁਦਾ ਸੇਵਾਵਾਂ ਜਾਰੀ ਰਹਿਣਗੀਆਂ। ਬੁੱਧਵਾਰ ਦੇ ਦਿਨ ਏਅਰ ਇੰਡੀਆ ਜਿੱਦਾ ਲਈ 8 ਉਡਾਣਾਂ ਦਾ ਸੰਚਾਲਨ ਕਰੇਗੀ, ਜਦੋਂਕਿ ਏਅਰ ਇੰਡੀਆ ਐਕਸਪ੍ਰੈਸ ਮਸਕਟ ਲਈ 14 ਉਡਾਣਾਂ ਭਰੇਗੀ। ਇਸ ਵਿੱਚ ਦਿੱਲੀ, ਮੁੰਬਈ, ਹੈਦਰਾਬਾਦ ਅਤੇ ਕੋਜ਼ੀਕੋਡ ਵਰਗੇ ਮੁੱਖ ਸ਼ਹਿਰਾਂ ਤੋਂ ਸਿੱਧੀਆਂ ਉਡਾਣਾਂ ਸ਼ਾਮਲ ਹਨ ਤਾਂ ਜੋ ਮੁਸਾਫਰਾਂ ਨੂੰ ਕੋਈ ਦਿੱਕਤ ਨਾ ਆਵੇ। ਇਨ੍ਹਾਂ ਨਿਯਮਤ ਉਡਾਣਾਂ ਤੋਂ ਇਲਾਵਾ, ਦੋਵੇਂ ਏਅਰਲਾਈਨਾਂ ਸੰਯੁਕਤ ਅਰਬ ਅਮੀਰਾ ਲਈ 36 ਵਿਸ਼ੇਸ਼ ਗੈਰ-ਨਿਯਮਤ ਉਡਾਣਾਂ ਵੀ ਚਲਾਉਣਗੀਆਂ। ਇਹ ਸਾਰੀਆਂ ਉਡਾਣਾਂ ਸਬੰਧਤ ਭਾਰਤੀ ਅਤੇ ਸਥਾਨਕ ਰੈਗੂਲੇਟਰੀ ਅਥਾਰਟੀਆਂ ਦੀ ਇਜਾਜ਼ਤ ਅਤੇ ਸਲੌਟਸ ਦੀ ਉਪਲਬਧਤਾ ’ਤੇ ਨਿਰਭਰ ਕਰਨਗੀਆਂ। ਏਅਰ ਇੰਡੀਆ ਐਕਸਪ੍ਰੈਸ ਵੱਲੋਂ ਦਿੱਲੀ, ਮੁੰਬਈ, ਕੰਨੂਰ, ਤਿਰੂਵਨੰਤਪੁਰਮ ਅਤੇ ਕੋਚੀ ਵਰਗੇ ਸ਼ਹਿਰਾਂ ਤੋਂ ਵੀ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਕੰਪਨੀ ਨੇ ਭਰੋਸਾ ਦਿੱਤਾ ਹੈ ਕਿ ਉਹ ਸੁਰੱਖਿਆ ਦੇ ਸਾਰੇ ਮਾਪਦੰਡਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਅਪਰੇਸ਼ਨ ਜਾਰੀ ਰੱਖੇਗੀ, ਤਾਂ ਅਜਿਹੀ ਸਥਿਤੀ ਦੇ ਬਾਵਜੂਦ ਹਵਾਈ ਸੰਪਰਕ ਬਣਿਆ ਰਹੇ।




## ਸੁਪਰੀਮ ਕੋਰਟ ਨੇ ਕੱਪੜਾ ਵਪਾਰੀ ਨੂੰ ਕਿਹਾ, ‘ਜਾਓ ਜਾ ਕੇ ਸਵੈਟਰ ਵੇਚੋ’

### ਏਆਈ ਨਾਲ ਤਿਆਰ ਕੀਤੀ ਪਟੀਸ਼ਨ ਕੀਤੀ ਖ਼ਾਰਜ

ਨਵੀਂ ਦਿੱਲੀ (ਏਜੰਸੀ)-ਸੁਪਰੀਮ ਕੋਰਟ ਨੇ ਲੁਧਿਆਣਾ ਦੇ ਇੱਕ ਕੱਪੜਾ ਵਪਾਰੀ ਵੱਲੋਂ ਦਾਇਰ ਕੀਤੀ ਪਟੀਸ਼ਨ (PIL) ਨੂੰ ਖਾਰਜ ਕਰਦਿਆਂ ਸਖ਼ਤ ਨਾਰਾਜ਼ਗੀ ਜ਼ਾਹਰ ਕੀਤੀ ਹੈ। ਜਸਟਿਸ ਅਭੈ ਐੱਸ. ਓਕਾ ਅਤੇ ਜਸਟਿਸ ਅਗਸਟੀਨ ਜਾਰਜ ਮਸੀਹ ਦੇ ਬੈਂਚ ਨੇ ਪਾਇਆ ਕਿ ਇਹ ਪਟੀਸ਼ਨ ਕਿਸੇ ਕਾਨੂੰਨੀ ਮਾਹਿਰ ਦੀ ਸਲਾਹ ਨਾਲ ਨਹੀਂ, ਸਗੋਂ ChatGPT ਵਰਗੇ ਆਰਟੀਫੀਸ਼ੀਅਲ ਇੰਟੈਲੀਜੈਂਸ (19) ਟੂਲ ਦੀ ਮਦਦ ਨਾਲ ਤਿਆਰ ਕੀਤੀ ਗਈ ਸੀ। ਅਦਾਲਤ ਨੇ ਇਸ ਪਹੁੰਚ ਨੂੰ ‘ਬੇਤੁਕੀ’ ਕਰਾਰ ਦਿੱਤਾ ਕਿਉਂਕਿ ਪਟੀਸ਼ਨ ਵਿੱਚ ਕੋਈ ਵੀ ਸਾਰਥਕ ਕਾਨੂੰਨੀ ਤਰਕ ਜਾਂ ਤੱਥ ਮੌਜੂਦ ਨਹੀਂ ਸੀ। ਸੁਣਵਾਈ ਦੌਰਾਨ ਬੈਂਚ ਨੇ ਪਟੀਸ਼ਨਕਰਤਾ ਨੂੰ ਫਿਟਕਾਰ ਲਗਾਉਂਦਿਆਂ ਬਹੁਤ ਹੀ ਤਿੱਖੀ ਟਿੱਪਣੀ ਕੀਤੀ। ਅਦਾਲਤ ਨੇ ਕਿਹਾ, “ ਜਾਓ ਅਤੇ ਜਾ ਕੇ ਕੁਝ ਸਵੈਟਰ ਵੇਚੋ ”ਅਤੇ ਅੱਗੇ ਚਿਤਾਵਨੀ ਦਿੱਤੀ ਕਿ ਅਦਾਲਤ ਦਾ ਕੀਮਤੀ ਸਮਾਂ ਅਜਿਹੀਆਂ ਬੇਬੁਨਿਆਦ ਪਟੀਸ਼ਨਾਂ ਨਾਲ ਬਰਬਾਦ ਨਾ ਕੀਤਾ ਜਾਵੇ। ਜੱਜਾਂ ਨੇ ਨੋਟ ਕੀਤਾ ਕਿ 19 ਦੁਆਰਾ ਤਿਆਰ ਕੀਤੀ ਗਈ ਸ਼ਬਦਾਵਲੀ ਪ੍ਰਭਾਵਸ਼ਾਲੀ ਲੱਗ ਸਕਦੀ ਹੈ ਪਰ ਕਾਨੂੰਨੀ ਪ੍ਰਕਿਰਿਆ ਵਿੱਚ ਸਿਰਫ਼ ਸ਼ਬਦਾਂ ਦੀ ਸੁੰਦਰਤਾ ਨਹੀਂ, ਸਗੋਂ ਕਾਨੂੰਨੀ ਆਧਾਰ ਅਤੇ ਸਬੂਤਾਂ ਦੀ ਲੋੜ ਹੁੰਦੀ ਹੈ। ਇਹ ਮਾਮਲਾ ਕਾਨੂੰਨੀ ਖੇਤਰ ਵਿੱਚ ਤਕਨੀਕ ਦੀ ਦੁਰਵਰਤੋਂ ਨੂੰ ਲੈ ਕੇ ਇੱਕ ਵੱਡੀ ਮਿਸਾਲ ਬਣ ਗਿਆ ਹੈ। ਸੁਪਰੀਮ ਕੋਰਟ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਜਨਹਿਤ ਪਟੀਸ਼ਨਾਂ ਵਰਗੇ ਗੰਭੀਰ ਮੁੱਦਿਆਂ ਲਈ 19 ’ਤੇ ਨਿਰਭਰਤਾ ਖ਼ਤਰਨਾਕ ਹੋ ਸਕਦੀ ਹੈ। ਅਦਾਲਤ ਨੇ ਪਟੀਸ਼ਨਕਰਤਾ ਨੂੰ ਭਵਿੱਖ ਵਿੱਚ ਅਜਿਹੇ ਸ਼ਾਰਟਕੱਟ ਨਾ ਅਪਣਾਉਣ ਦੀ ਹਦਾਇਤ ਦਿੱਤੀ ਅਤੇ ਪਟੀਸ਼ਨ ਨੂੰ ਪੂਰੀ ਤਰ੍ਹਾਂ ਖਾਰਜ ਕਰ ਦਿੱਤਾ।



## ਰਮਜ਼ਾਨ ਦੌਰਾਨ ਆਮ ਲੋਕਾਂ ਦੀ ਜਾਨ ਲੈਣ ਵਾਲੇ ਹਮਲੇ ਕਰਦੇ ਸਮੇਂ ਇਸਲਾਮੀ ਇਕਜੁੱਟਤਾ ਦਾ ਸੱਦਾ ਦੇਣਾ ‘ਪਾਖੰਡ’ : ਭਾਰਤ

### ਹਮਲਿਆਂ ਦੀ ਨਿੰਦਾ ਕਰਦਿਆਂ ਇਸ ਨੂੰ ਕੌਮਾਂਤਰੀ ਕਾਨੂੰਨ ਦੀ ਸਪੱਸ਼ਟ ਉਲੰਘਣਾ ਕਰਾਰ ਦਿੱਤਾ

ਸੰਯੁਕਤ ਰਾਸ਼ਟਰ (ਏਜੰਸੀ)-ਭਾਰਤ ਨੇ ਅਫ਼ਗਾਨਿਸਤਾਨ ’ਤੇ ਪਾਕਿਸਤਾਨ ਦੇ ਹਵਾਈ ਹਮਲਿਆਂ ਦੀ ਨਿੰਦਾ ਕਰਦਿਆਂ ਇਸ ਨੂੰ ਕੌਮਾਂਤਰੀ ਕਾਨੂੰਨ ਦੀ ਸਪੱਸ਼ਟ ਉਲੰਘਣਾ ਕਰਾਰ ਦਿੱਤਾ ਅਤੇ ਕਿਹਾ ਹੈ ਕਿ ਰਮਜ਼ਾਨ ਦੌਰਾਨ ਆਮ ਹਮਲਿਆਂ ਦੀ ਸਖ਼ਤ ਨਿੰਦਾ ਕਰਦਾ ਹੈ ਜੋ ਕੌਮਾਂਤਰੀ ਕਾਨੂੰਨ, ਸੰਯੁਕਤ ਰਾਸ਼ਟਰ ਚਾਰਟਰ ਅਤੇ ਦੇਸ਼ ਦੀ ਪ੍ਰਭੂਸੱਤਾ ਦੇ ਸਿਧਾਂਤ ਦੀ ਉਲੰਘਣਾ ਹੈ।” ਉਨ੍ਹਾਂ ਕਿਹਾ, “ਇੱਕ ਪਾਸੇ ਕੌਮਾਂਤਰੀ ਕਾਨੂੰਨ ਤੇ ਇਸਲਾਮੀ ਇਕਜੁੱਟਤਾ ਦੇ ਉੱਚ ਸਿਧਾਂਤਾਂ ਦੀ ਹਮਾਇਤ




ਲੋਕਾਂ ਦੀ ਜਾਨ ਲੈਣ ਵਾਲੇ ਹਮਲੇ ਕਰਦੇ ਸਮੇਂ ਇਸਲਾਮੀ ਇਕਜੁੱਟਤਾ ਦਾ ਸੱਦਾ ਦੇਣਾ ‘ਪਾਖੰਡ’ ਹੈ। ਬੀਤੇ ਦਿਨ ਅਫ਼ਗਾਨਿਸਤਾਨ ਦੀ ਸਥਿਤੀ ਬਾਰੇ ਸੁਰੱਖਿਆ ਕੌਂਸਲ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੰਯੁਕਤ ਰਾਸ਼ਟਰ ’ਚ ਭਾਰਤ ਦੇ ਸਥਾਈ ਨੁਮਾਇੰਦੇ ਹਰੀਸ਼ ਪਰਵਤਨੇਨੀ ਨੇ ਕੌਮਾਂਤਰੀ ਮਨੁੱਖੀ ਕਾਨੂੰਨ ਦੇ ਪਾਲਣ ਤੇ ਆਮ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਸੰਯੁਕਤ ਰਾਸ਼ਟਰ ਜਨਰਲ ਸਕੱਤਰ ਦੇ ਸੱਦੇ ਪ੍ਰਤੀ ਨਵੀਂ ਦਿੱਲੀ ਦੀ ਹਮਾਇਤ ਦੁਹਰਾਈ। ਉਨ੍ਹਾਂ ਕਿਹਾ, “ਭਾਰਤ, ਅਫ਼ਗਾਨਿਸਤਾਨ ਦੀ ਧਰਤੀ ’ਤੇ ਹੋਏ ਹਵਾਈ ਕਰਨਾ ਅਤੇ ਦੂਜੇ ਪਾਸੇ ਰਮਜ਼ਾਨ ਦੇ ਪਵਿੱਤਰ ਮਹੀਨੇ ਦੌਰਾਨ ਬਰਬਰ ਹਵਾਈ ਹਮਲੇ ਕਰਨਾ ਪਾਖੰਡ ਹੈ। ਇਨ੍ਹਾਂ ਹਮਲਿਆਂ ’ਚ ਛੇ ਮਾਰਚ ਤੱਕ 185 ਬੇਕਸੂਰ ਲੋਕ ਮਾਰੇ ਗਏ ਹਨ।” ਅਫ਼ਗਾਨਿਸਤਾਨ ’ਚ ਸੰਯੁਕਤ ਰਾਸ਼ਟਰ ਸਹਾਇਤਾ ਮਿਸ਼ਨ ਅਨੁਸਾਰ ਮਾਰੇ ਗਏ 185 ਲੋਕਾਂ ’ਚੋਂ ਤਕਰੀਬਨ 55 ਫ਼ੀਸਦ ਮਹਿਲਾਵਾਂ ਤੇ ਬੱਚੇ ਹਨ ਅਤੇ ਹਮਲਿਆਂ ਕਾਰਨ ਇੱਕ ਲੱਖ ਤੋਂ ਵੱਧ ਲੋਕ ਬੇਘਰ ਹੋਏ ਹਨ। ਸ੍ਰੀ ਪਰਵਤਨੇਨੀ ਨੇ ਅਫ਼ਗਾਨਿਸਤਾਨ ਨੂੰ ਵਪਾਰ ਲਈ ਰਾਹ ਦੇਣ ਤੋਂ ਇਨਕਾਰ ਕਰਨ ’ਤੇ ਵੀ ਚਿੰਤਾ ਜ਼ਾਹਿਰ ਕੀਤੀ।

## ਗੈਸ ਸਪਲਾਈ ’ਚ ਐੱਲਪੀਜੀ ਉਤਪਾਦਨ ਨੂੰ ਮਿਲੇਗੀ ਤਰਜੀਹ

### ਪੱਛਮੀ ਏਸ਼ੀਆ ’ਚ ਬਣੇ ਸੰਕਟ ਕਾਰਨ ਦਰਾਮਦ ’ਚ ਆਈ ਹੈ ਰੁਕਾਵਟ


ਨਵੀਂ ਦਿੱਲੀ (ਏਜੰਸੀ)-ਅਮਰੀਕਾ-ਇਜ਼ਰਾਈਲ ਨਾਲ ਇਰਾਨ ਦੇ ਟਕਰਾਅ ਕਰ ਕੇ ਪੱਛਮੀ ਏਸ਼ੀਆ ’ਚ ਬਣੇ ਸੰਕਟ ਕਾਰਨ ਦਰਾਮਦ ’ਚ ਆਏ ਅੜਿੱਕਿਆਂ ਦਰਮਿਆਨ ਸਰਕਾਰ ਵੱਲੋਂ ਜਾਰੀ ਨੋਟੀਫਿਕੇਸ਼ਨ ’ਚ ਕਿਹਾ ਗਿਆ ਹੈ ਕਿ ਘਰੇਲੂ ਪੱਧਰ ’ਤੇ ਕੱਢੀ ਜਾ ਰਹੀ ਕੁਦਰਤੀ ਗੈਸ ਦੀ ਸਪਲਾਈ ਹੁਣ ਐੱਲ ਪੀ ਜੀ ਉਤਪਾਦਨ ਵਾਲੀਆਂ ਇਕਾਈਆਂ ਨੂੰ ਪਹਿਲ ਦੇ ਆਧਾਰ ’ਤੇ ਕੀਤੀ ਜਾਵੇਗੀ। ਹੁਣ ਤੱਕ ਸੀ ਐੱਨ ਜੀ (ਕੰਪਰੈਸਡ ਕੁਦਰਤੀ ਗੈਸ) ਅਤੇ ਪਾਈਪ ਲਾਈਨ ਵਾਲੀ ਕੁਕਿੰਗ ਗੈਸ ਦੋ ਤਰਜੀਹੀ ਖੇਤਰ ਸਨ ਜਿਨ੍ਹਾਂ ਨੂੰ ਦੇਸ਼ ਵਿਚ ਪੈਦਾ ਹੋ ਰਹੀ ਕੁਦਰਤੀ ਗੈਸ ਸਪਲਾਈ ਕੀਤੀ ਜਾ ਰਹੀ ਸੀ। ਲੰਘੀ ਦੇਰ ਰਾਤ ਗਜ਼ਟ ਨੋਟੀਫਿਕੇਸ਼ਨ ਜਾਰੀ ਹੋਣ ਤੋਂ ਬਾਅਦ ਐੱਲ ਪੀ ਜੀ ਨੂੰ ਵੀ ਕੁਦਰਤੀ ਗੈਸ ਪ੍ਰਾਪਤ ਕਰਨ ਵਾਲੇ ਤਰਜੀਹੀ ਖੇਤਰਾਂ ਦੀ ਸੂਚੀ ’ਚ ਸ਼ਾਮਲ ਕੀਤਾ ਗਿਆ ਹੈ। ਸੋਧੀ ਹੋਈ ਵੰਡ ਤਹਿਤ ਹੋਰ ਖੇਤਰਾਂ ਨੂੰ ਕੁਦਰਤੀ ਗੈਸ ਸਪਲਾਈ ਕਰਨ ਤੋਂ ਪਹਿਲਾਂ ਐੱਲ ਪੀ ਜੀ, ਸੀ ਐੱਨ ਜੀ ਅਤੇ ‘ਪਾਈਪਡ’ ਗੈਸ ਨਿਰਮਾਤਾਵਾਂ ਦੀਆਂ ਜ਼ਰੂਰਤਾਂ ਨੂੰ ਪਹਿਲ ਦੇ ਆਧਾਰ ’ਤੇ ਪੂਰਾ ਕੀਤਾ ਜਾਵੇਗਾ। ਇਨ੍ਹਾਂ ਨੂੰ ਪਿਛਲੇ ਛੇ ਮਹੀਨਿਆਂ ਦੀ ਔਸਤ ਗੈਸ ਖ਼ਪਤ ਦਾ 100 ਫ਼ੀਸਦ ਕੋਟਾ ਸਪਲਾਈ ਕੀਤਾ ਜਾਵੇਗਾ। ਪੱਛਮੀ ਏਸ਼ੀਆ ’ਚ ਬਣੇ ਊਰਜਾ ਸੰਕਟ ਦਾ ਪਰਛਾਵਾਂ ਭਾਰਤ ਦੇ ਰੈਸਟੋਰੈਂਟ ਸੈਕਟਰ ਉਤੇ ਵੀ ਪੈ ਰਿਹਾ ਹੈ। ਪਕਵਾਨਾਂ ਦੀ ਸੂਚੀ ਤੰਗ ਹੋ ਰਹੀ ਹੈ, ਚੁੱਲ੍ਹੇ ਠੰਢੇ ਪਏ ਹਨ ਤੇ ਬਾਹਰ ਬੈਠ ਕੇ ਖਾਣ ਦਾ ਬਦਲ ਮੁਸ਼ਕਲ ਹੋ ਰਿਹਾ ਹੈ। ਇਸ ਸਭ ਦਾ ਕਾਰਨ ਐਲ ਪੀ ਜੀ ਦੀ ਕਿੱਲਤ ਹੈ। ਸਰਕਾਰ ਨੇ ਵੱਧ ਤੋਂ ਵੱਧ ਤਰਜੀਹ ਘਰਾਂ ਦੀ ਗੈਸ ਸਪਲਾਈ ਨੂੰ ਦਿੱਤੀ ਹੈ, ਜਿਸ ਕਾਰਨ ਹੋਟਲਾਂ ਤੇ ਰੈਸਟੋਰੈਂਟਾਂ ਵਿਚ ਸਪਲਾਈ ਦੀ ਘਾਟ ਪੈਦਾ ਹੋ ਗਈ ਹੈ, ਜਿਹੜੇ ਪ੍ਰਮੁੱਖ ਤੌਰ ’ਤੇ ਕਮਰਸ਼ੀਅਲ ਐਲ ਪੀ ਜੀ ਸਿਲੰਡਰ ਵਰਤਦੇ ਹਨ। ਇਸ ਖੇਤਰ ਨਾਲ ਜੁ5ੜੇ ਵਿਅਕਤੀਆਂ ਦਾ ਕਹਿਣਾ ਹੈ ਕਿ ਰਸੋਈਆਂ ਬੰਦ ਹੋਣ ਕਾਰਨ ਨੌਕਰੀਆਂ ਖੁੱਸ ਸਕਦੀਆਂ ਹਨ। ਇਸ ਤੋਂ ਇਲਾਵਾ ਜ਼ਿਆਦਾਤਰ ਲੋਕ ਜੋ ਬਾਹਰ ਖਾਣਾ ਖਾਂਦੇ ਹਨ, ਆਪਣੇ ਅਗਲੇ ਖਾਣੇ ਦੀ ਉਪਲਬਧਤਾ ਨੂੰ ਲੈ ਕੇ ਚਿੰਤਾ ਵਿਚ ਹਨ। ਜ਼ਿਆਦਾਤਰ ਅਜਿਹੀਆਂ ਥਾਵਾਂ ਅਗਲੇ ਕੁਝ ਦਿਨਾਂ ਵਿਚ ਬੰਦ ਹੋ ਸਕਦੀਆਂ ਹਨ। ਅਜਿਹੇ ਵਿਚ ਘੱਟ ਗੈਸ ਨਾਲ ਪੱਕਣ ਵਾਲੇ ਖਾਣੇ ਪਰੋਸੇ ਜਾ ਰਹੇ ਹਨ, ਜਾਂ ਅਜਿਹੇ ਖਾਣਿਆਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ ਜਿਹੜੇ ਇਲੈਕਟ੍ਰਿਕ ਉਪਕਰਨਾਂ ’ਤੇ ਪੱਕ ਸਕਦੇ ਹਨ। ਦਿੱਲੀ, ਮੁੰਬਈ, ਚੇਨਈ ਤੇ ਕੋਲਕਾਤਾ ਤੋਂ ਰੈਸਟੋਰੈਂਟਾਂ ਵੱਲੋਂ ਅਜਿਹਾ ਬਦਲ ਚੁਣਨ ਦੀਆਂ ਰਿਪੋਰਟਾਂ ਮਿਲ ਰਹੀਆਂ ਹਨ।





## ਨਹੀਂ ਹਟਾਇਆ ਜਾਵੇਗਾ ਕਿਸੇ ਵੀ ਯੋਗ ਵੋਟਰ ਦਾ ਨਾਂ : ਚੋਣ ਕਮਿਸ਼ਨਰ

### ਤੇਜ਼ ਹੋਈਆਂ ਪੱਛਮੀ ਬੰਗਾਲ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ

ਕੋਲਕਾਤਾ (ਏਜੰਸੀ)-ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਕਿਹਾ ਕਿ ਪੱਛਮੀ ਬੰਗਾਲ ’ਚ ਕਿਸੇ ਵੀ ਯੋਗ ਵੋਟਰ ਦਾ ਨਾਂ ਵੋਟਰ ਸੂਚੀ ’ਚੋਂ ਨਹੀਂ ਹਟਾਇਆ ਜਾਵੇਗਾ ਅਤੇ ਉਨ੍ਹਾਂ ਦੀ ਤਰਜੀਹ ਸੂਬੇ ’ਚ ਆਜ਼ਾਦ, ਨਿਰਪੱਖ ਤੇ ਸ਼ਾਂਤਮਈ ਚੋਣਾਂ ਯਕੀਨੀ ਬਣਾਉਣਾ ਹੈ। ਤਣਾਅ ਭਰੇ ਸਿਆਸੀ ਮਾਹੌਲ ਦਰਮਿਆਨ ਕਮਿਸ਼ਨ ਨੇ ਅਗਾਮੀ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ। ਸੂਬੇ ’ਚ ਚੋਣਾਂ ਦੀਆਂ ਤਿਆਰੀਆਂ ਸਬੰਧੀ ਦੋ ਦਿਨ ਤੱਕ ਸਿਆਸੀ ਪਾਰਟੀਆਂ, ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਕਈ ਮੀਟਿੰਗਾਂ ਕਰਨ ਤੋਂ ਬਾਅਦ ਕੋਲਕਾਤਾ ’ਚ ਪੱਤਰਕਾਰ ਸੰਮੇਲਨ ’ਚ ਸ੍ਰੀ ਕੁਮਾਰ ਨੇ ਕਿਹਾ, “ਪੱਛਮੀ ਬੰਗਾਲ ਦੀ ਜਨਤਾ ਦਾ ਹਮੇਸ਼ਾ ‘ਸ਼ਾਂਤਮਈ ਤੇ ਭਾਗੀਦਾਰੀ ਵਾਲੇ ਲੋਕਤੰਤਰ’ ਵਿਚ ਯਕੀਨ ਰਿਹਾ ਹੈ।” ਉਨ੍ਹਾਂ ਕਿਹਾ, “ਸਾਡਾ ਟੀਚਾ ਬੰਗਾਲ ’ਚ ਆਜ਼ਾਦ ਤੇ ਨਿਰਪੱਖ ਚੋਣਾਂ ਅਤੇ ਸ਼ਾਂਤਮਈ ਵੋਟਿੰਗ ਯਕੀਨੀ ਬਣਾਉਣਾ ਹੈ। ਕਿਸੇ ਵੀ ਯੋਗ ਵੋਟਰ ਦਾ ਨਾਂ ਨਹੀਂ ਹਟਾਇਆ ਜਾਵੇਗਾ।” ਵੋਟਰ ਸੂਚੀਆਂ ਵਿੱਚ ਵਿਆਪਕ ਸੁਧਾਈ (ਐੱਸ ਆਈ ਆਰ) ਬਾਰੇ ਉਨ੍ਹਾਂ ਕਿਹਾ ਕਿ ਇਹ ਪ੍ਰਕਿਰਿਆ ਸੰਵਿਧਾਨਕ ਪੈਮਾਨਿਆਂ ਅਨੁਸਾਰ ਪੂਰੇ ਦੇਸ਼ ’ਚ ਚਲਾਈ ਜਾ ਰਹੀ ਹੈ। ਐੱਸ ਆਈ ਆਰ ਸਿਆਸੀ ਤੌਰ ’ਤੇ ਸੰਵੇਦਨਸ਼ੀਲ ਪ੍ਰਕਿਰਿਆ ਹੈ ਅਤੇ ਇਸ ਕਾਰਨ ਤ੍ਰਿਣਮੂਲ ਕਾਂਗਰਸ ਤੇ ਭਾਰਤੀ ਜਨਤਾ ਪਾਰਟੀ ਆਹਮੋ-ਸਾਹਮਣੇ ਹਨ। ਉਨ੍ਹਾਂ ਕਿਹਾ, “ਪੂਰੇ ਭਾਰਤ ’ਚ ਐੱਸ ਆਈ ਆਰ ਪ੍ਰਕਿਰਿਆ ਸੰਵਿਧਾਨਕ ਮਾਪਦੰਡਾਂ ਅਨੁਸਾਰ ਚਲਾਈ ਜਾ ਰਹੀ ਹੈ। ਐੱਸ ਆਈ ਆਰ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਵੋਟਰ ਸੂਚੀ ‘ਨੁਕਸ ਰਹਿਤ’ ਬਣੀ ਰਹੇ।”



## ਫ਼ਾਰੂਕ ਅਬਦੁੱਲਾ ਨੇ ਕੀਤੀ ਇਰਾਨੀ ਰਾਜਦੂਤ ਨਾਲ ਮੁਲਾਕਾਤ



ਜੰਮੂ (ਏਜੰਸੀ)-ਜੰਮੂ ਕਸ਼ਮੀਰ ਦੇ ਸਾਬਕਾ ਮੁੱਖ ਮੰਤਰੀ ਫ਼ਾਰੂਕ ਅਬਦੁੱਲਾ ਨੇ ਇਰਾਨ ਦੇ ਡਿਪਟੀ ਰਾਜਦੂਤ ਮੁਹੰਮਦ ਫ਼ਤਹਾਲੀ ਨਾਲ ਮੁਲਾਕਾਤ ਕੀਤੀ। ਅਬਦੁੱਲਾ ਨੇ ਇਰਾਨ ਦੇ ਸੁਪਰੀਮ ਆਗੂ ਅਲੀ ਖਮੇਨੇਈ ਦੀ ਮੌਤ ਨੂੰ ਲੈ ਕੇ ਆਪਣੀਆਂ ਸੰਵੇਦਨਾਵਾਂ ਜਤਾਈਆਂ। ਅੱਧੇ ਘੰਟੇ ਦੇ ਕਰੀਬ ਚੱਲੀ ਬੈਠਕ ਦੌਰਾਨ ਅਬਦੁੱਲਾ ਨੇ ਆਸ ਜਤਾਈ ਕਿ ਮੱਧ ਪੂਰਬ ਵਿੱਚ ਲੱਗੀ ਜੰਗ ਜਲਦੀ ਖ਼ਤਮ ਹੋ ਜਾਵੇਗੀ ਤੇ ਲੋਕਾਂ ਨੂੰ ਉਨ੍ਹਾਂ ਦੇ ਦੁੱਖ ਤਕਲੀਫਾਂ ਤੋਂ ਨਿਜਾਤ ਮਿਲੇਗੀ। ਇਰਾਨ ਦੇ ਲੋਕਾਂ ਨਾਲ ਇਕਮੁੱਠਤਾ ਜ਼ਾਹਿਰ ਕਰਦਿਆਂ ਬਜ਼ੁਰਗ ਸਿਆਸਤਦਾਨ ਨੇ ਕਿਹਾ ਕਿ ਇਸ ਜੰਗ ਨਾਲ ਨਾ ਸਿਰਫ਼ ਮੱਧ ਪੂਰਬ ਬਲਕਿ ਕੁੱਲ ਆਲਮ ਇਕ ਅਣਕਿਆਸੇ ਸੰਕਟ ’ਚ ਘਿਰ ਗਿਆ ਹੈ। ਸਾਬਕਾ ਕੇਂਦਰੀ ਮੰਤਰੀ ਨੇ ਵਿਜ਼ਿਟਰਜ਼ ਬੁੱਕ ਵਿੱਚ ਲਿਖਿਆ, “ਮੇਰੀਆਂ ਦੁਆਵਾਂ ਤੇ ਇਕਜੁੱਟਤਾ ਇਰਾਨ ਦੇ ਲੋਕਾਂ ਨਾਲ ਹੈ।”

ਪੜ੍ਹੋ ਭਾਰਤ ਦੀ ਹਰ ਖ਼ਬਰ ਸੱਚ ਦੇ ਨਾਲ
ਸਭ ਤੋਂ ਫਾਸਟ ਆਹਮੋ-ਸਾਹਮਣੇ
SABSE FAST AAMNE SAAMNE

ਪੰਜਾਬ ਖ਼ਬਰਨਾਮਾ

8-14 March 2026



# ਭਗਵੰਤ ਮਾਨ ਸਰਕਾਰ ਵੱਲੋਂ ਜਨਤਕ ਸਿਹਤ ਸੰਭਾਲ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਲਈ 672 ਸਟਾਫ਼ ਨਰਸਾਂ ਦੀ ਭਰਤੀ ਦਾ ਐਲਾਨ

## ਪ੍ਰਾਇਮਰੀ ਅਤੇ ਸੈਕੰਡਰੀ ਸਿਹਤ ਸੰਭਾਲ ਨੂੰ ਮਜ਼ਬੂਤ ਕਰਨ ਲਈ ਵੱਡੇ ਯਤਨਾਂ ਦੇ ਹਿੱਸੇ ਵਜੋਂ 672 ਸਟਾਫ਼ ਨਰਸਾਂ ਦੀ ਕੀਤੀ ਜਾਵੇਗੀ ਭਰਤੀ

ਐਸ. ਕੇ. ਸਕਸੈਨਾ

ਚੰਡੀਗੜ੍ਹ, ਜਨਤਕ ਸਿਹਤ ਸੰਭਾਲ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਵੱਡਾ ਕਦਮ ਚੁੱਕਦਿਆਂ ਭਗਵੰਤ ਮਾਨ ਸਰਕਾਰ ਨੇ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਬਿਹਤਰ ਸੇਵਾਵਾਂ ਮੁਹੱਈਆ ਕਰਨ ਲਈ 672 ਸਟਾਫ਼ ਨਰਸਾਂ ਦੀ ਭਰਤੀ ਲਈ ਇਸ਼ਤਿਹਾਰ ਜਾਰੀ ਕੀਤਾ ਹੈ। ਭਰਤੀ ਸਬੰਧੀ ਇਹ ਇਸ਼ਤਿਹਾਰ ਪ੍ਰਮੁੱਖ ਅਖ਼ਬਾਰਾਂ ਵਿੱਚ ਪ੍ਰਕਾਸ਼ਿਤ ਕੀਤਾ ਗਿਆ ਹੈ, ਜਿਸ ਵਿੱਚ ਯੋਗ ਉਮੀਦਵਾਰਾਂ ਨੂੰ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼, ਫਰੀਦਕੋਟ ਦੇ ਅਧਿਕਾਰਤ ਆਨਲਾਈਨ ਪੋਰਟਲ ਰਾਹੀਂ ਅਰਜ਼ੀ ਦੇਣੀ ਹੋਵੇਗੀ। ਇਹ ਆਨਲਾਈਨ ਅਰਜ਼ੀ ਪੋਰਟਲ 13 ਮਾਰਚ 2026 ਤੋਂ 02 ਅਪ੍ਰੈਲ 2026 ਤੱਕ ਖੁੱਲ੍ਹਾ ਰਹੇਗਾ। ਇਹਨਾਂ ਅਸਾਮੀਆਂ ਲਈ ਉਮੀਦਵਾਰ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਅਧੀਨ ਆਪਣੀਆਂ ਅਰਜ਼ੀਆਂ ਯੂਨੀਵਰਸਿਟੀ ਦੀ ਅਧਿਕਾਰਤ ਵੈੱਬਸਾਈਟ ਰਾਹੀਂ ਜਮ ?ਹਾਂ ਕਰਵਾ ਸਕਦੇ ਹਨ। ਇਹ ਭਰਤੀ ਪਹਿਲਾਂ ਮਨਜ਼ੂਰ ਕੀਤੀਆਂ ਗਈਆਂ 406 ਸਟਾਫ ਨਰਸ ਅਸਾਮੀਆਂ, ਜਿਨ੍ਹਾਂ ਵਿੱਚੋਂ 275 ਅਸਾਮੀਆਂ ਲਈ ਅਪੁਆਇੰਟਮੈਂਟ ਆਰਡਰਜ਼ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਹਨ, ਤੋਂ ਵੱਖਰੀ ਹੈ। ਨਿਯੁਕਤ ਕੀਤੀਆਂ ਗਈਆਂ ਇਨ੍ਹਾਂ ਨਰਸਾਂ ਨੂੰ ਪੰਜਾਬ ਭਰ ਦੇ ਵੱਖ-ਵੱਖ ਸਬ ਡਿਵੀਜ਼ਨਲ ਹਸਪਤਾਲਾਂ ਅਤੇ ਜ਼ਿਲ੍ਹਾ ਹਸਪਤਾਲਾਂ ਵਿੱਚ ਤਾਇਨਾਤ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਇਸ ਸਾਲ ਜਨਵਰੀ ਵਿੱਚ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਰਤੀ ਕੀਤੀਆਂ ਨਵੀਆਂ 282 ਨਰਸਾਂ ਨੂੰ ਨਿਯੁਕਤੀ ਪੱਤਰ ਸੌਂਪੇ ਸਨ। ਇਹ ਕਦਮ ਸਿਹਤ ਸੰਭਾਲ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਲਈ ਜਨਤਕ ਸਿਹਤ ਖੇਤਰ ਵਿੱਚ ਸੁਚੱਜੇ ਪ੍ਰਸ਼ਾਸਨ ਅਤੇ ਸਮੇਂ ਸਿਰ ਭਰਤੀ 'ਤੇ ਧਿਆਨ ਕੇਂਦਰਿਤ ਕਰਨ ਦੇ ਨਾਲ-ਨਾਲ ਪੰਜਾਬ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦਾ ਹੈ। ਦੱਸਣਯੋਗ ਹੈ ਕਿ 672 ਨਰਸਾਂ ਦੀ ਭਰਤੀ ਨਰਸਿੰਗ ਵਰਕਫੋਰਸ, ਖਾਸ ਕਰਕੇ ਪ੍ਰਾਇਮਰੀ ਅਤੇ ਸੈਕੰਡਰੀ ਸਿਹਤ ਸੰਭਾਲ ਪੱਧਰਾਂ 'ਤੇ, ਨੂੰ ਹੋਰ ਮਜ਼ਬੂਤ ਕਰੇਗੀ। ਇਸ ਕਦਮ ਨਾਲ ਮਰੀਜ਼ਾਂ ਦੀ ਦੇਖਭਾਲ ਵਿੱਚ ਸੁਧਾਰ ਹੋਣ ਅਤੇ ਸਰਕਾਰੀ ਹਸਪਤਾਲਾਂ ਵਿੱਚ ਕੰਮ ਦੇ ਬੋਝ ਨੂੰ ਘਟਾਉਣ ਵਿੱਚ ਸਹਾਇਤਾ ਮਿਲੇਗੀ। ਸਿਹਤ ਸੰਭਾਲ ਵਰਕਫੋਰਸ ਨੂੰ ਮਜ਼ਬੂਤ ਕਰਨ ਲਈ ਸਰਕਾਰ ਦੀ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਸੂਬੇ ਭਰ ਵਿੱਚ ਸਿਹਤ ਸੰਭਾਲ ਬੁਨਿਆਦੀ ਢਾਂਚੇ ਅਤੇ



ਵਰਕਫੋਰਸ ਨੂੰ ਹੋਰ ਮਜ਼ਬੂਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰੀ ਹਸਪਤਾਲਾਂ ਵਿੱਚ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਲਈ ਪਹਿਲਾਂ ਹੀ ਡਾਕਟਰਾਂ, ਮਾਹਿਰਾਂ ਅਤੇ ਪੈਰਾ ਮੈਡੀਕਲ ਸਟਾਫ਼ ਦੀ ਭਰਤੀ ਕੀਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਆਪਣੇ ਸਿਹਤ ਸੰਭਾਲ ਵਰਕਫੋਰਸ ਨੂੰ ਹੋਰ ਮਜ਼ਬੂਤ ਕਰਨ ਅਤੇ ਮਰੀਜ਼ਾਂ ਦੀ ਦੇਖਭਾਲ ਨੂੰ ਯਕੀਨੀ ਬਣਾਉਣ ਲਈ ਅਸੀਂ ਹੁਣ 672 ਵਾਧੂ ਸਟਾਫ ਨਰਸਾਂ ਦੀ ਭਰਤੀ ਕਰ ਰਹੇ ਹਾਂ। ਇਹ ਕਦਮ ਪ੍ਰਾਇਮਰੀ ਅਤੇ ਸੈਕੰਡਰੀ ਸਿਹਤ ਸੰਭਾਲ ਸੇਵਾਵਾਂ ਨੂੰ ਮਜ਼ਬੂਤੀ ਪ੍ਰਦਾਨ ਕਰਨ ਦੇ ਨਾਲ-ਨਾਲ ਪੰਜਾਬ ਦੇ ਲੋਕਾਂ ਲਈ ਬਿਹਤਰ ਗੁਣਵੱਤਾ ਵਾਲਾ ਇਲਾਜ ਯਕੀਨੀ ਬਣਾਏਗਾ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ ਸਿਹਤ ਸੰਭਾਲ ਸਟਾਫ਼ ਅਤੇ ਬੁਨਿਆਦੀ ਢਾਂਚੇ ਦਾ ਲਗਾਤਾਰ ਵਿਸਥਾਰ ਕੀਤਾ ਹੈ। ਹਾਲ ਹੀ ਦੇ ਸਾਲਾਂ ਵਿੱਚ 1500 ਤੋਂ ਵੱਧ ਡਾਕਟਰਾਂ ਦੀ ਨਿਯੁਕਤੀ ਕੀਤੀ ਗਈ ਹੈ, ਜਿਨ੍ਹਾਂ ਵਿੱਚ 600 ਤੋਂ ਵੱਧ ਮਾਹਰ ਅਤੇ 948 ਜਨਰਲ ਡਾਕਟਰ ਸ਼ਾਮਲ ਹਨ। ਇਹ ਨਿਯੁਕਤੀਆਂ ਪੰਜਾਬ ਵਿੱਚ ਮੌਜੂਦਾ ਸਮੇਂ ਸੇਵਾ ਨਿਭਾ ਰਹੇ ਕੁੱਲ ਡਾਕਟਰਾਂ ਦਾ ਲਗਭਗ 35 ਫ਼ੀਸਦ ਹੈ ਅਤੇ ਇਨ੍ਹਾਂ ਨੇ ਪੰਜਾਬ ਭਰ ਵਿੱਚ ਡਾਕਟਰੀ ਸੇਵਾਵਾਂ ਨੂੰ ਕਾਫ਼ੀ ਮਜ਼ਬੂਤ ਕੀਤਾ ਹੈ। ਪੰਜਾਬ ਸਰਕਾਰ ਨੇ ਆਮ ਆਦਮੀ ਕਲੀਨਿਕਾਂ ਦੇ ਨੈੱਟਵਰਕ ਦਾ ਵਿਸਥਾਰ ਕਰਨ ਦੇ ਨਾਲ-ਨਾਲ ਸੈਕੰਡਰੀ ਸਿਹਤ ਸੰਭਾਲ ਸਹੂਲਤਾਂ ਨੂੰ ਮਜ਼ਬੂਤ ਕਰਨ 'ਤੇ ਵੀ ਧਿਆਨ ਕੇਂਦਰਿਤ ਕੀਤਾ ਹੈ ਤਾਂ ਜੋ ਮਿਆਰੀ ਪ੍ਰਾਇਮਰੀ ਸਿਹਤ ਸੰਭਾਲ ਸੇਵਾਵਾਂ ਨੂੰ ਹਰੇਕ ਨਿਵਾਸੀ ਤੱਕ ਪਹੁੰਚਾਇਆ ਜਾ ਸਕੇ। ਇਸ ਤੋਂ ਇਲਾਵਾ ਸਿਹਤ ਸਹੂਲਤਾਂ ਵਿੱਚ 300 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਨਾਲ ਮੁਫ਼ਤ ਦਵਾਈਆਂ ਅਤੇ ਆਧੁਨਿਕ ਡਾਕਟਰੀ ਉਪਕਰਣਾਂ ਦੀ ਉਪਲਬਧਤਾ ਵਧਾਈ ਗਈ ਹੈ, ਜਿਸ ਨਾਲ ਮਰੀਜ਼ਾਂ ਦੀ ਦੇਖਭਾਲ ਅਤੇ ਇਲਾਜ ਦੇ ਨਤੀਜਿਆਂ ਨੂੰ ਹੋਰ ਬਿਹਤਰ ਬਣਾਇਆ ਜਾ ਸਕਿਆ ਹੈ। ਪੰਜਾਬ ਭਰ ਦੇ ਪਰਿਵਾਰਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪ੍ਰਤੀ ਪਰਿਵਾਰ ਪ੍ਰਤੀ ਸਾਲ 10 ਲੱਖ ਰੁਪਏ ਤੱਕ ਦੇ ਸਿਹਤ ਕਵਰੇਜ ਰਾਹੀਂ ਵਿੱਤੀ ਸੁਰੱਖਿਆ ਵੀ ਦਿੱਤੀ ਜਾ ਰਹੀ ਹੈ, ਜਿਸ ਨਾਲ ਸੂਬੇ ਦੇ ਨਾਗਰਿਕਾਂ ਲਈ ਬਿਨਾਂ ਕਿਸੇ ਵਿੱਤੀ ਬੋਝ ਦੇ ਗੁਣਵੱਤਾ ਵਾਲੀ ਸਿਹਤ ਸੰਭਾਲ ਤੱਕ ਪਹੁੰਚ ਯਕੀਨੀ ਬਣਾਈ ਜਾ ਰਹੀ ਹੈ। ਸਟਾਫ਼ ਨਰਸਾਂ ਵਿੱਚ 672 ਹੋਰ ਨਰਸਾਂ ਦੇ ਵਾਧੇ ਨਾਲ ਪੰਜਾਬ ਭਰ ਵਿੱਚ ਸਿਹਤ ਸੰਭਾਲ ਸੇਵਾਵਾਂ ਨੂੰ ਮਹੱਤਵਪੂਰਨ ਤੌਰ 'ਤੇ ਮਜ਼ਬੂਤੀ ਮਿਲੇਗੀ। ਇਹ ਭਰਤੀ ਪ੍ਰਾਇਮਰੀ ਅਤੇ ਸੈਕੰਡਰੀ ਸਿਹਤ ਸੰਭਾਲ ਸਹੂਲਤਾਂ ਵਿਖੇ ਮਰੀਜ਼ਾਂ ਦੀ ਦੇਖਭਾਲ ਨੂੰ ਹੋਰ ਬਿਹਤਰ ਬਣਾਉਣ, ਸਰਕਾਰੀ ਹਸਪਤਾਲਾਂ ਵਿੱਚ ਵੱਧ ਰਹੇ ਓਪੀਡੀ ਅਤੇ ਆਈਪੀਡੀ ਲੋਡ ਨੂੰ ਸਮਰਥਨ ਦੇਣ, ਜੱਚਾ ਅਤੇ ਬੱਚਾ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਅਤੇ ਕੌਮੀ ਤੇ ਪੰਜਾਬ ਸਰਕਾਰ ਦੇ ਸਿਹਤ ਪ੍ਰੋਗਰਾਮਾਂ ਦੇ ਲਾਗੂਕਰਨ ਵਿੱਚ ਸਹਾਈ ਸਿੱਧ ਹੋਵੇਗੀ। ਇਹ ਪਹਿਲ ਤੀਜੇ ਦਰਜੇ ਦੇ ਦੇਖਭਾਲ ਹਸਪਤਾਲਾਂ 'ਤੇ ਰੈਫਰਲ ਬੋਝ ਨੂੰ ਘਟਾਉਣ ਅਤੇ ਕਮਿਊਨਿਟੀ ਪੱਧਰ 'ਤੇ ਬਿਹਤਰ ਨਿਰੰਤਰ ਦੇਖਭਾਲ ਅਤੇ ਗੁਣਵੱਤਾ ਨੂੰ ਯਕੀਨੀ ਬਣਾਉਣ ਵਿੱਚ ਵੀ ਮਦਦਗਾਰ ਹੋਵੇਗੀ। ਇਹ ਭਰਤੀ ਮੁਹਿੰਮ ਪੰਜਾਬ ਸਰਕਾਰ ਦੀ ਇੱਕ ਮਜ਼ਬੂਤ, ਪਹੁੰਚਯੋਗ ਅਤੇ ਮਰੀਜ਼-ਕੇਂਦ੍ਰਿਤ ਸਿਹਤ ਸੰਭਾਲ ਪ੍ਰਣਾਲੀ ਪ੍ਰਤੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦੀ ਹੈ। ਨਰਸਿੰਗ ਕਾਡਰ ਦਾ ਵਿਸਥਾਰ ਅਤੇ ਮਾਹਰ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਕੇ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਲਈ ਵਿਆਪਕ ਸਿਹਤ ਸੰਭਾਲ ਸੁਧਾਰਾਂ ਨੂੰ ਯਕੀਨੀ ਬਣਾ ਰਹੀ ਹੈ।

# ਸੰਪਾਦਕੀ

## ਸੰਵਿਧਾਨਕ ਮਾਣ-ਸਨਮਾਨ

ਗੋਂਡੀਆ - ਵਿਸ਼ਵ ਪੱਧਰ 'ਤੇ, ਪੱਛਮੀ ਬੰਗਾਲ ਦੀ ਰਾਜਨੀਤੀ ਇੱਕ ਅਜਿਹੇ ਮੋੜ 'ਤੇ ਜਾਪਦੀ ਹੈ ਜਿੱਥੇ ਸੰਵਿਧਾਨਕ ਨਿਯਮਾਂ, ਪ੍ਰੋਟੋਕੋਲ, ਰਾਜਨੀਤੀ ਅਤੇ ਚੋਣ ਰਣਨੀਤੀਆਂ ਟਕਰਾਉਂਦੀਆਂ ਹਨ। 2026 ਦੀਆਂ ਵਿਧਾਨ ਸਭਾ ਚੋਣਾਂ ਦੀ ਉਲਟੀ ਗਿਣਤੀ ਸ਼ੁਰੂ ਹੋ ਗਈ ਹੈ, ਅਤੇ ਰਾਸ਼ਟਰਪਤੀ ਦੀ ਉੱਤਰੀ ਬੰਗਾਲ ਫੇਰੀ ਦੇ ਆਲੇ ਦੁਆਲੇ ਵਿਵਾਦ ਰਾਸ਼ਟਰੀ ਬਹਿਸ ਦਾ ਵਿਸ਼ਾ ਬਣ ਗਿਆ ਹੈ। ਇਸ ਵਿਵਾਦ ਦੇ ਕੇਂਦਰ ਵਿੱਚ ਪੱਛਮੀ ਬੰਗਾਲ ਦੇ ਮੁੱਖ ਮੰਤਰੀ ਅਤੇ ਭਾਰਤੀ ਪ੍ਰਧਾਨ ਮੰਤਰੀ ਵਿਚਕਾਰ ਇੱਕ ਰਾਜਨੀਤਿਕ ਟਕਰਾਅ ਹੈ। ਇੱਕ ਪਾਸੇ, ਕੇਂਦਰ ਸਰਕਾਰ ਅਤੇ ਸੱਤਾਧਾਰੀ ਪਾਰਟੀ ਇਸਨੂੰ ਰਾਸ਼ਟਰਪਤੀ ਦੇ ਅਹੁਦੇ ਦੀ ਸ਼ਾਨ ਅਤੇ ਸੰਵਿਧਾਨ ਦੇ ਸਤਿਕਾਰ ਨਾਲ ਜੋੜ ਰਹੀ ਹੈ, ਜਦੋਂ ਕਿ ਦੂਜੇ ਪਾਸੇ, ਪੱਛਮੀ ਬੰਗਾਲ ਦੀ ਮੁੱਖ ਮੰਤਰੀ ਇਸਨੂੰ



ਚੋਣਾਂ ਤੋਂ ਪਹਿਲਾਂ ਦੀ ਰਾਜਨੀਤਿਕ ਰਣਨੀਤੀ ਅਤੇ ਕੇਂਦਰ ਸਰਕਾਰ ਵੱਲੋਂ ਰਾਜ ਸਰਕਾਰ ਨੂੰ ਘੇਰਨ ਦੀ ਕੋਸ਼ਿਸ਼ ਦੱਸ ਰਹੀ ਹੈ। ਮੇਰਾ ਮੰਨਣਾ ਹੈ ਕਿ ਇਹ ਵਿਵਾਦ ਸਿਰਫ਼ ਪ੍ਰੋਟੋਕੋਲ ਜਾਂ ਰਸਮੀ ਕਾਰਵਾਈਆਂ ਤੱਕ ਸੀਮਤ ਨਹੀਂ ਹੈ; ਇਹ ਕੇਂਦਰ-ਰਾਜ ਸਬੰਧਾਂ, ਸੰਵਿਧਾਨਕ ਨਿਯਮਾਂ ਅਤੇ ਚੋਣ ਰਾਜਨੀਤੀ ਦੀਆਂ ਗੁੰਝਲਾਂ ਨੂੰ ਵੀ ਉਜਾਗਰ ਕਰ ਰਿਹਾ ਹੈ। ਲੋਕਤੰਤਰ ਵਿੱਚ, ਪ੍ਰੋਟੋਕੋਲ ਸਿਰਫ਼ ਰਸਮੀ ਨਿਯਮ ਨਹੀਂ ਹਨ; ਇਹ ਸੰਸਥਾਵਾਂ ਦੀ ਸ਼ਾਨ ਅਤੇ ਵਿਵਸਥਾ ਨੂੰ ਬਣਾਈ ਰੱਖਣ ਦਾ ਇੱਕ ਸਾਧਨ ਹਨ। ਰਾਸ਼ਟਰਪਤੀ, ਪ੍ਰਧਾਨ ਮੰਤਰੀ ਅਤੇ ਹੋਰ ਸੰਵਿਧਾਨਕ ਅਹੁਦਿਆਂ ਲਈ ਨਿਰਧਾਰਤ ਪ੍ਰੋਟੋਕੋਲ ਸ਼ਾਸਨ ਪ੍ਰਣਾਲੀ ਵਿੱਚ ਅਨੁਸ਼ਾਸਨ ਅਤੇ ਸਤਿਕਾਰ ਬਣਾਈ ਰੱਖਣ ਲਈ ਤਿਆਰ ਕੀਤੇ ਗਏ ਹਨ। ਇਹਨਾਂ ਪ੍ਰੋਟੋਕੋਲਾਂ ਦੀ ਪਾਲਣਾ ਕਰਨ ਵਿੱਚ ਅਸਫਲਤਾ ਸੰਸਥਾਗਤ ਅਸੰਤੁਲਨ ਪੈਦਾ ਕਰ ਸਕਦੀ ਹੈ। ਆਉਣ ਵਾਲੇ ਮਹੀਨਿਆਂ ਵਿੱਚ ਪੱਛਮੀ ਬੰਗਾਲ ਵਿਧਾਨ ਸਭਾ ਚੋਣਾਂ ਦਾ ਐਲਾਨ ਹੋਣ ਦੀ ਸੰਭਾਵਨਾ ਹੈ। ਅਜਿਹੇ ਹਾਲਾਤ ਵਿੱਚ, ਇਹ ਵਿਵਾਦ ਇੱਕ ਵੱਡਾ ਚੋਣ ਮੁਹਿੰਮ ਮੁੱਦਾ ਬਣ ਸਕਦਾ ਹੈ। ਸੱਤਾਧਾਰੀ ਪਾਰਟੀ ਇਸਨੂੰ ਸੰਵਿਧਾਨਕ ਸਨਮਾਨ ਅਤੇ ਆਦਿਵਾਸੀ ਸਵੈਮਾਣ ਦੇ ਮੁੱਦੇ ਵਜੋਂ ਪੇਸ਼ ਕਰ ਸਕਦੀ ਹੈ, ਜਦੋਂ ਕਿ ਪੱਛਮੀ ਬੰਗਾਲ ਵਿੱਚ ਸੱਤਾਧਾਰੀ ਪਾਰਟੀ ਇਸਨੂੰ ਕੇਂਦਰ ਸਰਕਾਰ ਦੁਆਰਾ ਇੱਕ ਰਾਜਨੀਤਿਕ ਸਾਜ਼ਿਸ਼ ਵਜੋਂ ਦਰਸਾ ਕੇ ਆਪਣੇ ਸਮਰਥਕਾਂ ਨੂੰ ਲਾਮਬੰਦ ਕਰਨ ਦੀ ਕੋਸ਼ਿਸ਼ ਕਰੇਗੀ। ਇਸ ਪੂਰੇ ਵਿਵਾਦ ਵਿੱਚ ਮੀਡੀਆ ਨੇ ਵੀ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਵੱਖ-ਵੱਖ ਨਿਊਜ਼ ਮੀਡੀਆ ਅਤੇ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਇੱਕ ਗਰਮਾ-ਗਰਮ ਬਹਿਸ ਛਿੜ ਗਈ ਹੈ, ਕੁਝ ਇਸਨੂੰ ਰਾਸ਼ਟਰਪਤੀ ਦਾ ਅਪਮਾਨ ਮੰਨ ਰਹੇ ਹਨ, ਜਦੋਂ ਕਿ ਕੁਝ ਇਸਨੂੰ ਇੱਕ ਰਾਜਨੀਤਿਕ ਵਿਵਾਦ ਕਹਿ ਰਹੇ ਹਨ। ਲੋਕਤੰਤਰ ਵਿੱਚ, ਮੀਡੀਆ ਜਨਤਕ ਰਾਏ ਨੂੰ ਪ੍ਰਭਾਵਿਤ ਕਰਨ ਲਈ ਇੱਕ ਮਹੱਤਵਪੂਰਨ ਮਾਧਿਅਮ ਹੈ, ਅਤੇ ਅਜਿਹੇ ਮਾਮਲਿਆਂ ਵਿੱਚ ਇਸਦੀ ਭੂਮਿਕਾ ਹੋਰ ਵੀ ਮਹੱਤਵਪੂਰਨ ਹੋ ਜਾਂਦੀ ਹੈ। ਦੋਸਤੋ ਜੇਕਰ ਅਸੀਂ ਰਾਸ਼ਟਰਪਤੀ ਦੇ ਉੱਤਰੀ ਬੰਗਾਲ ਦੇ ਦੌਰੇ ਅਤੇ ਵਿਵਾਦ ਦੀ ਉਤਪਤੀ 'ਤੇ ਵਿਚਾਰ ਕਰੀਏ, ਤਾਂ ਇਹ ਸਾਰਾ ਵਿਵਾਦ ਉਦੋਂ ਸ਼ੁਰੂ ਹੋਇਆ ਜਦੋਂ ਮਾਣਯੋਗ ਰਾਸ਼ਟਰਪਤੀ 9ਵੇਂ ਅੰਤਰਰਾਸ਼ਟਰੀ ਸੰਥਲ ਸੰਮੇਲਨ ਵਿੱਚ ਮੁੱਖ ਮਹਿਮਾਨ ਵਜੋਂ ਪੱਛਮੀ ਬੰਗਾਲ ਦੇ ਸਿਲੀਗੁੜੀ ਪਹੁੰਚੇ। ਇਹ ਸਮਾਗਮ ਇੱਕ ਨਿੱਜੀ ਸੰਗਠਨ, ਅੰਤਰਰਾਸ਼ਟਰੀ ਸੰਥਲ ਕੌਂਸਲ ਦੁਆਰਾ ਆਯੋਜਿਤ ਕੀਤਾ ਗਿਆ ਸੀ। ਅਸਲ ਵਿੱਚ, ਕਾਨਫਰੰਸ ਦਾਰਜੀਲਿੰਗ ਜ਼ਿਲ੍ਹੇ ਦੇ ਵਿਧਾਨਨਗਰ ਖੇਤਰ ਵਿੱਚ ਆਯੋਜਿਤ ਕਰਨ ਦੀ ਯੋਜਨਾ ਬਣਾਈ ਗਈ ਸੀ, ਜਿੱਥੇ ਵੱਡੀ ਗਿਣਤੀ ਵਿੱਚ ਸੰਥਲ ਆਦਿਵਾਸੀ ਭਾਈਚਾਰੇ ਦੇ ਲੋਕਾਂ ਦੇ ਸ਼ਾਮਲ ਹੋਣ ਦੀ ਉਮੀਦ ਸੀ। ਹਾਲਾਂਕਿ, ਸੁਰੱਖਿਆ, ਭੀੜ ਪ੍ਰਬੰਧਨ ਅਤੇ ਹੋਰ ਪ੍ਰਸ਼ਾਸਕੀ ਕਾਰਨਾਂ ਦਾ ਹਵਾਲਾ ਦਿੰਦੇ ਹੋਏ, ਬਾਅਦ ਵਿੱਚ ਸਥਾਨ ਨੂੰ ਬਾਗਡੋਗਰਾ ਹਵਾਈ ਅੱਡੇ ਦੇ ਨੇੜੇ ਗੋਸ਼ਾਈਪੁਰ ਵਿੱਚ ਬਦਲ ਦਿੱਤਾ ਗਿਆ। ਰਾਸ਼ਟਰਪਤੀ ਨੇ ਖੁਦ ਇਸ ਤਬਦੀਲੀ ਨਾਲ ਅਸੰਤੁਸ਼ਟੀ ਪ੍ਰਗਟ ਕੀਤੀ, ਇਹ ਕਹਿੰਦੇ ਹੋਏ ਕਿ ਨਵਾਂ ਸਥਾਨ ਬਹੁਤ ਛੋਟਾ ਸੀ, ਜਿਸ ਕਾਰਨ ਹਜ਼ਾਰਾਂ ਸੰਥਾਲ ਇਸ ਸਮਾਗਮ ਵਿੱਚ ਸ਼ਾਮਲ ਨਹੀਂ ਹੋ ਸਕੇ। ਇਹ ਨਾਰਾਜ਼ਗੀ ਹੌਲੀ-ਹੌਲੀ ਇੱਕ ਰਾਜਨੀਤਿਕ ਵਿਵਾਦ ਵਿੱਚ ਬਦਲ ਗਈ। ਦੋਸਤੋ ਸਾਥੀਓ, ਪ੍ਰੋਟੋਕੋਲ ਦੇ ਮੁੱਦੇ ਅਤੇ ਰਾਸ਼ਟਰਪਤੀ ਦੀ ਨਾਰਾਜ਼ਗੀ ਬਾਰੇ, ਰਾਸ਼ਟਰਪਤੀ ਨੇ ਆਪਣੇ ਭਾਸ਼ਣ ਵਿੱਚ ਹੈਰਾਨੀ ਪ੍ਰਗਟ ਕੀਤੀ ਕਿ ਨਾ ਤਾਂ ਮੁੱਖ ਮੰਤਰੀ ਅਤੇ ਨਾ ਹੀ ਰਾਜ ਸਰਕਾਰ ਦਾ ਕੋਈ ਸੀਨੀਅਰ ਮੰਤਰੀ ਉਨ੍ਹਾਂ ਦਾ ਸਵਾਗਤ ਕਰਨ ਲਈ ਮੌਜੂਦ ਸੀ। ਉਨ੍ਹਾਂ ਇਹ ਵੀ ਕਿਹਾ ਕਿ ਉਨ੍ਹਾਂ ਨੂੰ ਨਿੱਜੀ ਤੌਰ 'ਤੇ ਇਸ 'ਤੇ ਕੋਈ ਇਤਰਾਜ਼ ਨਹੀਂ ਹੈ, ਪਰ ਰਾਸ਼ਟਰਪਤੀ ਦੇ ਅਹੁਦੇ ਲਈ ਨਿਰਧਾਰਤ ਪ੍ਰੋਟੋਕੋਲ ਦੀ ਪਾਲਣਾ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਮੁੱਖ ਮੰਤਰੀ ਨੂੰ ਆਪਣੀ ਛੋਟੀ ਭੈਣ ਵਜੋਂ ਵੀ ਦਰਸਾਇਆ ਅਤੇ ਸਵਾਲ ਕੀਤਾ ਕਿ ਕੀ ਉਹ ਉਨ੍ਹਾਂ ਤੋਂ ਨਾਰਾਜ਼ ਹੈ। ਰਾਸ਼ਟਰਪਤੀ ਦੇ ਇਸ ਬਿਆਨ ਨੇ ਰਾਜਨੀਤਿਕ ਮਾਹੌਲ ਨੂੰ ਹੋਰ ਗਰਮਾ ਦਿੱਤਾ, ਕਿਉਂਕਿ ਇਹ ਪਹਿਲੀ ਵਾਰ ਸੀ ਜਦੋਂ ਰਾਸ਼ਟਰਪਤੀ ਨੇ ਜਨਤਕ ਤੌਰ 'ਤੇ ਕਿਸੇ ਸਮਾਗਮ ਵਿੱਚ ਪ੍ਰੋਟੋਕੋਲ ਦੀ ਪਾਲਣਾ 'ਤੇ ਸਵਾਲ ਉਠਾਇਆ ਸੀ। ਇਸ ਬਿਆਨ ਤੋਂ ਬਾਅਦ, ਸੱਤਾਧਾਰੀ ਪਾਰਟੀ ਨੇ ਇਸ ਮੁੱਦੇ ਨੂੰ ਸੰਵਿਧਾਨਕ ਮਾਣ ਨਾਲ ਜੋੜ ਕੇ ਅਤੇ ਰਾਜ ਸਰਕਾਰ 'ਤੇ ਗੰਭੀਰ ਦੋਸ਼ ਲਗਾ ਕੇ ਉਠਾਇਆ। ਦੋਸਤੋ ਜੇਕਰ ਅਸੀਂ ਪ੍ਰਧਾਨ ਮੰਤਰੀ ਅਤੇ ਸੱਤਾਧਾਰੀ ਪਾਰਟੀ ਦੀਆਂ ਪ੍ਰਤੀਕਿਰਿਆਵਾਂ 'ਤੇ ਵਿਚਾਰ ਕਰੀਏ, ਤਾਂ ਪ੍ਰਧਾਨ ਮੰਤਰੀ ਨੇ ਵੀ ਇਸ ਮੁੱਦੇ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਕਿਹਾ ਕਿ ਇਹ ਨਾ ਸਿਰਫ਼ ਰਾਸ਼ਟਰਪਤੀ ਦਾ ਅਪਮਾਨ ਹੈ, ਸਗੋਂ ਭਾਰਤ ਦੇ ਸੰਵਿਧਾਨ ਅਤੇ ਲੋਕਤੰਤਰੀ ਪਰੰਪਰਾਵਾਂ ਦਾ ਵੀ ਅਪਮਾਨ ਹੈ। ਉਨ੍ਹਾਂ ਇਹ ਵੀ ਕਿਹਾ ਕਿ ਦ੍ਰੋਪਦੀ ਮੁਰਮੂ ਖੁਦ ਆਦਿਵਾਸੀ ਭਾਈਚਾਰੇ ਤੋਂ ਆਉਂਦੀ ਹੈ ਅਤੇ ਉਨ੍ਹਾਂ ਦੇ ਵਿਕਾਸ ਲਈ ਸਮਰਪਿਤ ਹੈ, ਅਤੇ ਉਨ੍ਹਾਂ ਦੇ ਪ੍ਰੋਗਰਾਮ ਵਿੱਚ ਵਿਘਨ ਅਤੇ ਰਾਜ ਸਰਕਾਰ ਵੱਲੋਂ ਢੁਕਵੀਂ ਸਹਾਇਤਾ ਦੀ ਘਾਟ ਬਹੁਤ ਹੀ ਮੰਦਭਾਗੀ ਸੀ। ਭਾਜਪਾ ਨੇਤਾਵਾਂ ਨੇ ਇਸ ਨੂੰ ਆਦਿਵਾਸੀ ਪਛਾਣ ਨਾਲ ਜੋੜਦੇ ਹੋਏ ਕਿਹਾ ਕਿ ਪੱਛਮੀ ਬੰਗਾਲ ਸਰਕਾਰ ਨੇ ਰਾਸ਼ਟਰਪਤੀ ਦੇ ਪ੍ਰੋਗਰਾਮ ਨੂੰ ਗੰਭੀਰਤਾ ਨਾਲ ਨਹੀਂ ਲਿਆ। ਇਹ ਮੁੱਦਾ ਸੱਤਾਧਾਰੀ ਪਾਰਟੀ ਲਈ ਰਾਜਨੀਤਿਕ ਤੌਰ 'ਤੇ ਵੀ ਮਹੱਤਵਪੂਰਨ ਸੀ, ਕਿਉਂਕਿ ਆਦਿਵਾਸੀ ਭਾਈਚਾਰੇ ਨੂੰ ਬੰਗਾਲ ਵਿੱਚ ਇੱਕ ਮਹੱਤਵਪੂਰਨ ਵੋਟ ਬੈਂਕ ਮੰਨਿਆ ਜਾਂਦਾ ਹੈ। ਦੋਸਤੋ, ਜੇਕਰ ਅਸੀਂ ਪੱਛਮੀ ਬੰਗਾਲ ਦੀ ਮੁੱਖ ਮੰਤਰੀ ਦੇ ਜਵਾਬੀ ਹਮਲੇ ਅਤੇ ਰਾਜਨੀਤਿਕ ਦੋਸ਼ਾਂ 'ਤੇ ਵਿਚਾਰ ਕਰੀਏ, ਤਾਂ ਉਨ੍ਹਾਂ ਨੇ ਇਨ੍ਹਾਂ ਸਾਰੇ ਦੋਸ਼ਾਂ ਨੂੰ ਸਪੱਸ਼ਟ ਤੌਰ 'ਤੇ ਰੱਦ ਕਰ ਦਿੱਤਾ, ਇਹ ਕਹਿੰਦੇ ਹੋਏ ਕਿ ਇਹ ਸਮਾਗਮ ਰਾਜ ਸਰਕਾਰ ਦੁਆਰਾ ਨਹੀਂ ਸਗੋਂ ਇੱਕ ਨਿੱਜੀ ਸੰਗਠਨ ਦੁਆਰਾ ਆਯੋਜਿਤ ਕੀਤਾ ਗਿਆ ਸੀ। ਉਨ੍ਹਾਂ ਦੇ ਅਨੁਸਾਰ, ਰਾਜ ਪ੍ਰਸ਼ਾਸਨ ਨੇ ਪਹਿਲਾਂ ਹੀ ਰਾਸ਼ਟਰਪਤੀ ਸਕੱਤਰੇਤ ਨੂੰ ਸੂਚਿਤ ਕਰ ਦਿੱਤਾ ਸੀ ਕਿ ਪ੍ਰਬੰਧਕਾਂ ਦੀਆਂ ਤਿਆਰੀਆਂ ਨਾਕਾਫ਼ੀ ਸਨ ਅਤੇ ਉਨ੍ਹਾਂ ਕੋਲ ਇੰਨੇ ਵੱਡੇ ਇਕੱਠ ਨੂੰ ਸੰਭਾਲਣ ਦੀ ਸਮਰੱਥਾ ਦੀ ਘਾਟ ਸੀ। ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਰਾਸ਼ਟਰਪਤੀ ਸਾਲ ਵਿੱਚ ਇੱਕ ਵਾਰ ਕਿਸੇ ਸਮਾਗਮ ਵਿੱਚ ਸ਼ਾਮਲ ਹੁੰਦੇ ਹਨ, ਤਾਂ ਉਹ ਨਿੱਜੀ ਤੌਰ 'ਤੇ ਸਵਾਗਤ ਵਿੱਚ ਸ਼ਾਮਲ ਹੋ ਸਕਦੇ ਹਨ, ਪਰ ਜੇਕਰ ਚੋਣਾਂ ਤੋਂ ਪਹਿਲਾਂ ਵਾਰ-ਵਾਰ ਸਮਾਗਮ ਕੀਤੇ ਜਾਂਦੇ ਹਨ, ਤਾਂ ਹਰ ਵਾਰ ਸ਼ਾਮਲ ਹੋਣਾ ਸੰਭਵ ਨਹੀਂ ਹੁੰਦਾ। ਉਨ੍ਹਾਂ ਨੇ ਸੱਤਾਧਾਰੀ ਪਾਰਟੀ 'ਤੇ ਰਾਸ਼ਟਰਪਤੀ ਦੇ ਅਹੁਦੇ ਨੂੰ ਰਾਜਨੀਤਿਕ ਲਾਭ ਲਈ ਵਰਤਣ ਦਾ ਦੋਸ਼ ਲਗਾਇਆ। ਮਮਤਾ ਬੈਨਰਜੀ ਦੇ ਬਿਆਨ ਨੂੰ ਰਾਜਨੀਤਿਕ ਤੌਰ 'ਤੇ ਬਹੁਤ ਜ਼ਿਆਦਾ ਦੋਸ਼ਪੂਰਨ ਮੰਨਿਆ ਗਿਆ, ਕਿਉਂਕਿ ਉਨ੍ਹਾਂ ਨੇ ਇੱਥੋਂ ਤੱਕ ਕਹਿ ਦਿੱਤਾ ਕਿ ਰਾਸ਼ਟਰਪਤੀ ਸੱਤਾਧਾਰੀ ਪਾਰਟੀ ਦੀਆਂ ਨੀਤੀਆਂ ਅਤੇ ਨਿਰਦੇਸ਼ਾਂ ਦੇ ਪ੍ਰਭਾਵ ਹੇਠ ਕੰਮ ਕਰ ਰਹੇ ਹਨ। ਦੋਸਤੋ, ਜੇਕਰ ਅਸੀਂ ਇਸ ਮੁੱਦੇ ਨੂੰ ਇਸ ਦ੍ਰਿਸ਼ਟੀਕੋਣ ਤੋਂ ਦੇਖਦੇ ਹਾਂ, ਕੇਂਦਰ-ਰਾਜ ਟਕਰਾਅ ਦਾ ਇੱਕ ਨਵਾਂ ਪਹਿਲੂ, ਤਾਂ ਇਹ ਵਿਵਾਦ ਹੌਲੀ-ਹੌਲੀ ਕੇਂਦਰ ਅਤੇ ਰਾਜ ਸਰਕਾਰਾਂ ਵਿਚਕਾਰ ਟਕਰਾਅ ਵਿੱਚ ਵਿਕਸਤ ਹੋਣ ਲੱਗਾ। ਕੇਂਦਰੀ ਗ੍ਰਹਿ ਮੰਤਰਾਲੇ ਨੇ ਇਸ ਮਾਮਲੇ 'ਤੇ ਪੱਛਮੀ ਬੰਗਾਲ ਸਰਕਾਰ ਤੋਂ ਇੱਕ ਵਿਸਤ੍ਰਿਤ ਰਿਪੋਰਟ ਮੰਗੀ, ਜਿਸ ਵਿੱਚ ਪੁੱਛਿਆ ਗਿਆ ਕਿ ਮੁੱਖ ਮੰਤਰੀ, ਮੁੱਖ ਸਕੱਤਰ ਅਤੇ ਪੁਲਿਸ ਡਾਇਰੈਕਟਰ ਜਨਰਲ ਰਾਸ਼ਟਰਪਤੀ ਦੇ ਸਵਾਗਤ ਲਈ ਮੌਜੂਦ ਕਿਉਂ ਨਹੀਂ ਸਨ। ਇਸ ਨੇ ਇਹ ਵੀ ਸਵਾਲ ਕੀਤਾ ਕਿ ਸਥਾਨ ਅਤੇ ਰੂਟ ਦੇ ਪ੍ਰਬੰਧ ਬਲੂ ਬੁੱਕ ਦੇ ਅਨੁਸਾਰ ਕਿਉਂ ਨਹੀਂ ਕੀਤੇ ਗਏ। ਇਨ੍ਹਾਂ ਸਵਾਲਾਂ ਨੇ ਮਾਮਲੇ ਨੂੰ ਸਿਰਫ਼ ਰਾਜਨੀਤਿਕ ਬਹਿਸ ਤੋਂ ਪਰੇ ਉਠਾਇਆ ਅਤੇ ਇਸਨੂੰ ਪ੍ਰਸ਼ਾਸਕੀ ਅਤੇ ਸੰਵਿਧਾਨਕ ਜਾਂਚ ਦੇ ਖੇਤਰ ਵਿੱਚ ਲਿਆਂਦਾ। ਦੋਸਤੋ, ਜੇਕਰ ਅਸੀਂ ਬਲੂ ਬੁੱਕ ਕੀ ਹੈ ਅਤੇ ਇਸਦੀ ਮਹੱਤਤਾ ਨੂੰ ਸਮਝਣਾ ਹੈ, ਤਾਂ ਇਸ ਵਿਵਾਦ ਤੋਂ ਬਾਅਦ ਸਭ ਤੋਂ ਵੱਧ ਚਰਚਾ ਵਾਲਾ ਸ਼ਬਦ ਬਲੂ ਬੁੱਕ ਸੀ। ਭਾਰਤ ਵਿੱਚ, ਜਦੋਂ ਰਾਸ਼ਟਰਪਤੀ, ਉਪ ਰਾਸ਼ਟਰਪਤੀ, ਜਾਂ ਪ੍ਰਧਾਨ ਮੰਤਰੀ ਕਿਸੇ ਰਾਜ ਦਾ ਦੌਰਾ ਕਰਦੇ ਹਨ, ਤਾਂ ਉਨ੍ਹਾਂ ਦੀ ਸੁਰੱਖਿਆ, ਸਵਾਗਤ ਅਤੇ ਹੋਰ ਪ੍ਰਬੰਧ ਗ੍ਰਹਿ ਮੰਤਰਾਲੇ ਦੁਆਰਾ ਤਿਆਰ ਕੀਤੇ ਗਏ ਇੱਕ ਵਿਸ਼ੇਸ਼ ਪ੍ਰੋਟੋਕੋਲ ਦਸਤਾਵੇਜ਼ ਦੇ ਅਨੁਸਾਰ ਕੀਤੇ ਜਾਂਦੇ ਹਨ, ਜਿਸਨੂੰ ਬਲੂ ਬੁੱਕ ਕਿਹਾ ਜਾਂਦਾ ਹੈ। ਇਹ ਦਸਤਾਵੇਜ਼ ਬਹੁਤ ਗੁਪਤ ਹੈ ਅਤੇ ਸਿਰਫ਼ ਚੁਣੇ ਹੋਏ ਅਧਿਕਾਰੀਆਂ ਲਈ ਉਪਲਬਧ ਕਰਵਾਇਆ ਜਾਂਦਾ ਹੈ। ਇਸ ਵਿੱਚ ਰਾਸ਼ਟਰਪਤੀ ਦੇ ਆਉਣ ਤੋਂ ਲੈ ਕੇ ਸਥਾਨ ਦੇ ਪ੍ਰਬੰਧਾਂ, ਸੁਰੱਖਿਆ, ਰੂਟ, ਝੰਡਾ, ਰਾਸ਼ਟਰੀ ਗੀਤ, ਬੈਠਣ ਦੇ ਪ੍ਰਬੰਧਾਂ ਅਤੇ ਐਮਰਜੈਂਸੀ ਯੋਜਨਾਵਾਂ ਤੱਕ ਹਰ ਵੇਰਵੇ ਬਾਰੇ ਵਿਸਤ੍ਰਿਤ ਜਾਣਕਾਰੀ ਸ਼ਾਮਲ ਹੈ। ਬਲੂ ਬੁੱਕ ਦੇ ਮੁੱਖ ਉਪਬੰਧ: ਬਲੂ ਬੁੱਕ ਦੇ ਅਨੁਸਾਰ, ਜਦੋਂ ਰਾਸ਼ਟਰਪਤੀ ਕਿਸੇ ਰਾਜ ਵਿੱਚ ਪਹੁੰਚਦੇ ਹਨ, ਤਾਂ ਰਾਜਪਾਲ ਅਤੇ ਮੁੱਖ ਮੰਤਰੀ, ਜਾਂ ਉਨ੍ਹਾਂ ਦੁਆਰਾ ਨਾਮਜ਼ਦ ਮੰਤਰੀ, ਉਨ੍ਹਾਂ ਦਾ ਸਵਾਗਤ ਕਰਨ ਲਈ ਹਵਾਈ ਅੱਡੇ 'ਤੇ ਮੌਜੂਦ ਹੋਣਾ ਚਾਹੀਦਾ ਹੈ। ਜੇਕਰ ਮੁੱਖ ਮੰਤਰੀ ਕਿਸੇ ਕਾਰਨ ਕਰਕੇ ਹਾਜ਼ਰ ਨਹੀਂ ਹੋ ਸਕਦੇ, ਤਾਂ ਮੁੱਖ ਸਕੱਤਰ ਅਤੇ ਪੁਲਿਸ ਡਾਇਰੈਕਟਰ ਜਨਰਲ ਦੀ ਮੌਜੂਦਗੀ ਲਾਜ਼ਮੀ ਹੈ। ਇਸ ਤੋਂ ਇਲਾਵਾ, ਰਾਸ਼ਟਰਪਤੀ ਲਈ ਨਿਰਧਾਰਤ ਰਸਤਾ ਪੂਰੀ ਤਰ੍ਹਾਂ ਸਾਫ਼ ਹੋਣਾ ਚਾਹੀਦਾ ਹੈ, ਸੁਰੱਖਿਆ ਸਖ਼ਤ ਹੋਣੀ ਚਾਹੀਦੀ ਹੈ, ਅਤੇ ਸਥਾਨ 'ਤੇ ਸਾਰੀਆਂ ਬੁਨਿਆਦੀ ਸਹੂਲਤਾਂ ਉਪਲਬਧ ਹੋਣੀਆਂ ਚਾਹੀਦੀਆਂ ਹਨ। ਇਹ ਸਿਰਫ਼ ਰਸਮੀ ਕਾਰਵਾਈ ਨਹੀਂ ਹੈ ਬਲਕਿ ਰਾਸ਼ਟਰੀ ਮਾਣ ਅਤੇ ਸੰਵਿਧਾਨਕ ਸ਼ਿਸ਼ਟਾਚਾਰ ਦਾ ਹਿੱਸਾ ਮੰਨਿਆ ਜਾਂਦਾ ਹੈ। ਗ੍ਰਹਿ ਮੰਤਰਾਲੇ ਨੂੰ ਸੌਂਪੀ ਗਈ ਇੱਕ ਰਿਪੋਰਟ ਵਿੱਚ, ਪੱਛਮੀ ਬੰਗਾਲ ਦੇ ਮੁੱਖ ਸਕੱਤਰ ਨੇ ਕਿਹਾ ਕਿ ਇਹ ਸਮਾਗਮ ਪੂਰੀ ਤਰ੍ਹਾਂ ਇੱਕ ਨਿੱਜੀ ਸੰਗਠਨ ਦੁਆਰਾ ਆਯੋਜਿਤ ਕੀਤਾ ਗਿਆ ਸੀ ਅਤੇ ਰਾਜ ਸਰਕਾਰ ਦੀ ਭੂਮਿਕਾ ਸੀਮਤ ਸੀ। ਰਿਪੋਰਟ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਪ੍ਰਸ਼ਾਸਨ ਨੇ ਪਹਿਲਾਂ ਪ੍ਰਬੰਧਕਾਂ ਦੀਆਂ ਤਿਆਰੀਆਂ ਬਾਰੇ ਚਿੰਤਾਵਾਂ ਪ੍ਰਗਟ ਕੀਤੀਆਂ ਸਨ ਅਤੇ ਰਾਸ਼ਟਰਪਤੀ ਸਕੱਤਰੇਤ ਨੂੰ ਇਸ ਬਾਰੇ ਸੂਚਿਤ ਕੀਤਾ ਗਿਆ ਸੀ। ਰਿਪੋਰਟ ਵਿੱਚ ਇਹ ਵੀ ਸਪੱਸ਼ਟ ਕੀਤਾ ਗਿਆ ਹੈ ਕਿ ਮੁੱਖ ਮੰਤਰੀ ਅਤੇ ਹੋਰ ਸੀਨੀਅਰ ਅਧਿਕਾਰੀਆਂ ਦੀ ਗੈਰਹਾਜ਼ਰੀ ਪ੍ਰਸ਼ਾਸਨਿਕ ਕਾਰਨਾਂ ਕਰਕੇ ਸੀ ਅਤੇ ਜਾਣਬੁੱਝ ਕੇ ਪ੍ਰੋਟੋਕੋਲ ਦੀ ਉਲੰਘਣਾ ਨਹੀਂ ਕੀਤੀ ਗਈ ਸੀ। ਦੋਸਤੋ, ਜੇਕਰ ਅਸੀਂ ਇਸ ਘਟਨਾ ਦੇ ਰਾਜਨੀਤਿਕ ਅਰਥਾਂ 'ਤੇ ਵਿਚਾਰ ਕਰੀਏ ਚੋਣ ਰਣਨੀਤੀ ਜਾਂ ਸੰਵਿਧਾਨਕ ਮੁੱਦਾ, ਤਾਂ ਰਾਜਨੀਤਿਕ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਇਹ ਵਿਵਾਦ ਅਜਿਹੇ ਸਮੇਂ ਵਿੱਚ ਉਭਰਿਆ ਹੈ ਜਦੋਂ ਪੱਛਮੀ ਬੰਗਾਲ ਵਿਧਾਨ ਸਭਾ ਚੋਣਾਂ ਨੇੜੇ ਆ ਰਹੀਆਂ ਹਨ। ਸੱਤਾਧਾਰੀ ਪਾਰਟੀ ਲੰਬੇ ਸਮੇਂ ਤੋਂ ਬੰਗਾਲ ਵਿੱਚ ਆਪਣੀ ਰਾਜਨੀਤਿਕ ਪਕੜ ਮਜ਼ਬੂਤ ?ਕਰਨ ਦੀ ਕੋਸ਼ਿਸ਼ ਕਰ ਰਹੀ ਹੈ ਅਤੇ ਆਦਿਵਾਸੀ ਭਾਈਚਾਰੇ ਨੂੰ ਲੁਭਾਉਣ ਦੀ ਰਣਨੀਤੀ 'ਤੇ ਕੰਮ ਕਰ ਰਹੀ ਹੈ। ਦੂਜੇ ਪਾਸੇ, ਪੱਛਮੀ ਬੰਗਾਲ ਵਿੱਚ ਸੱਤਾਧਾਰੀ ਪਾਰਟੀ ਵੀ ਇਸ ਭਾਈਚਾਰੇ 'ਤੇ ਆਪਣੀ ਪਕੜ ਬਣਾਈ ਰੱਖਣ ਲਈ ਯਤਨਸ਼ੀਲ ਹੈ। ਅਜਿਹੀ ਸਥਿਤੀ ਵਿੱਚ, ਰਾਸ਼ਟਰਪਤੀ ਦੇ ਪ੍ਰੋਗਰਾਮ ਦੇ ਆਲੇ ਦੁਆਲੇ ਵਿਵਾਦ ਚੋਣ ਰਾਜਨੀਤੀ ਲਈ ਇੱਕ ਮਹੱਤਵਪੂਰਨ ਮੁੱਦਾ ਬਣ ਸਕਦਾ ਹੈ।

**ਸਭ ਤੋਂ ਫਾਸਟ ਆਹਮੋ-ਸਾਹਮਣੇ**

RNI NO -PUNHIN0/2013/54688

Printed by Surinder Kumar , Published by Surinder Kumar, Owned by Surinder Kumar & Printed at Dashmash Printers 178-179 Ranjit Nagar, Jalnadhar City, Published 87 Ranjit Nagar Near Bus Stand, Jalandhar, Punjab

**Editor Surinder Kumar (SK Saxena)**

Responsible for selection of News under the PRB ACT.
All Rights Reserved Reproduction in whole or in Part without Permission in Prohibited, All disputes shall be settled at Jalandhar Jurisdiction only
Faxt No. : 0181-5024001, Conact No : 0181-5077100

**ਜ਼ਰੂਰੀ ਸੂਚਨਾ**

ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਪ੍ਰਦਰਸ਼ਿਤ/ਵਰਗੀਕ੍ਰਿਤ) ਦੇ ਤੱਥਾਂ ਲਈ ਸਭ ਤੋਂ ਫਾਸਟ ਆਹਮੋ ਸਾਹਮਣੇ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਸਾਡਾ ਅਖ਼ਬਾਰ ਇਨ੍ਹਾਂ ਦੀ ਪੁਸ਼ਟੀ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਇਨ੍ਹਾਂ ਇਸ਼ਤਿਹਾਰਾਂ 'ਤੇ ਕਾਰਵਾਈ ਕਰਨ ਤੋਂ ਪਹਿਲਾਂ ਸਾਰੇ ਤੱਥਾਂ ਦੀ ਖੁਦ ਪੁਸ਼ਟੀ ਕਰਨ। - ਮੁੱਖ ਸੰਪਾਦਕ

# ਇੰਡੀਆ ਇੰਟਰਨੈਸ਼ਨਲ ਡਿਸਬਿਊਟ ਵੀਕ ਹੋਇਆ ਸਮਾਪਤ

ਮਨਦੀਪ ਕੌਰ

ਚੰਡੀਗੜ੍ਹ, ਇੰਡੀਆ ਇੰਟਰਨੈਸ਼ਨਲ ਡਿਸਪਿਊਟਸ ਵੀਕ ਅੱਜ ਚੰਡੀਗੜ੍ਹ ਜੁਡੀਸ਼ੀਅਲ ਅਕੈਡਮੀ ਵਿਖੇ ਸਮਾਪਤ ਹੋਇਆ ਜਿਸ ਦੌਰਾਨ ਨਿਆਂਕਾਰਾਂ, ਆਰਬਿਟਰੇਸ਼ਨ ਪ੍ਰੈਕਟੀਸ਼ਨਰਾਂ ਅਤੇ ਨੀਤੀ ਮਾਹਿਰਾਂ ਨੇ ਭਾਰਤ ਵਿੱਚ ਆਰਬਿਟਰੇਸ਼ਨ ਅਤੇ ਅਲਟ ?ਰਨੇਟਿਵ ਡਿਸਬਿਊਟ ਰੈਜ਼ੂਲੇਸ਼ਨ (ਏਡੀਆਰ) ਦੇ ਭਵਿੱਖ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਮੁੱਖ ਭਾਸ਼ਣ ਦਿੰਦਿਆਂ, ਇੰਡੀਆ ਕੌਂਸਲ ਆਫ ਆਰਬਿਟਰੇਸ਼ਨ ਦੇ ਡਾਇਰੈਕਟਰ ਜਨਰਲ ਅਰੁਣ ਚਾਵਲਾ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਰੋਸੇਯੋਗ ਵਿਵਾਦ ਨਿਪਟਾਰਾ ਪ੍ਰਣਾਲੀਆਂ ਨਿਵੇਸ਼ਕਾਂ ਦੇ ਵਿਸ਼ਵਾਸ ਅਤੇ ਆਰਥਿਕ ਵਿਕਾਸ ਲਈ ਅਹਿਮ ਹਨ। ਉਨ੍ਹਾਂ ਕਿਹਾ ਕਿ ਜਿਵੇਂ-ਜਿਵੇਂ ਸਰਹੱਦ ਪਾਰੋਂ ਵਪਾਰ ਦਾ ਵਿਸਤਾਰ ਹੁੰਦਾ ਹੈ, ਸੰਸਥਾਗਤ ਆਰਬਿਟਰੇਸ਼ਨ ਨੂੰ ਮਜ਼ਬੂਤ ਕਰਨਾ ਅਤੇ ਤਕਨਾਲੋਜੀ ਨੂੰ ਅਪਣਾਉਣਾ ਭਾਰਤ ਦੇ ਵਿਵਾਦ ਨਿਪਟਾਰਾ ਈਕੋਸਿਸਟਮ ਵਿੱਚ ਵਿਸ਼ਵਾਸ ਪੈਦਾ ਕਰਨ ਲਈ ਅਹਿਮ ਹੈ। ਭਾਰਤ ਵਿੱਚ ਏਡੀਆਰ ਅਭਿਆਸਾਂ ਦੇ ਵਿਕਾਸ ਬਾਰੇ ਕਰਵਾਈ ਪੈਨਲ ਚਰਚਾ ਦੌਰਾਨ ਨਰੇਸ਼ ਮਾਰਕੰਡਾ, ਸ਼ਾਸ਼ਵਤ ਬਾਜਪਾਈ, ਦੀਪਕ ਜਿੰਦਲ, ਅਨੀਮੇਸ਼ ਆਨੰਦ ਬੋਰਦੋਲੋਈ, ਨੀਰਜ ਕੋਚਰ, ਹਰੀਸ਼ੰਕਰ ਕੇ ਸਾਥੀਪਾਲਨ, ਅਤੇ ਕਰਨਲ ਨਰਿੰਦਰ ਸਿੰਘ, ਜੋਨਾਥਨ ਰੌਡਰਿਗਜ਼ ਨੇ ਵਿਚਾਰ ਸਾਂਝੇ ਕੀਤੇ। ਬੁਲਾਰਿਆਂ ਨੇ ਵਪਾਰਕ ਝਗੜਿਆਂ ਨੂੰ ਹੱਲ ਕਰਨ ਅਤੇ ਝਗੜਿਆਂ ਦੇ ਕੁਸ਼ਲ ਨਿਪਟਾਰੇ ਤੱਕ ਪਹੁੰਚ ਨੂੰ ਬਿਹਤਰ ਬਣਾਉਣ ਲਈ ਮੀਡੀਏਸ਼ਨ, ਆਰਬਿਟਰੇਸ਼ਨ ਅਤੇ ਸੰਸਥਾਗਤ ਵਿਧੀ ਦੇ ਵਧ ਰਹੇ ਮਹੱਤਵ ਬਾਰੇ ਚਰਚਾ ਕੀਤੀ। ਇੱਕ ਹੋਰ ਪੈਨਲ ਦੌਰਾਨ ਸੰਸਥਾਗਤ ਆਰਬਿਟਰੇਸ਼ਨ ਬਨਾਮ ਐਡਹਾਕ ਆਰਬਿਟਰੇਸ਼ਨ ਬਾਰੇ ਕੀਤੀ, ਜਿਸ ਵਿੱਚ ਸੰਜੀਵ ਸ਼ਰਮਾ, ਦੇਵਨਾ ਅਰੋੜਾ, ਦੇਵਥਾਸ ਸਤੀਨਾਥਨ, ਏ ਜੇ ਜਵਾਦ, ਸਿਧੇਸ਼ ਪ੍ਰਧਾਨ, ਉੱਲਾ ਗਲੇਸਰ, ਨਵੀਨ ਕੁਮਾਰ ਸਿੰਘ, ਅਤੇ ਸਾਹਿਲ ਨਾਰੰਗ, ਸ਼ਰੂਤੀ ਸੱਭਰਵਾਲ ਨੇ ਵਿਚਾਰ ਸਾਂਝੇ ਕੀਤੇ। ਪੈਨਲਿਸਟਾਂ ਨੇ ਉਜਾਗਰ ਕੀਤਾ ਕਿ ਸੰਸਥਾਗਤ ਆਰਬਿਟਰੇਸ਼ਨ ਵਧੇਰੇ ਪ੍ਰਕਿਰਿਆਤਮਕ ਸਪੱਸ਼ਟਤਾ, ਲਾਗਤ ਸਬੰਧੀ ਪਾਰਦਰਸ਼ਤਾ ਅਤੇ ਨਿਗਰਾਨੀ ਦੀ ਪੇਸ਼ਕਸ਼ ਕਰਦੀ ਹੈ, ਜੋ ਆਰਬਿਟਰਲ ਅਵਾਰਡਾਂ ਦੇ ਲਾਗੂਕਰਨ ਨੂੰ ਮਜ਼ਬੂਤ ਬਣਾਉਂਦੀ ਹੈ। ÷ਐਨਾਟੋਮੀ ਆਫ ਇਨਫੋਰਸੇਬਲ ਅਵਾਰਡਸ÷ ਸਿਰਲੇਖ ਹੇਠ ਕਰਵਾਏ ਸੈਸ਼ਨ ਵਿੱਚ, ਐਸ. ਜੇ. ਵਜ਼ੀਫਦਾਰ ਅਤੇ ਸ਼ਿਤਿਜ ਸ਼ਰਮਾ ਨੇ ਲਾਗੂ ਕਰਨ ਦੇ ਪੜਾਅ 'ਤੇ ਚੁਣੌਤੀਆਂ ਨੂੰ ਘੱਟ ਕਰਨ ਲਈ ਧਿਆਨਪੂਰਨ ਆਰਬਿਟਰਲ ਅਵਾਰਡਾਂ ਅਤੇ ਪ੍ਰਕਿਰਿਆਤਮਕ ਅਨੁਸ਼ਾਸਨ ਦੀ ਮਹੱਤਤਾ 'ਤੇ ਚਰਚਾ ਕੀਤੀ। ਇਸ ਤੋਂ ਪਹਿਲਾਂ, ਜੇ ਆਰ ਮਿਧਾ ਨੇ ਸੁਚਾਰੂ ਪ੍ਰਕਿਰਿਆਵਾਂ ਰਾਹੀਂ ਆਰਬਿਟਰੇਸ਼ਨ ਕੁਸ਼ਲਤਾ ਵਿੱਚ ਸੁਧਾਰ ਕਰਨ ਬਾਰੇ ਜਾਣਕਾਰੀ ਸਾਂਝੀ ਕੀਤੀ। ਦੇਰੀ ਨੂੰ ਘਟਾਉਣ ਅਤੇ ਇਹ ਯਕੀਨੀ ਬਣਾਉਣ ਲਈ ਕਿ ਆਰਬਿਟਰੇਸ਼ਨਾਂ ਨੂੰ ਕਾਨੂੰਨੀ ਸਮਾਂ-ਸੀਮਾ ਦੇ ਅੰਦਰ ਪੂਰਾ ਕੀਤਾ ਜਾਵੇ, ਉਨ੍ਹਾਂ ਨੇ ਢਾਂਚਾਗਤ ਦਲੀਲਾਂ, ਸ਼ੁਰੂ ਵਿੱਚ ਸਵੀਕਾਰ ਕੀਤੇ ਅਤੇ ਵਿਵਾਦਿਤ ਤੱਥਾਂ ਦੀ ਪਛਾਣ, ਪੁੱਛਗਿੱਛ ਅਤੇ ਵੀਡੀਓ-ਰਿਕਾਰਡ ਕੀਤੀਆਂ ਜਾਂਚਾਂ ਦੀ ਵਰਤੋਂ 'ਤੇ ਜ਼ੋਰ ਦਿੱਤਾ। ਸਮਾਪਤੀ ਭਾਸ਼ਣ ਦਿੰਦੀਆਂ, ਦਿਨੇਸ਼ ਮਹੇਸ਼ਵਰੀ ਨੇ ਉਜਾਗਰ ਕੀਤਾ ਕਿ ਆਰਬਿਟਰੇਸ਼ਨ ਵਿਵਾਦ ਦੇ ਹੱਲ ਦੀ ਇੱਕ ਗਤੀਸ਼ੀਲ ਸੰਸਥਾ ਦੇ ਰੂਪ ਵਿੱਚ ਵਿਕਸਤ ਹੋਈ ਹੈ ਅਤੇ ਭਾਰਤ ਨੂੰ ਇੱਕ ਭਰੋਸੇਯੋਗ ਆਰਬਿਟਰੇਸ਼ਨ ਕੇਂਦਰ ਵਜੋਂ ਸਥਾਪਤ ਕਰਨ ਲਈ ਸੰਸਥਾਗਤ ਢਾਂਚੇ, ਕਾਨੂੰਨੀ ਸਕਾਲਰਸ਼ਿਪ ਅਤੇ ਵਿਸ਼ਵਪੱਧਰੀ ਸਹਿਯੋਗ ਨੂੰ ਮਜ਼ਬੂਤ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਆਪਣੀ ਸਮਾਪਤੀ ਭਾਸ਼ਣ ਦੌਰਾਨ, ਅਸ਼ਵਨੀ ਕੁਮਾਰ ਮਿਸ਼ਰਾ ਨੇ ਕਿਹਾ ਕਿ ਹਫ਼ਤਾ ਭਰ ਚੱਲਣ ਵਾਲੇ ਇਸ ਸਮਾਗਮ ਨੇ ਵੱਖ-ਵੱਖ ਅਧਿਕਾਰ ਖੇਤਰਾਂ ਤੋਂ ਵੱਖ-ਵੱਖ ਵਿਚਾਰਾਂ ਨੂੰ ਸਾਹਮਣੇ ਲਿਆਂਦਾ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਵਿਵਾਦ ਨਿਪਟਾਰਾ ਵਿਧੀ ਦਾ ਅੰਤਮ ਉਦੇਸ਼ ਸਮਾਜ ਵਿੱਚ ਸ਼ਾਂਤੀ ਅਤੇ ਨਿਆਂ ਨੂੰ ਉਤਸ਼ਾਹਿਤ ਕਰਨਾ ਹੈ। ਉਨ੍ਹਾਂ ਨੌਜਵਾਨ ਵਕੀਲਾਂ ਅਤੇ ਵਿਦਿਆਰਥੀਆਂ ਦੀ ਭਾਗੀਦਾਰੀ ਦੀ ਵੀ ਸ਼ਲਾਘਾ ਕੀਤੀ ਅਤੇ ਪ੍ਰਬੰਧਕੀ ਟੀਮ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਆਸ ਪ੍ਰਗਟ ਕੀਤਾ ਕਿ ਚੰਡੀਗੜ੍ਹ ਅੰਤਰਰਾਸ਼ਟਰੀ ਆਰਬਿਟਰੇਸ਼ਨ ਕੇਂਦਰ ਵਰਗੀਆਂ ਪਹਿਲਕਦਮੀਆਂ ਵਿਵਾਦਾਂ ਦੇ ਨਿਪਟਾਰੇ ਲਈ ਅਹਿਮ ਭੂਮਿਕਾ ਨਿਭਾਉਣਗੀਆਂ।

# ਪੰਜਾਬ ਪੁਲਿਸ ਨੇ 550 ਥਾਵਾਂ 'ਤੇ ਕੀਤੀ ਛਾਪੇਮਾਰੀ ; 207 ਗ੍ਰਿਫ਼ਤਾਰ

ਰਮਨ ਕੁਮਾਰ

**ਪੁਲਿਸ ਟੀਮਾਂ ਨੇ 95 ਵਿਅਕਤੀਆਂ ਵਿਰੁੱਧ ਕੀਤੀ ਇਹਤਿਆਤੀ ਕਾਰਵਾਈ**

ਚੰਡੀਗੜ੍ਹ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ 'ਗੈਂਗਸਟਰਾਂ ਤੇ ਵਾਰ' ਮੁਹਿੰਮ ਦੇ 50ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਰਾਜ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 550 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ ÷ਗੈਂਗਸਟਰਾਂ ਤੇ ਵਾਰ÷- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। 50ਵੇਂ ਦਿਨ, ਪੁਲਿਸ ਟੀਮਾਂ ਨੇ 207 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 2 ਹਥਿਆਰ ਬਰਾਮਦ ਕੀਤੇ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਗਿਣਤੀ 13,880 ਹੋ ਗਈ ਹੈ। ਇਸ ਤੋਂ ਇਲਾਵਾ 95 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 103 ਵਿਅਕਤੀਆਂ ਨੂੰ ਤਫਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 5 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ। ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ /ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ ÷ਯੁੱਧ ਨਸ਼ਿਆਂ ਵਿਰੁੱਧ÷ ਨੂੰ 375ਵੇਂ ਦਿਨ ਵੀ ਜਾਰੀ ਰੱਖਦਿਆਂ, ਅੱਜ 96 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1.8 ਕਿਲੋ ਹੈਰੋਇਨ, 1244 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 5970 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ। ਇਸ ਨਾਲ 375 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 53,119 ਹੋ ਗਈ ਹੈ।

# ਭਗਵੰਤ ਸਿੰਘ ਮਾਨ ਸਰਕਾਰ ਨੇ ਚਾਰ ਸਾਲਾਂ 'ਚ ਉਹ ਕੰਮ ਕੀਤੇ, ਜੋ 70 ਸਾਲਾਂ ਵਿੱਚ ਨਹੀਂ ਹੋਏ : ਹਰਦੀਪ ਸਿੰਘ ਮੁੰਡੀਆਂ

## ਕਿਹਾ, ਲੋਕ-ਪੱਖੀ ਤੇ ਵਿਕਾਸ-ਮੁਖੀ ਬਜਟ ਮਜ਼ਬੂਤ ਤੇ ਪ੍ਰਗਤੀਸ਼ੀਲ ਪੰਜਾਬ ਦੀ ਨੀਂਹ ਰੱਖੇਗਾ

ਪੰਕਜ

ਚੰਡੀਗੜ੍ਹ, ਪੰਜਾਬ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਪੰਜਾਬ ਵਿਧਾਨ ਸਭਾ ਵਿਖੇ ਬਜਟ 'ਤੇ ਬਹਿਸ ਵਿੱਚ ਹਿੱਸਾ ਲੈਂਦਿਆਂ ਕਿਹਾ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੁਆਰਾ ਪੇਸ਼ ਕੀਤਾ ਗਿਆ ਬਜਟ ਸਮਾਜ ਦੇ ਹਰ ਵਰਗ ਦੀ ਭਲਾਈ ਅਤੇ ਇੱਛਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਤਿਆਰ ਕੀਤਾ ਗਿਆ ਅਤੇ ਇਹ ਇੱਕ ਲੋਕ-ਪੱਖੀ ਅਤੇ ਵਿਕਾਸ-ਮੁਖੀ ਬਜਟ ਹੈ। ਪੰਜਵੇਂ ਸਫ਼ਲ ਬਜਟ 'ਤੇ ਬੋਲਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਕਈ ਕ੍ਰਾਂਤੀਕਾਰੀ ਪਹਿਲਕਦਮੀਆਂ ਕੀਤੀਆਂ ਹਨ ਅਤੇ ਅਜਿਹੇ ਕੰਮ ਕਰਕੇ ਦਿਖਾਏ ਹਨ, ਜੋ ਪਿਛਲੇ 70 ਸਾਲਾਂ 'ਚ ਨਹੀਂ ਹੋ ਸਕੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਾਰਦਰਸ਼ਤਾ, ਜਵਾਬਦੇਹੀ ਅਤੇ ਲੋਕਪੱਖੀ ਨੀਤੀਆਂ 'ਤੇ ਅਧਾਰਤ ਸ਼ਾਸਨ ਦੇ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਕੀਤੀ ਹੈ। ਸਰਕਾਰ ਦੀਆਂ ਮੁੱਖ ਪ੍ਰਾਪਤੀਆਂ ਬਾਰੇ ਬੋਲਦਿਆਂ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਸੂਬਾ ਇੱਕ ਵੱਡੀ ÷ਸਿੱਖਿਆ ਕ੍ਰਾਂਤੀ÷ ਦਾ ਗਵਾਹ ਬਣਿਆ ਹੈ ਜਿਸ ਵਿੱਚ ਪ੍ਰਿੰਸੀਪਲਾਂ ਅਤੇ ਅਧਿਆਪਕਾਂ ਨੂੰ ਵਿਸ਼ਵ ਪੱਧਰੀ ਸਿਖਲਾਈ ਪ੍ਰਦਾਨ ਕਰਨ ਦੇ ਨਾਲ-ਨਾਲ ਹੀ ਵੱਡੇ ਪੱਧਰ 'ਤੇ ਸਿੱਖਿਅਕਾਂ ਦੀ ਭਰਤੀ ਕੀਤੀ ਜਾ



ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਹਜ਼ਾਰਾਂ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕੀਤੇ ਗਏ ਹਨ ਅਤੇ ਆਮ ਆਦਮੀ ਕਲੀਨਿਕਾਂ ਦੀ ਸਥਾਪਨਾ ਤੇ ਮੁੱਖ ਮੰਤਰੀ ਸਿਹਤ ਯੋਜਨਾ ਵਰਗੀਆਂ ਪਹਿਲਕਦਮੀਆਂ, ਜਿਨ੍ਹਾਂ ਦਾ ਉਦੇਸ਼ ਲੋਕਾਂ ਨੂੰ ਮੁਫ਼ਤ ਡਾਕਟਰੀ ਸੇਵਾਵਾਂ ਪ੍ਰਦਾਨ ਕਰਨਾ ਹੈ, ਨੂੰ ਲਾਗੂ ਕਰਕੇ ਸਿਹਤ ਖੇਤਰ ਨੂੰ ਮਜ਼ਬੂਤੀ ਦਿੱਤੀ ਗਈ ਹੈ। ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਸਰਕਾਰ ਨੇ ਗੰਨੇ ਦਾ ਭਾਅ ਵਧਾ ਕੇ ਅਤੇ ਕਿਸਾਨਾਂ ਨੂੰ ਅੱਠ ਘੰਟੇ ਬਿਜਲੀ ਸਪਲਾਈ ਯਕੀਨੀ ਬਣਾ ਕੇ ਖੇਤੀਬਾੜੀ ਖੇਤਰ ਵਿੱਚ ਇਤਿਹਾਸਕ ਕਦਮ ਚੁੱਕੇ ਹਨ। ਉਨ੍ਹਾਂ ਅੱਗੇ ਕਿਹਾ ਕਿ ਰਾਜ ਸਰਕਾਰ ਨੇ 4000 ਕਿਲੋਮੀਟਰ ਤੋਂ ਵੱਧ ਪੇਂਡੂ ਲਿੰਕ ਸੜਕਾਂ ਨੂੰ ਵੀ ਅਪਗ੍ਰੇਡ ਕੀਤਾ ਹੈ ਜਿਸ ਨਾਲ ਸੰਪਰਕ ਵਿੱਚ ਸੁਧਾਰ ਹੋਣ ਦੇ ਨਾਲ-ਨਾਲ ਪੇਂਡੂ ਵਿਕਾਸ ਨੂੰ ਹੁਲਾਰਾ ਮਿਲਿਆ ਹੈ। ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪੰਜਾਬ ਵਿੱਚ ਸਾਜ਼ਗਾਰ ਉਦਯੋਗਿਕ ਮਾਹੌਲ ਸਿਰਜਣ ਲਈ ਕਈ ਮਹੱਤਵਪੂਰਨ ਪਹਿਲਕਦਮੀਆਂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਨੇ ਉਦਯੋਗਿਕ ਆਗੂਆਂ ਨਾਲ ਗੱਲਬਾਤ ਲਈ ਇੱਕ ਢੁਕਵਾਂ ਮੰਚ ਪ੍ਰਦਾਨ ਕੀਤਾ ਅਤੇ ਇਹ ਸੂਬੇ 'ਚ ਨਿਵੇਸ਼ ਨੂੰ ਆਕਰਸ਼ਿਤ ਕਰਨ ਵਿੱਚ ਵਧੇਰੇ ਸਹਾਈ ਸਿੱਧ ਹੋਇਆ, ਜਿਸ ਨਾਲ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਹੋਏ। ਸਮਾਜ ਭਲਾਈ ਪਹਿਲਕਦਮੀਆਂ ਦਾ ਜ਼ਿਕਰ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਸਮਾਜ ਦੇ ਕਮਜ਼ੋਰ ਵਰਗਾਂ ਨੂੰ ਸਮਰੱਥ ਬਣਾਉਣ ਦੇ ਉਦੇਸ਼ ਨਾਲ ਕਈ ਯੋਜਨਾਵਾਂ ਸ਼ੁਰੂ ਕੀਤੀਆਂ ਹਨ। ÷ਸਾਡੇ ਬਜ਼ੁਰਗ, ਸਾਡਾ ਮਾਣ÷ ਪਹਿਲਕਦਮੀ ਤਹਿਤ ਬਜ਼ੁਰਗ ਨਾਗਰਿਕਾਂ ਲਈ ਵੱਖ-ਵੱਖ ਭਲਾਈ ਪ੍ਰੋਗਰਾਮ ਅਤੇ ਔਰਤਾਂ ਤੇ ਬੱਚਿਆਂ ਦੀ ਭਲਾਈ ਲਈ ਮਿਸ਼ਨ ਜੀਵਨਜੋਤ ਤੋਂ ਇਲਾਵਾ ਵੱਖ-ਵੱਖ ਸਮਾਜਿਕ ਸੁਰੱਖਿਆ ਉਪਾਵਾਂ ਨੇ ਇਹ ਯਕੀਨੀ ਬਣਾਇਆ ਕਿ ਵਿਕਾਸ ਦਾ ਲਾਭ ਹਰ ਘਰ ਤੱਕ ਪਹੁੰਚੇ। ਕੈਬਨਿਟ ਮੰਤਰੀ ਨੇ ਪਾਣੀ ਦੀ ਸੰਭਾਲ ਅਤੇ ਸਿੰਚਾਈ ਸੁਧਾਰਾਂ ਪ੍ਰਤੀ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਕਿਹਾ ਕਿ ਟੇਲਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਲਈ ਮਹੱਤਵਪੂਰਨ ਕਦਮ ਚੁੱਕੇ ਗਏ ਹਨ, ਜੋ ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਘਟਾਉਣ ਅਤੇ ਖੇਤੀਬਾੜੀ ਆਰਥਿਕਤਾ ਦੀ ਮਜ਼ਬੂਤੀ ਵਿੱਚ ਵਧੇਰੇ ਮਦਦਗਾਰ ਸਿੱਧ ਹੋ ਰਿਹਾ ਹੈ। ਯੁੱਧ ਨਸ਼ਿਆਂ ਵਿਰੁੱਧ ਬਾਰੇ ਬੋਲਦਿਆਂ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਮਾਨ ਸਰਕਾਰ ਨੇ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਨਸ਼ਿਆਂ ਵਿਰੁੱਧ ਵਿਆਪਕ ਮੁਹਿੰਮ ਸ਼ੁਰੂ ਕੀਤੀ ਹੈ। ਉਨ੍ਹਾਂ ਕਿਹਾ ਕਿ ਗੈਂਗਸਟਰਾਂ ਅਤੇ ਸੰਗਠਿਤ ਅਪਰਾਧਾਂ ਵਿਰੁੱਧ ਸਖ਼ਤ ਕਾਰਵਾਈ ਨਾਲ ਲੋਕਾਂ ਦਾ ਭਰੋਸਾ ਬਹਾਲ ਹੋਇਆ ਹੈ ਅਤੇ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਵਿੱਚ ਸੁਧਾਰ ਹੋਇਆ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੇ ਲਗਭਗ 90 ਫੀਸਦੀ ਪਰਿਵਾਰਾਂ ਦਾ ਬਿਜਲੀ ਬਿੱਲ ਹੁਣ ਜ਼ੀਰੋ ਹੋ ਗਿਆ ਹੈ ਜਿਸ ਨਾਲ ਲੋਕਾਂ ਨੂੰ ਵੱਡੀ ਵਿੱਤੀ ਰਾਹਤ ਮਿਲੀ ਹੈ। ਮੰਤਰੀ ਨੇ ਸੂਬਾ ਸਰਕਾਰ ਦੇ 540 ਮੈਗਾਵਾਟ ਦੀ ਸਮਰੱਥਾ ਵਾਲੇ ਗੋਇੰਦਵਾਲ ਸਾਹਿਬ ਥਰਮਲ ਪਾਵਰ ਪਲਾਂਟ ਨੂੰ ਖ਼ਰੀਦਣ ਦੇ ਇਤਿਹਾਸਕ ਫ਼ੈਸਲੇ 'ਤੇ ਵੀ ਚਾਨਣਾ ਪਾਇਆ ਜਿਸ ਨਾਲ ਸੂਬੇ ਦੇ ਬਿਜਲੀ ਢਾਂਚੇ ਨੂੰ ਮਜ਼ਬੂਤੀ ਮਿਲੀ। ਕੈਬਨਿਟ ਮੰਤਰੀ ਨੇ ਕਿਹਾ ਕਿ ਸਰਕਾਰ ਨੇ "ਖੇਡਾਂ ਵਤਨ ਪੰਜਾਬ ਦੀਆਂ" ਰਾਹੀਂ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕੀਤਾ ਹੈ ਜਦਕਿ ਮੁੱਖ ਮੰਤਰੀ ਯੋਗਸ਼ਾਲਾ ਪ੍ਰੋਗਰਾਮ ਨੇ ਨਾਗਰਿਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ ਹੈ। ਇਸੇ ਤਰ੍ਹਾਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਨੇ ਸੀਨੀਅਰ ਨਾਗਰਿਕਾਂ ਨੂੰ ਮੁਫਤ ਤੀਰਥ ਯਾਤਰਾ ਕਰਨ ਦੇ ਯੋਗ ਬਣਾਇਆ ਹੈ ਜਿਸ ਦੀ ਸੂਬੇ ਭਰ ਵਿੱਚ ਵਿਆਪਕ ਸ਼ਲਾਘਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ "ਮੇਰਾ ਘਰ, ਮੇਰੇ ਨਾਮ "ਸਕੀਮ ਅਤੇ ਸਰਲ ਜਾਇਦਾਦ ਰਜਿਸਟ ?ਰੇਸ਼ਨ ਸੇਵਾਵਾਂ ਸਮੇਤ ਮਾਲ ਵਿਭਾਗ ਦੇ ਸੁਧਾਰਾਂ ਸਦਕਾ ਲੋਕਾਂ ਲਈ ਪਾਰਦਰਸ਼ਤਾ ਅਤੇ ਬਿਹਤਰ ਸਹੂਲਤਾਂ ਯਕੀਨੀ ਬਣਾਈਆਂ ਗਈਆਂ ਹਨ। ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੇ ਲੋਕਾਂ ਨਾਲ ਨੇੜਤਾ ਬਰਕਰਾਰ ਰੱਖੀ ਹੈ ਅਤੇ ਸਮੇਂ ਸਿਰ ਰਾਹਤ ਅਤੇ ਮੁੜ ਵਸੇਬੇ ਨੂੰ ਯਕੀਨੀ ਬਣਾਉਣ ਲਈ ਹੜ੍ਹ ਅਤੇ ਆਫ਼ਤ ਪ੍ਰਭਾਵਿਤ ਇਲਾਕਿਆਂ ਦਾ ਨਿੱਜੀ ਤੌਰ 'ਤੇ ਦੌਰਾ ਕੀਤਾ ਹੈ। ਮੰਤਰੀ ਨੇ ਕਿਹਾ ਕਿ ਅਜਿਹੀਆਂ ਸ਼ਾਨਦਾਰ ਪ੍ਰਾਪਤੀਆਂ ਦੇ ਬਾਵਜੂਦ ਕੁਝ ਵਿਰੋਧੀ ਆਗੂ ਸਦਨ ਵਿੱਚ ਸੂਬਾ ਸਰਕਾਰ ਦੀ ਬੇਬੁਨਿਆਦ ਆਲੋਚਨਾ ਕਰਦੇ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਕੀਤੇ ਗਏ ਵਿਕਾਸ ਕਾਰਜ ਮੂੰਹੋਂ ਬੋਲਦੇ ਹਨ, ਜੋ ਪ੍ਰਸ਼ਾਸਨ ਅਤੇ ਜਨਤਕ ਸੇਵਾਵਾਂ ਪ੍ਰਦਾਨ ਕਰਨ ਵਿੱਚ ਨਵੇਂ ਮਾਪਦੰਡ ਸਥਾਪਤ ਕਰਦੇ ਹਨ। ਉਨ੍ਹਾਂ ਸੂਬਾ ਸਰਕਾਰ ਵੱਲੋਂ ਜਨਰਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ ਵਰਗ ਦੀਆਂ ਔਰਤਾਂ ਨੂੰ 1500 ਰੁਪਏ ਦੀ ਵਿੱਤੀ ਸਹਾਇਤਾ ਦੇਣ ਦੇ ਫ਼ੈਸਲੇ ਦੀ ਸ਼ਲਾਘਾ ਕੀਤੀ ਜਿਸ ਨਾਲ ਔਰਤਾਂ ਦੇ ਸਸ਼ਕਤੀਕਰਨ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ ਅਤੇ ਘਰੇਲੂ ਵਿੱਤੀ ਸਥਿਰਤਾ ਵਿੱਚ ਸੁਧਾਰ ਹੋਵੇਗਾ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਵਾਂ ਬਜਟ ਸੂਬੇ ਦੇ ਹਰ ਨਾਗਰਿਕ ਲਈ ਖੁਸ਼ਹਾਲੀ ਨੂੰ ਯਕੀਨੀ ਬਣਾਉਂਦੇ ਹੋਏ ਸਰਬਪੱਖੀ ਅਤੇ ਸੰਤੁਲਿਤ ਵਿਕਾਸ ਲਈ ਸਪੱਸ਼ਟ ਰੂਪ ਰੇਖਾ ਤਿਆਰ ਕਰਦਾ ਹੈ।

ADVERTISE YOUR BUSINESS HERE
+91-9878-55-2070

ਹਰਿਆਣਾ ਖਬਰਨਾਮਾ
# ਸਭ ਤੋਂ ਫਾਸਟ ਆਹਮੋ-ਸਾਹਮਣੇ
SABSE FAST AAMNE SAAMNE
Rni No Punpun 2015/60599
8-14 March 2026
ਕੀਮਤ : 5 ਰੁਪਏ

ADVERTISE YOUR BUSINESS HERE
+91-9878-55-2070

ਸਾਲ 2026 / ਮਨਦੀਪ ਕੌਰ (ਸਬ ਐਡੀਟਰ) / ਈ-ਮੇਲ : editoraamnesaamne@gmail.com/ ਮੋਬਾਈਲ : 9878552070, 9780802013

## ਘਰੇਲੂ ਗੈਸ ਦੀ ਕੋਈ ਕਿੱਲਤ ਨਹੀਂ-ਰਾਜ ਮੰਤਰੀ ਰਾਜੇਸ਼ ਨਾਗਰ

### ਕਿਹਾ, ਅਫਵਾਹ ਫੈਲਾ ਕੇ ਕਾਲਾਬਾਜਾਰੀ ਕਰਨ ਵਾਲਿਆਂ ਖਿਲਾਫ ਹੋਵੇਗੀ ਸਖਤ ਕਾਰਵਾਈ

ਕੈਪਟਨ ਸੁਭਾਸ਼ ਚੰਦਰ ਸ਼ਰਮਾ

ਚੰਡੀਗੜ੍ਹ, - ਹਰਿਆਣਾ ਦੇ ਖੁਰਾਕ ਅਤੇ ਸਿਵਲ ਸਪਲਾਈ ਰਾਜ ਮੰਤਰੀ ਸ੍ਰੀ ਰਾਜੇਸ਼ ਨਾਗਰ ਨੇ ਕਿਹਾ ਕਿ ਸੂਬੇ ਵਿੱਚ ਪੈਟਰੋਲ, ਡੀਜ਼ਲ ਅਤੇ ਘਰੇਲ ਐਲਪੀਜੀ ਗੈਸ ਦੀ ਸਪਲਾਈ ਪੂਰੀ ਤਰ੍ਹਾ ਨਾਲ ਆਮ ਹੈ। ਮਿਡਲ ਇਸਟ ਵਿੱਚ ਉਤਪਨ ਯੁੱਧ ਵਰਗੇ ਹਾਲਾਤਾਂ ਵਿੱਚ ਵੀ ਜੋ ਸ਼ਰਾਰਤੀ ਅਤੇ ਸਾਜਿਸ਼ਕਰਨ ਵਾਲੇ ਅਫਵਾਹ ਫੈਲਾ ਰਹੇ ਹਨ, ਸਰਕਾਰ ਉਨ੍ਹਾਂ ਦੇ ਖਿਲਾਫ ਸਖਤ ਕਾਰਵਾਈ ਕਰੇਗੀ। ਰਾਜ ਮੰਤਰੀ ਸ੍ਰੀ ਨਾਗਰ ਨੇ ਕਿਹਾ ਕਿ ਆਮਜਨਤਾ ਅਫਵਾਹਾਂ 'ਤੇ ਧਿਆਨ ਨਾ ਦਵੇ। ਭਾਰਤ ਸਰਕਾਰ ਦੇ ਪੈਟਰੋਲਿਅਮ ਅਤੇ ਕੁਦਰਤੀ ਗੇਸ ਮੰਤਰਾਲੇ, ਨਵੀਂ ਦਿੱਲੀ ਵੱਲੋਂ 9 ਮਾਰਚ, 2026 ਨੂੰ ਜਾਰੀ ਇੱਕ ਮਹਤੱਵਪੂਰਣ ਪੱਤਰ ਵਿੱਚ ਪ੍ਰਾਥਮਿਕ ਖੇਤਰਾਂ ਲਈ ਘਰੇਲੂ ਐਲਪੀਜੀ ਗੈਸ ਦੀ ਸਪਲਾਈ, ਉਸ ਦੇ ਸਮੂਚੇ ਅਤੇ ਸਮਾਨ ਵੰਡ ਅਤੇ ਉਪਲਬਧਤਾ ਯਕੀਨੀ ਕਰਨ ਦੇ ਸਬੰਧ ਵਿੱਚ ਜਰੂਰੀ ਦਿਸ਼ਾ-ਨਿਰਦੇਸ਼ ਦਿੱਤੇ ਗਏ ਹਨ। ਇੰਨ੍ਹਾਂ ਦਿਸ਼ਾ-ਨਿਰਦੇਸ਼ਾਂ ਦੇ ਪਾਲਣ ਵਿੱਚ ਹਰਿਆਣਾ ਸਰਕਾਰ ਨੇ ਤੁਰੰਤ ਪ੍ਰਭਾਵ ਨਾਲ ਸਾਰੇ ਜਰੂਰੀ ਕਦਮ ਚੁੱਕੇ ਹਨ। ਮੌਜੂਦਾ ਵਿੱਚ ਹਰਿਆਣਾ ਰਾਜ ਵਿੱਚ ਪੈਟਰੋਲ, ਡੀਜ਼ਲ ਅਤੇ ਘਰੇਲੂ ਐਲਪੀਜੀ ਦੀ ਸਪਲਾਈ ਪੂਰੀ ਤਰ੍ਹਾ ਸੁਚਾਰੂ ਰੂਪ ਨਾਲ ਚੱਲ ਰਹੀ ਹੈ। ਪ੍ਰਮੁੱਖ ਤੇਲ ਕੰਪਨੀਆਂ-ਇੰਡੀਅਨ ਆਇਲ ਕਾਰਪੋਰੇਸ਼ਨ ਲਿਮੀਟੇਡ (ਆਈਓਸੀਐਲ), ਭਾਰਤ ਪੈਟਰੋਲਿਅਮ ਕਾਰਪੋਰੇਸ਼ਨ ਲਿਮੀਟੇਡ (ਬੀਪੀਸੀਐਲ) ਅਤੇ ਹਿੰਦੂਸਤਾਨ ਪੈਟਰੋਲੀਅਮ ਕਾਰਪੋਰੇਸ਼ਨ ਲਿਮੀਟੇਡ (ਐਚਪੀਸੀਐਲ) ਦੇ ਕੋਲ ਕਾਫੀ ਸਟਾਕ ਉਪਲਬਧ ਹੈ। ਇਸ ਦੇ ਤੋਂ ਇਲਾਵਾ ਗੈਸ ਦੀ ਸਪਲਾਈ ਲਗਾਤਾਰ ਰੂਪ ਤੋਂ ਪ੍ਰਾਪਤ ਹੋ ਰਹੀ ਹੈ, ਜਿਸ ਨਾਲ ਖਪਤਕਾਰਾਂ ਨੂੰ ਕਿਸੇ ਤਰ੍ਹਾ ਦੀ ਕਮੀ ਦਾ ਸਾਹਮਣਾ ਨਾ ਕਰਨਾ ਪਵੇ।

ਸ੍ਰੀ ਨਾਗਰ ਨੇ ਕਿਹਾ ਕਿ ਵਿਭਾਗ ਪੂਰੀ ਸਜਗਤਾ ਦੇ ਨਾਲ ਕੇਂਦਰ ਸਰਕਾਰ ਦੀ ਬਿਨ੍ਹਾ ਰੁਕਾਵਟ ਸਪਲਾਈ ਚੇਨ ਨੂੰ ਮਜਬੂਤ ਕਰਨ ਅਤੇ ਖਪਤਕਾਰਾਂ ਦੀ ਜਰੂਰਤਾਂ ਨੂੰ ਪੂਰਾ ਕਰਨ ਲਈ ਕੰਮ ਕਰ ਰਹੀ ਹੈ। ਵਿਭਾਗ ਦੇ ਅਧਿਕਾਰੀ 24 ਘੰਟੇ ਨਿਗਰਾਨੀ ਕਰ ਰਹੇ ਹਨ, ਤਾਂ ਜੋ ਮੰਗ ਅਤੇ ਸਪਲਾਹੀ ਦੇ ਵਿੱਚ ਪੂਰਾ ਤਾਲਮੇਲ ਬਣਿਆ ਰਹੇ।



ਉਨ੍ਹਾਂ ਨੇ ਭਰੋਸਾ ਦਿੱਤਾ ਕਿ ਰਾਜ ਵਿੱਚ ਰਸੋਈ ਗੈਸ ਜਾਂ ਪੈਟਰੋਲ-ਡੀਜ਼ਲ ਦੀ ਸਪਲਾਈ ਵਿੱਚ ਕਿਸੇ ਵੀ ਤਰ੍ਹਾ ਦੀ ਕਮੀ ਨਹੀਂ ਹੋਣ ਦਿੱਤੀ ਜਾਵੇਗੀ। ਸਿਰਫ ਕਮਰਸ਼ਿਅਲ ਸਿਲੇਂਡਰਾਂ ਦੀ ਸਪਲਾਈ ਵਿੱਚ ਅਸਥਾਈ ਰੂਪ ਨਾਲ ਕੁੱਝ ਰੁਕਾਵਟ ਉਤਪਨ ਹੋਈ ਹੈ, ਉਸ ਤੋਂ ਵੀ ਜਲਦੀ ਹੀ ਨਿਜਾਤ ਪਾ ਲਈ ਜਾਵੇਗੀ। ਇਹ ਅਸਥਾਈ ਰੁਕਾਵਟ ਵਿਸ਼ਵ ਹਾਲਾਤਾਂ ਤੋਂ ਪ੍ਰਭਾਵਿਤ ਹਨ ਫਿਰ ਵੀ, ਆਇਲ ਕੰਪਨੀਆਂ ਇਸ ਅਸਥਾਈ ਰੁਕਾਵਟ ਨੂੰ ਵੀ ਦੂਰ ਕਰਨ ਤਹਿਤ ਲਗਾਤਾਰ ਯਤਨਸ਼ੀਲ ਹਨ। ਪ੍ਰਾਥਮਿਕਤਾ ਆਧਾਰ 'ਤੇ ਕਮਰਸ਼ਿਅਲ ਸਿਲੇਂਡਰਾਂ ਦੀ ਸਪਲਾਈ ਵਿਦਿਅਕ ਅਦਾਰਿਆਂ, ਹਸਪਤਾਲਾਂ ਅਤੇ ਹੋਰ ਜਰੂਰੀ ਸੇਵਾਵਾਂ ਨਾਲ ਜੁੜੇ ਪ੍ਰਤਿਸ਼ਠਾਨਾਂ ਨੂੰ ਯਕੀਨੀ ਕੀਤੀ ਜਾ ਰਹੀ ਹੈ। ਬਾਕੀ ਵੰਡ ਨੂੰ ਆਮ ਕਰਨ ਲਈ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ ਹੈ, ਅਤੇ ਜਲਦੀ ਹੀ ਸਥਿਤੀ ਪੂਰੀ ਤਰ੍ਹਾ ਕੰਟਰੋਲ ਹੋ ਜਾਵੇਗੀ। ਰਾਜਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਦਾ ਪ੍ਰਾਥਮਿਕ ਉਦੇਸ਼ ਹਰ ਘਰ ਵਿੱਚ ਰਸੋਈ ਗੈਸ ਕਾਫੀ ਗਿਣਤੀ ਵਿੱਚ ਉਪਲਬਧ ਕਰਵਾਉਣਾ ਅਤੇ ਯਕੀਨੀ ਕਰਨਾ ਹੈ ਕਿ ਵਾਹਨਾਂ ਦੇ ਇੰਜਨ ਸੁਚਾਰੂ ਰੂਪ ਨਾਲ ਚਲਦੇ ਰਹਿਣ। ਕੇਂਦਰ ਸਰਕਾਰ ਦੇ ਸਹਿਯੋਗ ਨਾਲ ਅਸੀਂ ਰਾਜ ਪੱਧਰ 'ਤੇ ਮਜਬੂਤ ਵੰਡ ਨੈਟਵਰਕ ਵਿਕਸਿਤ ਕੀਤਾ ਹੈ, ਜਿਸ ਵਿੱਚ 5,000 ਤੋਂ ਵੱਧ ਵਿਤਰਕ ਸ਼ਾਮਿਲ ਹਨ। ਇੰਨ੍ਹਾਂ ਦੇ ਰਾਹੀਂ ਰੋਜਾਨਾ ਲੱਖਾਂ ਸਿਲੇਂਡਰ ਵੰਡੇ ਜਾ ਰਹੇ ਹਨ। ਸ੍ਰੀ ਨਾਗਰ ਨੇ ਚੋਰੀ, ਕਾਲਾਬਾਜਾਰੀ ਜਾਂ ਅਣਅਥੋਰਾਇਜਡ ਵੰਡ 'ਤੇ ਪ੍ਰਭਾਵੀ ਰੋਕ ਲਗਾਉਣ ਦੇ ਉਦੇਸ਼ ਨਾਲ ਰਾਜ ਦੇ ਸਾਰੇ ਡਿਪਟੀ ਕਮਿਸ਼ਨਰਾਂ, ਪੁਲਿਸ ਸੁਪਰਡੈਂਟਾਂ ਅਤੇ ਜਿਲ੍ਹਾ ਖੁਰਾਕ ਅਤੇ ਸਪਲਾਈ ਕੰਟਰੋਲਰਾਂ ਨੂੰ ਸਖਤ ਨਿਰਦੇਸ਼ ਦਿੱਤੇ ਹਨ। ਇੰਨ੍ਹਾਂ ਨਿਰਦੇਸ਼ਾਂ ਵਿੱਚ ਵਿਸ਼ੇਸ਼ ਮੁਹਿੰਮ ਚਲਾਉਣ, ਸਟਾਕ ਦੀ ਰੋਜਾਨਾ ਰਿਪੇਟਿੰਗ ਅਤੇ ਖਪਤਕਾਰ ਸ਼ਿਕਾਇਤਾਂ ਦੇ ਤੁਰੰਤ ਨਿਪਟਾਰੇ ਦਾ ਪ੍ਰਾਵਧਾਨ ਹੈ। ਵਿਭਾਗ ਨੇ ਹੈਲਪਲਾਇਨ ਨੰਬਰ 1967 ਨੂੰ ਸਰਗਰਮ ਰੱਖਿਆ ਹੈ, ਜਿੱਥੇ ਖਪਤਕਾਰ ਆਪਣੀ ਸ਼ਿਕਾਇਤਾਂ ਦਰਜ ਕਰਾ ਸਕਦੇ ਹਨ। ਮੰਤਰੀ ਸ੍ਰੀ ਨਾਗਰ ਨੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਐਲਪੀਜੀ ਗੈਸ ਜਾਂ ਪੈਟਰੋਲਿਅਮ ਉਤਪਾਦਾਂ ਦੀ ਸਪਲਾਈ ਨੂੰ ਲੈ ਕੇ ਸੋਸ਼ਲ ਮੀਡੀਆ ਜਾਂ ਹੋਰ ਸਰੋਤਾਂ ਤੋਂ ਫੈਲ ਰਹੀ ਅਫਵਾਹਾਂ 'ਤੇ ਧਿਟਾਨ ਨਾ ਦੇਣ। ਉਨ੍ਹਾਂ ਨੇ ਕਿਹਾ ਕਿ ਨਾਗਰਿਕ ਗੇਰ-ਜਰੂਰੀ ਘਬਰਾਹਟ ਅਤੇ ਸਟੋਰੇਜ ਤੋਂ ਬੱਚਣ, ਕਿਉਂਕਿ ਇਸ ਤੋਂ ਬਾਜਾਰ ਵਿੱਚ ਬਨਾਵਟੀ ਕਮੀ ਪੈਦਾ ਹੋ ਸਕਦੀ ਹੈ।

## 2047 ਦੇ ਵਿਕਸਿਤ ਭਾਰਤ ਵਿੱਚ ਹਰਿਆਣਾ ਦੀ ਰਹੇਗੀ ਮੋਹਰੀ ਭੂਮਿਕਾ-ਮੁੱਖ ਮੰਤਰੀ ਨਾਇਬ ਸਿੰਘ ਸੈਣੀ

### ਉਦਯੋਗ ਅਤੇ ਕੌਸ਼ਲ 'ਤੇ ਵਿਸ਼ੇਸ਼ ਧਿਆਨ ਦੇ ਰਹੀ ਹਰਿਆਣਾ ਸਰਕਾਰ-ਮੁੱਖ ਮੰਤਰੀ

ਐਸ. ਕੇ. ਸਕਸੈਨਾ



ਚੰਡੀਗੜ੍ਹ, - ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ 2047 ਦੇ ਵਿਕਸਿਤ ਭਾਰਤ ਵਿੱਚ ਹਰਿਆਣਾ ਦੀ ਮੋਹਰੀ ਭੂਮਿਕਾ ਰਹੇਗੀ। ਇਸ ਦੇ ਲਈ ਹਰਿਆਣਾ ਲਗਾਤਾਰ ਯਤਨ ਕਰ ਰਿਹਾ ਹੈ। ਉਨ੍ਹਾਂ ਨੇ ਵਿਕਸਿਤ ਭਾਤਰ ਦਾ ਟੀਚੇ ਦੇਣ 'ਤੇ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦਾ ਧੰਨਵਾਦ ਕੀਤਾ। ਮੁੱਖ ਮੰਤਰੀ ਵੀਰਵਾਰ ਨੂੰ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿੱਚ ਆਯੋਜਿਤ ਇੱਕ ਸਮਿਟ ਵਿੱਚ ਬੋਲ ਰਹੇ ਸਨ। ਇਸ ਦੌਰਾਨ ਸੰਬੋਧਿਤ ਕਰਦੇ ਹੋਏ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਕਿਸਾਨ, ਮਹਿਲਾ ਸਸ਼ਕਤੀਕਰਨ, ਨੌਜੁਆਨਾਂ ਨੂੰ ਰੁਜਗਾਰ ਅਤੇ ਗਰੀਬ ਉਤਥਾਨ ਦੇ ਚਾਰ ਥੰਭਾਂ 'ਤੇ ਕੰਮ ਕਰਨ ਦੀ ਅਪੀਲ ਕੀਤੀ ਹੈ। ਹਰਿਆਣਾ ਸਰਕਾਰ ਇਨ੍ਹਾਂ ਸਾਰਿਆਂ 'ਤੇ ਤੇਜੀ ਨਾਲ ਕੰਮ ਕਰ ਰਹੀ ਹੈ। ਅੱਜ ਹਰਿਆਣਾ ਦਾ ਕਿਸਾਨ ਪਾਰੰਪਰਿਕ ਖੇਤੀ ਦੇ ਨਾਲ ਨਾਲ ਕੁਦਰਤੀ ਖੇਤੀ, ਬਾਗਵਾਨੀ ਵਿੱਚ ਬੇਹਤਰ ਕੰਮ ਕਰ ਰਹੀ ਹੈ। ਹਰਿਆਣਾ ਸਰਕਾਰ ਵੱਲੋਂ ਮਹਿਲਾ ਸਸ਼ਕਤੀਕਰਨ ਨੂੰ ਧਿਆਨ ਵਿੱਚ ਰੱਖਦੇ ਹੋਏ ਵੱਖ ਵੱਖ ਯੋਜਨਾਵਾਂ ਦਾ ਲਾਗੂਕਰਨ ਕੀਤਾ ਜਾ ਰਿਹਾ ਹੈ। ਅੱਜ ਮਹਿਲਾਵਾਂ ਖੇਤੀਬਾੜੀ, ਹੈਲਥ, ਸਿੱਖਿਆ ਅਤੇ ਹੋਰ ਖੇਤਰਾਂ ਵਿੱਚ ਭਰਪੂਰ ਯੋਗਦਾਨ ਦੇ ਰਹੀ ਹੈ। ਸੂਬਾ ਸਰਕਾਰ ਨੇ ਨੌਜੁਆਨਾਂ ਲਈ ਸਟਾਰਟਅਪ ਨੀਤੀ ਬਣਾਈ ਹੈ। ਗਰੀਬ ਉਥਾਨ ਲਈ ਮਜਬੂਤੀ ਨਾਲ ਕੰਮ ਕੀਤਾ ਜਾ ਰਿਹਾ ਹੈ। ਆਯੁਸ਼ਮਾਨ ਭਾਰਤ, ਪੀਐਮ ਆਵਾਸ ਯੋਜਨਾ, ਪੀਐਮ ਜਨਧਨ ਖਾਤਾ ਯੋਜਨਾ, ਕਿਸਾਨ ਸਨਮਾਨ ਨਿਧੀ ਜਿਹੀ ਯੋਜਨਾਵਾਂ ਦਾ ਲਾਗੂਕਰਨ ਕੀਤਾ ਜਾ ਰਿਹਾ ਹੈ।

**ਭਵਿੱਖ ਦੀ ਜਰੂਰਤਾਂ ਨੂੰ ਧਿਆਨ ਵਿੱਚ ਰੱਖ ਕੇ ਯੋਜਨਾਵਾਂ 'ਤੇ ਕੰਮ ਕਰੇਗਾ ਫਿਊਚਰ ਡਿਪਾਰਟਮੈਂਟ**-ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਭਵਿੱਖ ਨੂੰ ਧਿਆਨ ਵਿੱਚ ਰੱਖਦੇ ਹੋਏ ਹਰਿਆਣਾ ਸਰਕਾਰ ਨੇ ਫਿਊਚਰ ਡਿਪਾਰਟਮੈਂਟ ਬਣਾਇਆ ਹੈ। ਇਸ ਦਾ ਮਕਸਦ ਹੈ ਕਿ ਆਉਣ ਵਾਲੇ ਸਮੇ ਵਿੱਚ ਲੰਬੇ ਸਮੇ ਨੂੰ ਧਿਆਨ ਵਿੱਚ ਰੱਖ ਕੇ ਯੋਜਨਾਵਾਂ ਬਣਾਈ ਜਾਵੇ ਤਾਂ ਜੋ ਲੋਕਾਂ ਨੂੰ ਕੋਈ ਪਰੇਸ਼ਾਨੀ ਨਾ ਆਵੇ। ਇਸੇ ਸੋਚ ਨਾਲ ਹਰਿਆਣਾ ਸਰਕਾਰ ਯੂਨਿਵਰਸਿਟੀਆਂ ਵਿੱਚ ਪਢਨ ਵਾਲੇ ਨੌਜੁਆਨਾਂ ਨੂੰ ਸ਼ੋਧ ਲਈ ਪ੍ਰੋਤਸਾਹਿਤ ਕਰ ਰਹੀ ਹੈ ਤਾਂ ਜੋ ਯੂਨਿਵਰਸਿਟੀਆਂ ਦੇ ਵਿਦਿਆਰਥੀ ਵੱਖ ਵੱਖ ਖੇਤਰਾਂ ਵਿੱਚ ਸ਼ੋਧ ਕਰ ਸਕਣ ਅਤੇ ਇਹ ਪਛਾਣ ਸਕਣ ਕਿ ਕਿਨ੍ਹਾਂ ਖੇਤਰਾਂ ਵਿੱਚ ਕੀ-ਕੀ ਸਮੱਸਿਆਵਾਂ ਹਨ। ਇਸ ਦੇ ਨਾਲ ਨਾਲ ਇਨ੍ਹਾਂ ਦਾ ਹੱਲ ਵੀ ਕੱਡ ਸਕਣ।

**ਸਰਕਾਰ ਦਾ ਉਦੇਸ਼ ਨੌਜੁਆਨਾਂ ਨੂੰ ਨਵੀਂ ਤਕਨੀਕਾਂ ਨਾਲ ਜੋੜਨਾ**- ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੇ ਕੁਸ਼ਲ ਮਾਰਗਦਰਸ਼ਨ ਵਿੱਚ ਭਾਰਤ ਏਆਈ, ਰਿਸਰਚ ਅਤੇ ਵਿਕਾਸ ਨੂੰ ਅਪਣਾ ਰਿਹਾ ਹੈ। ਪ੍ਰਧਾਨ ਮੰਤਰੀ ਜੀ ਲਗਾਤਾਰ ਇਸ ਗੱਲ 'ਤੇ ਜੋਰ ਦਿੰਦੇ ਰਹੇ ਹਨ ਕਿ ਨਵੀਂ ਤਕਨੀਕਾਂ ਦਾ ਵੱਧ ਤੋਂ ਵੱਧ ਉਪਯੋਗ ਆਮ ਜਨਤਾ ਦੀ ਭਲਾਈ ਲਈ ਕੀਤਾ ਜਾਣਾ ਚਾਹੀਦਾ ਹੈ। ਹਾਲ ਹੀ ਵਿੱਚ ਆਯੋਜਿਤ ਏਆਈ ਸਮਿਟ ਵਿੱਚ ਵੀ ਦੁਨਿਆਭਰ ਤੋਂ ਮਾਹਿਰ ਅਤੇ ਪ੍ਰਤੀਨਿਧੀ ਭਾਰਤ ਅਏ ਅਤੇ ਉਨ੍ਹਾਂ ਨੇ ਤਕਨੀਕ ਦੇ ਭਵਿੱਖ ਨੂੰ ਲੈ ਕੇ ਆਪਣੇ ਵਿਚਾਰ ਸਾਂਝਾ ਕੀਤੇ। ਇਸੇ ਦਿਸ਼ਾ ਵਿੱਚ ਹਰਿਆਣਾ ਸਰਕਾਰ ਵੀ ਅੱਗੇ ਵੱਧ ਰਹੀ ਹੈ। ਪਿਛਲੇ ਬਜਟ ਵਿੱਚ ਇਹ ਐਲਾਨ ਕੀਤਾ ਸੀ ਕਿ ਪੰਚਕੂਲਾ ਅਤੇ ਗੁਰੂਗ੍ਰਾਮ ਵਿੱਚ ਦੋ ਸਥਾਨਾਂ 'ਤੇ ਏਆਈ ਹਬ ਸਥਾਪਿਤ ਕੀਤੇ ਜਾਣਗੇ। ਇਸ ਦਿਸ਼ਾ ਵਿੱਚ ਕੰਮ ਤੇਜੀ ਨਾਲ ਅੱਗੇ ਵੱਧ ਰਹੀ ਹੈ। ਹਾਲ ਹੀ ਵਿੱਚ ਚੰਡੀਗੜ੍ਹ ਵਿੱਚ ਵੀ ਇੱਕ ਏਆਈ ਸਮਿਟ ਆਯੋਜਿਤ ਕੀਤੀ ਗਈ, ਜਿਸ ਵਿੱਚ ਇਸ ਖੇਤਰ ਨਾਲ ਜੁੜੇ ਮਾਹਿਰਾਂ ਅਤੇ ਪ੍ਰਤੀਭਾਗੀਆਂ ਨੇ ਹਿੱਸਾ ਲਿਆ। ਏਆਈ ਹਬ ਲਈ ਕਈ ਕੰਪਨਿਆਂ ਨੇ ਰੂਚੀ ਵਿਖਾਉਂਦੇ ਹੋਏ ਪ੍ਰਸਤਾਵ ਵੀ ਦਿੱਤੇ ਹਨ। ਸਰਕਾਰ ਦਾ ਉਦੇਸ਼ ਨੌਜੁਆਨਾਂ ਨੂੰ ਨਵੀਂ ਤਕਨੀਕਾਂ ਨਾਲ ਜੋੜਨਾ ਅਤੇ ਉਨ੍ਹਾਂ ਨੂੰ ਇਸ ਖੇਤਰ ਵਿੱਚ ਕੁਸ਼ਲ ਬਨਾਉਣਾ ਹੈ।

**ਆਈਐਮਟੀ ਸਥਾਪਿਤ ਕੀਤੇ ਜਾਣ ਨੂੰ ਲੈ ਕੇ ਤੇਜੀ ਨਾਲ ਹੋ ਰਿਹਾ ਕੰਮ**-ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਦੀ ਸਭ ਤੋਂ ਵੱਡੀ ਤਾਕਤ ਉਸ ਦੀ ਮਜਬੂਤ ਕਨੇਕਟਿਵਿਟੀ ਹੈ। ਰਾਜ ਵਿੱਚ ਫੋਰ-ਲੇਨ ਸੜਕਾਂ, ਐਕਸਪ੍ਰੇਸਵੇ, ਗ੍ਰੀਨਫੀਲਡ ਐਕਸਪ੍ਰੇਸਵੇ, ਰੇਲਵੇ ਅਤੇ ਹਵਾਈ ਕਨੇਕਟਿਵਿਟੀ ਤੇਜੀ ਨਾਲ ਵਿਕਸਿਤ ਹੋ ਰਹੀ ਹੈ। ਇਸ ਦੇ ਨਾਲ ਹੀ ਰਾਸ਼ਟਰੀ ਰਾਜਧਾਨੀ ਖੇਤਰ (ਐਨਸੀਆਰ) ਦਾ ਹਿੱਸਾ ਹੋਣ ਕਾਰਨ ਹਰਿਆਣਾ ਨੂੰ ਵਾਧੂ ਲਾਭ ਮਿਲਦਾ ਹੈ। ਪਿਛਲੇ ਬਜਟ ਵਿੱਚ ਸਰਕਾਰ ਨੇ 10 ਇੰਡਸਟ੍ਰਿਅਲ ਮਾਡਲ ਟਾਉਨਸ਼ਿਪ (ਆਈਐਮਟੀ) ਸਥਾਪਿਤ ਕਰਨ ਦਾ ਐਲਾਨ ਕੀਤਾ ਸੀ। ਇਨ੍ਹਾਂ ਵਿੱਚੋਂ ਲਗਭਗ ਛੇ 'ਤੇ ਤੇਜੀ ਨਾਲ ਕੰਮ ਸ਼ੁਰੂ ਹੋ ਚੁੱਕਾ ਹੈ, ਜਦੋਂ ਕਿ ਬਾਕੀ ਤੇ ਬਹੁਤ ਜਲਦ ਕੰਮ ਸ਼ੁਰੂ ਕੀਤਾ ਜਾਵੇਗਾ। ਇਨ੍ਹਾਂ ਟਾਉਨਸ਼ਿਪ ਦਾ ਉਦੇਸ਼ ਉਦਯੋਗਾਂ ਲਈ ਬੇਹਤਰ ਬੁਨਿਆਦੀ ਢਾਂਚਾ ਤਿਆਰ ਕਰਨਾ ਹੈ ਤਾਂ ਜੋ ਵੱਧ ਤੋਂ ਵੱਧ ਕੰਪਨਿਆਂ ਹਰਿਆਣਾ ਵਿੱਚ ਨਿਵੇਸ਼ ਕਰ ਸਕਣ। ਸਰਕਾਰ ਨੇ ਉਦਯੋਗਾਂ ਨੂੰ ਪ੍ਰੋਤਸਾਹਨ ਦੇਣ ਲਈ ਆਪਣੀ ਉਦਯੋਗਿਕਿ ਨੀਤੀਆਂ ਨੂੰ ਵੀ ਮਜਬੂਤ ਕੀਤਾ ਹੈ। ਨਵੀਂ ਇੰਡਸਟ੍ਰਿਅਲ ਪਾਲਿਸੀ ਅਤੇ ਸੇਮੀਕੰਡਕਟਰ ਨੀਤੀ 'ਤੇ ਵੀ ਕੰਮ ਕੀਤਾ ਜਾ ਰਿਹਾ ਹੈ ਤਾਂ ਜੋ ਹਾਈ ਟੇਕ ਉਦਯੋਗਾਂ ਨੂੰ ਹਰਿਆਣਾ ਵਿੱਚ ਸਥਾਪਿਤ ਹੋਣ ਲਈ ਬੇਹਤਰ ਮੌਕੇ ਮਿਲ ਸਕਣ। ਰੁਜਗਾਰ ਦੇ ਵਿਸ਼ਾਂ 'ਤੇ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਰੁਜ਼ਗਾਰ ਸ੍ਰਿਜਨ ਨੂੰ ਲੈ ਕੇ ਲਗਾਤਾਰ ਕੰਮ ਕਰ ਰਹੀ ਹੈ। ਹਰਿਆਣਾ ਵਿੱਚ ਰੁਜ਼ਗਾਰ ਦਾ ਸੱਭ ਤੋਂ ਵੱਡਾ ਸਰੋਤ ਖੇਤੀਬਾੜੀ ਖੇਤਰ ਹੈ, ਇਸ ਲਈ ਖੇਤੀਬਾੜੀ ਦੇ ਵੱਖ-ਵੱਖ ਖੇਤਰਾਂ ਵਿੱਚ ਨਵੇਂ ਮੌਕੇ ਪੈਦਾ ਕਰਨ 'ਤੇ ਜੋਰ ਦਿੱਤਾ ਜਾ ਰਿਹਾ ਹੈ। ਰਾਜ ਵਿੱਚ ਲੀਚੀ, ਅਰਮੂਦ, ਕਿਨੂੰ ਅਤੇ ਸਟ ?ਰਾਅਬੇਰੀ ਲਹੀ ਚਾਰ ਸੈਂਟਰ ਆਫ ਐਕਸੀਲੈਂਸ ਸਥਾਪਿਤ ਕੀਤੇ ਜਾ ਰਹੇ ਹਨ, ਜਿਨ੍ਹਾਂ ਦੇ ਰਾਹੀਂ ਆਧੁਨਿਕ ਖੇਤੀਬਾੜੀ ਤਕਨੀਕ ਨੂੰ ਪ੍ਰੋਤਸਾਹਨ ਦਿੱਤਾ ਜਾਵੇਵਾ ਅਤੇ ਕਿਸਾਨਾਂ ਅਤੇ ਨੌਜੁਆਨਾ ਦੇ ਲਈ ਨਵੇਂ ਰੁਜ਼ਗਾਰ ਦੇ ਮੌਕੇ ਪੈਦਾ ਹੋਣਗੇ।

**ਉਦਯੋਗ ਅਤੇ ਸਕਿਲ ਵਿਕਾਸ 'ਤੇ ਵਿਸ਼ੇਸ਼ ਧਿਆਨ**-ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮਹਿਲਾਵਾਂ ਦੇ ਸਸ਼ਕਤੀਕਰਣ 'ਤੇ ਵੀ ਸਰਕਾਰ ਵਿਸ਼ੇਸ਼ ਧਿਆਨ ਦੇ ਰਹੀ ਹੈ। ਸਵੈ ਸਹਾਇਤਾ ਸਮੂਹਾਂ ਰਾਹੀਂ ਵੱਡੀ ਗਿਣਤੀ ਵਿੱਚ ਮਹਿਲਾਵਾਂ ਛੋਟੇ-ਛੋਟੇ ਕਾਰੋਬਾਰ ਸ਼ੁਰੂ ਕਰ ਰਹੀਆਂ ਹਨ ਅਤੇ ਆਰਥਕ ਰੂਪ ਤੋਂ ਆਤਮਨਿਰਭਰ ਬਣ ਰਹੀਆਂ ਹਨ। ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਵੱਲੋਂ ਸ਼ੁਰੂ ਕੀਤੇ ਗਏ ਲੱਖਪਤੀ ਦੀਦੀ ਮੁਹਿੰਮ ਤਹਿਤ ਹਰਿਆਣਾ ਵਿੱਚ ਲਗਭਗ ਡੇਢ ਲੱਖ ਮਹਿਲਾਵਾਂ ਇਸ ਨਾਲ ਜੁੜ ਚੁੱਕੀਆਂ ਹਨ ਅਤੇ ਸਰਕਾਰ ਦਾ ਟੀਚਾ ਹੈ ਕਿ ਆਉਣ ਵਾਲੇ ਸਮੇਂ ਵਿੱਚ ਲਗਭਗ ਤਿੰਨ ਲੱਖ ਮਹਿਲਾਵਾਂ ਨੂੰ ਇਸ ਨਾਲ ਜੋੜਿਆ ਜਾਵੇਗਾ। ਇਸ ਤੋਂ ਇਲਾਵਾ, ਮਹਿਲਾ ਉਦਮੀਆਂ ਨੂੰ ਉਦਯੋਗ ਅਤੇ ਕਾਰੋਬਾਰ ਦੇ ਖੇਤਰ ਵਿੱਚ ਅੱਗੇ ਵਧਾਉਣ ਲਈ ਸਰਕਾਰ ਵਿਸ਼ੇਸ਼ ਪ੍ਰੋਤਸਾਹਨ ਵੀ ਦੇ ਰਹੀ ਹੈ। ਮੇਕ ਇਨ ਇੰਡੀਆ ਮੁਹਿੰਮ ਨੂੰ ਅੱਗੇ ਵਧਾਉਂਦੇ ਹੋਏ ਹਰਿਆਣਾ ਸਰਕਾਰ ਵੀ ਉਦਯੋਗ ਅਤੇ ਸਕਿਲ ਵਿਕਾਸ 'ਤੇ ਵਿਸ਼ੇਸ਼ ਧਿਆਨ ਦੇ ਰਹੀ ਹੈ। ਇਸੀ ਦਿਸ਼ਾ ਵਿੱਚ ਪਲਵਲ ਵਿੱਚ ਸ੍ਰੀ ਵਿਸ਼ਵਕਰਮਾ ਸਕਿਲ ਯੂਨੀਵਰਸਿਟੀ ਦੀ ਸਥਾਪਨਾ ਕੀਤੀ ਗਈ ਹੈ, ਜਿੱਥੇ ਨੌਜੁਆਨਾ ਨੂੰ ਆਧੁਨਿਕ ਸਕਿਲ ਪ੍ਰਦਾਨ ਕੀਤਾ ਜਾ ਰਿਹਾ ਹੈ। ਸਰਕਾਰ ਦਾ ਟੀਚਾ ਹੈ ਕਿ ਸਿਖਿਆ, ਸਕਿਲ ਵਿਕਾਸ, ਉਦਯੋਗ ਅਤੇ ਸਵੈਰੁਜਗਾਰ ਨੂੰ ਪ੍ਰੋਤਸਾਹਨ ਦੇ ਕੇ ਵੱਧ ਤੋਂ ਵੱਧ ਨੌਜੁਆਨਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕੀਤੇ ਜਾਣ ਅਤੇ ਹਰਿਆਣਾ ਨੂੰ ਵਿਕਾਸ ਦੇ ਨਵੇਂ ਮੁਕਾਮਾਂ ਤੱਕ ਪਹੁੰਚਾਇਆ ਜਾਵੇ।

## ਨਾਬਾਰਡ ਵੱਲੋਂ ਗ੍ਰਾਮੀਣ ਭਾਰਤ ਮਹੋਤਸਵ - ਪ੍ਰਦਰਸ਼ਨੀ ਅਤੇ ਵਿਕਰੀ ਦਾ ਆਯੋਜਨ 13 ਤੋਂ 22 ਮਾਰਚ ਚੰਡੀਗੜ੍ਹ ਦੇ ਸੈਕਟਰ - 34 ਵਿੱਚ

ਮਨਦੀਪ ਕੌਰ

ਚੰਡੀਗੜ੍ਹ, - ਨਾਬਾਰਡ (ਰਾਸ਼ਟਰੀ ਖੇਤੀਬਾੜੀ ਅਤੇ ਗ੍ਰਾਮੀਣ ਵਿਕਾਸ ਬੈਂਕ) ਦੇ ਹਰਿਆਣਾ ਖੇਤਰੀ ਦਫਤਰ ਵੱਲੋਂ ਗ੍ਰਾਮੀਣ ਭਾਰਤ ਮਹੋਤਸਵ - ਪ੍ਰਦਰਸ਼ਨੀ ਅਤੇ ਵਿਕਰੀ ਦਾ ਆਯੋਜਨ 13 ਤੋਂ 22 ਮਾਰਚ, 2026 ਤੱਕ ਚੰਡੀਗੜ੍ਹ ਦੇ ਸੈਕਟਰ-34 ਸਥਿਤ ਏਗਜ਼ੀਬਿਸ਼ਨ ਗਰਾਊਂਡ ਵਿੱਚ ਕੀਤਾ ਜਾਵੇਗਾ। 10 ਦਿਨ ਦੀ ਪ੍ਰਦਰਸ਼ਨੀ ਅਤੇ ਵਿਕਰੀ ਮਹੋਤਸਵ ਵਿੱਚ ਭਾਰਤ ਦੀ ਖੁਸ਼ਹਾਲ ਗ੍ਰਾਮੀਣ ਵਿਰਾਸਤ, ਰਿਵਾਇਤੀ ਸ਼ਿਲਪ ਅਤੇ ਹੈਂਡਲੂਮਸ ਉਤਪਾਦਾਂ ਨੂੰ ਪ੍ਰੋਤਸਾਹਿਤ ਕਰਨ ਦੇ ਉਦੇਸ਼ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ। ਪ੍ਰਦਰਸ਼ਨੀ ਸਵੇਰੇ 10:00 ਵਜੇ ਤੋਂ ਰਾਤ 8:00 ਵਜੇ ਤੱਕ ਲਗਾਈ ਜਾਵੇਗੀ। ਇਸ ਮਹੋਤਸਵ ਵਿੱਚ ਦੇਸ਼ ਦੇ 20 ਸੂਬਿਆਂ ਤੋਂ ਆਏ ਕਾਰੀਗਰਾਂ, ਬੁਨਕਰਾਂ, ਸਵੈ ਸਹਾਇਤਾ ਸਮੂਹ ਦੀ ਮਹਿਲਾਵਾਂ ਅਤੇ ਕਿਸਾਨਾਂ ਵੱਲੋਂ ਲਗਭਗ 40 ਸਟਾ ਲ ਲਗਾਏ ਜਾਣਗੇ। ਇੰਨ੍ਹਾਂ ਸਟਾਲਾਂ 'ਤੇ ਉਤਪਾਦ ਵਿਕਰੀ ਦੇ ਲਈ ਵੀ ਉਪਲਬਧ ਰਹਿਣਗੇ। ਇਸ ਪ੍ਰਦਰਸ਼ਨੀ ਵਿੱਚ ਨਾਗਰਿਕਾਂ ਨੂੰ ਵੱਖ-ਵੱਖ ਤਰ੍ਹਾ ਦੇ ਗ੍ਰਾਮੀਣ ਉਤਪਾਦ ਦੇਖਣ ਅਤੇ ਖਰੀਦਣ ਦਾ ਮੌਕਾ ਮਿਲੇਗਾ। ਇੰਨ੍ਹਾਂ ਵਿੱਚ ਮਧੂਬਨੀ ਅਤੇ ਗੋਂਡ ਪੇਂਟਿੰਗਸ, ਡੋਕਰਾ ਕਲਾ, ਬਾਸ ਅਤੇ ਬੇਂਤ ਦੇ ਉਤਪਾਦ, ਫੁੱਲਕਾਰੀ, ਪਸ਼ਮੀਨਾ, ਹੋਮ ਫਨਿਸ਼ਿੰਗ ਅਤੇ ਸਿਲਕ ਕਪੜੇ ਵਰਗੇ ਰਿਵਾਇਤੀ ਸ਼ਿਲਪ ਵਿਸ਼ੇਸ਼ ਖਿੱਚ ਦਾ ਕੇਂਦਰ ਰਹਿਣਗੇ। ਇਸ ਤੋਂ ਇਲਾਵਾ ਜੈਵਿਕ ਮਸਾਲੇ, ਅਚਾਰ ਅਤੇ ਡਰਾਈ ਫਰੂਟਸ ਵਰਗੇ ਉਤਪਾਦ ਵੀ ਉਪਲਬਧ ਹੋਣਗੇ। ਵੱਖ-ਵੱਖ ਸੂਬਿਆਂ ਦੇ ਪਕਵਾਨਾਂ ਦੀ ਸਟਾਲ ਵੀ ਲਗਾਈ ਜਾਵੇਗੀ। ਨਾਬਾਰਡ ਦੇ ਬੁਲਾਰੇ ਨੇ ਦਸਿਆ ਕਿ ਇਸ ਮਹੋਤਸਵ ਵਿੱਚ ਵੱਡੀ ਗਿਣਤੀ ਵਿੱਚ ਨਾਗਰਿਕ ਪਹੁੰਚ ਕੇ ਗ੍ਰਾਮੀਣ ਕਾਰੀਗਰਾਂ, ਬੁਨਕਰਾਂ ਅਤੇ ਮਹਿਲਾ ਉਦਮੀਆਂ ਨੂੰ ਨਾ ਸਿਰਫ ਪ੍ਰੋਤਸਾਹਿਤ ਕਰਨ ਸਗੋ ਹੱਥ ਨਾਲ ਬਣੇ ਉਤਪਾਦਾਂ ਨੂੰ ਖਰੀਦ ਕੇ ਗ੍ਰਾਮੀਣ ਅਰਥਵਿਵਸਥਾ ਨੂੰ ਮਜਬੂਤ ਕਰਨ ਵਿੱਚ ਆਪਣਾ ਯੋਗਦਾਨ ਦੇਣ।

## ਮੁੱਖ ਮੰਤਰੀ ਦੀ ਅਗਵਾਈ ਹੇਠ ਹੋਈ ਹਾਈ ਪਾਵਰ ਪਰਚੇਜ਼ ਕਮੇਟੀ ਦੀ ਮੀਟਿੰਗ ਆਯੋਜਿਤ

### ਯਮੁਨਾਨਗਰ, ਪਾਣੀਪਤ ਪਾਵਰ ਪਲਾਂਟ ਲਈ ਕੋਲ ਸਪਲਾਈ, ਰੱਖਰਖਾਵ ਦੀ ਮੰਜੂਰੀ

ਪੰਕਜ

ਚੰਡੀਗੜ੍ਹ, - ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹਾਈ ਪਾਵਰ ਪਰਚੇਜ਼ ਕਮੇਟੀ ਦੀ ਮੀਟਿੰਗ ਆਯੋਜਿਤ ਹੋਈ। ਮੀਟਿੰਗ ਵਿੱਚ ਜਨਸਿਹਤ, ਲੋਕ ਨਿਰਮਾਣ ਵਿਭਾਗ, ਸ਼ਹਿਰੀ ਸਥਾਨਕ ਨਿਗਮ, ਖੇਤੀਬਾੜੀ, ਬਿਜਲੀ ਨਿਗਮ ਸਮੇਤ ਕਈ ਵਿਭਾਗਾਂ ਲਈ ਜਰੂਰੀ ਸਮੱਗਰੀ ਖਰੀਦ ਨੂੰ ਮੰਜੂਰੀ ਪ੍ਰਦਾਨ ਕੀਤੀ ਗਈ। ਇਸ ਤੋਂ ਇਲਾਵਾ ਕਈ ਵਿਕਾਸ ਪਰਿਯੋਜਨਾਵਾਂ ਦੇ ਨਿਰਮਾਣ ਲਈ ਵੀ ਟੈਂਡਰ ਪ੍ਰਕ੍ਰਿਆ ਸਪੰਨ ਕੀਤੀ ਗਈ। ਮੀਟਿੰਗ ਵਿੱਚ 675.82 ਕਰੋੜ ਰੁਪਏ ਦੇ ਕੁੱਲ 15 ਏਜੰਡੇ ਰੱਖੇ ਗਏ। ਨੇਗੋਸਇਏਸ਼ਨ ਦੇ ਬਾਅਦ 657.82 ਕਰੋੜ ਰੁਪਏ ਵਿੱਚ ਛੱਡੇ ਗਏ। ਇਸ ਤਰ੍ਹਾ ਸਰਕਾਰ ਨੂੰ ਲਗਭਗ 68.13 ਕਰੋੜ ਰੁਪਏ ਬਚੱਤ ਹੋਈ। ਮੁੱਖ ਮੰਤਰੀ ਨੇ ਮੀਟਿੰਗ ਵਿੱਚ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਵਿਕਾਸ ਪਰਿਯੋਜਨਾਵਾਂ ਦੀ ਸਮੇਂ-ਸਮੇਂ 'ਤੇ ਮਾਨੀਟਰਿੰਗ ਕਰਨ ਤਾਂ

**ਬਾਵਲ ਵਿੱਚ 18 ਕਰੋੜ ਨਾਲ ਬਣੇਗਾ ਨਿਆਇਕ ਕੰਪਲੈਕਸ**

ਜੋ ਕੰਮ ਸਮੇਂ 'ਤੇ ਪੂਰਾ ਹੋ ਸਕੇ। ਇਸ ਤੋਂ ਇਲਾਵਾ ਵਿਕਾਸ ਕੰਮਾਂ ਵਿੱਚ ਗੁਣਵੱਤਾ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਕੰਮਾਂ ਵਿੱਚ ਦੇਰੀ ਅਤੇ ਗੁਣਵੱਤਾ ਦੇ ਮਾਮਲੇ ਵਿੱਚ ਕੋਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਟੈਂਡਰ ਪ੍ਰਕ੍ਰਿਆ ਵੀ ਸਮੇਂ 'ਤੇ ਪੂਰੀ ਕਰਨ। ਜੇਕਰ ਕੋਈ ਅਧਿਕਾਰੀ ਇਸ ਵਿੱਚ ਲਾਪ੍ਰਵਹੀ ਵਰਤੇਗਾ ਤਾਂ ਉਸ ਦੇ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਮੁੱਖ ਮੰਤਰੀ ਨੇ ਮੀਟਿੰਗ ਵਿੱਚ ਯਮੁਨਾਨਗਰ ਤੇ ਪਾਣੀਪਤ ਥਰਮਲ ਪਲਾਂਟ ਵਿੱਚ ਆਟੋਮੇਟਿਡ ਕੋਇਲਾ ਸਪਲਾਇਰ ਅਤੇ ਰੱਖਰਖਾਵ ਦੇ ਲਈ ਪ੍ਰਕ੍ਰਿਆ ਪੂਰੀ ਕੀਤੀ। ਇਸ ਤੋਂ ਇਲਾਵਾ, ਡੀਐਚਬੀਵੀਐਨਐਲ ਲਈ 220 ਕੇਵੀ, 33/11 ਕੇਵੀ ਦੇ ਬਿਜਲੀ ਟ ?ਰਾਂਸਫਾਰਮਰ ਖਰੀਦਣ ਦੀ ਪ੍ਰਕ੍ਰਿਆ ਨੂੰ ਵੀ ਅੰਤਮ ਰੂਪ ਦਿੱਤਾ।

**ਗੁਰੂਗ੍ਰਾਮ ਵਿੱਚ ਡੇ ?ਰਨ ਤੇ ਬਸਈ ਲਾਇਨ ਕੰਮ ਦੀ ਮੰਜੂਰੀ**-ਮੁੱਖ ਮੰਤਰੀ ਨੇ ਗੁਰੂਗ੍ਰਾਮ ਵਿੱਚ ਬਸਈ ਜਲਘਰ ਤੋਂ ਸੈਕਟਰ 25 ਰੇਲਵੇ ਲਾਇਨ-2 ਦੇ ਹੇਠਾਂ ਤੋਂ 1000 ਐਮਐਮ ਤੋਂ 600 ਐਮਐਮ ਦੀ ਪਾਇਪ ਲਾਇਨ ਪਾਉਣ ਦੇ ਕੰਮ ਨੂੰ ਵੀ ਮੰਜੂਰੀ ਦਿੱਤੀ। ਲਗਭਗ 55 ਕਰੋੜ ਰੁਪਏ ਦੀ ਲਾਗਤ ਨਾਲ ਪੈਣ ਵਾਲੀ ਇਸ ਪਾਇਪ ਲਾਇਨ ਦਾ ਕੰਮ ਜਲਦੀ ਸ਼ੁਰੂ ਕਰ ਬਰਸਾਤ ਦੇ ਸੀਜਨ ਤੋਂ ਪਹਿਲਾਂ ਪੂਰਾ ਕਰਨ ਨੂੰ ਕਿਹਾ। ਉਨ੍ਹਾਂ ਨੇ ਬੂਸਟਿੰਗ ਸਟੇਸ਼ਨ ਸੈਕਟਰ-16 ਦੇ ਲਈ ਪਾਇਪ ਲਾਇਨ ਪਾਉਣ ਦੇ ਕੰਮ ਨੂੰ ਮੰਜੂਰੀ ਪ੍ਰਦਾਨ ਕੀਤੀ। ਮੀਟਿੰਗ ਵਿੱਚ ਮੁੱਖ ਮੰਤਰੀ ਨੇ ਗੁਰੂਗ੍ਰਾਮ ਵਿੱਚ ਸਟੋਰਮ ਵਾਟਰ ਦੀ ਨਿਕਾਸੀ ਤਹਿਤ ਅਸ਼ੋਕ ਵਿਹਾਰ ਤੋਂ ਨੇੜੇ ਭੀਮਗੜ੍ਹ ਖੇੜੀ ਰੇਲਵੇ ਕਲਵਰਟ ਨੰਬਰ 50 ਤੱਕ ਆਰਸੀਸੀ ਮਾਸਟਰ ਡੇ ?ਰਨ ਬਨਾਉਣ ਦੀ ਮੰਜੂਰੀ ਪ੍ਰਦਾਨ ਕੀਤੀ। ਇਸ ਕੰਮ 'ਤੇ ਲਗਭਗ 17.60 ਕਰੋੜ ਦੀ ਲਾਗਤ ਆਵੇਗੀ ਫਰੀਦਾਬਾਦ ਵਿੱਚ ਲਗਭਗ 41.84 ਕਰੋੜ ਰੁਪਏ ਦੀ ਲਾਗਤ ਨਾਲ ਐਮਐਲਡੀ ਸੀਵਰੇਜ ਟ ?ਰੀਟਕੈਂਅ ਪਲਾਂਟ ਬਨਾਉਣ ਦੇ ਕੰਮ ਲਈ ਵੀ ਟੈਂਡਰ ਪ੍ਰਕ੍ਰਿਆ ਪੂਰੀ ਕੀਤੀ ਗਈ।

## ਸਵੱਛਤਾ ਸਰਕਾਰ ਦੀ ਜਿਮੇਵਾਰੀ ਦੇ ਨਾਲ-ਨਾਲ ਸਮਾਜ ਦੇ ਹਰ ਨਾਗਰਿਕ ਦਾ ਵੀ ਹੈ ਨੈਤਿਕ ਜਿਮੇਵਾਰੀ - ਖੇਡ ਰਾਜ ਮੰਤਰੀ ਗੌਰਵ ਗੌਤਮ

ਰਮਨ ਕੁਮਾਰ

ਚੰਡੀਗੜ੍ਹ, - ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਸਵੱਛਤਾ ਮੁਹਿੰਮ ਨੂੰ ਜਨ ਅੰਦੋਲਨ ਬਨਾਉਣ ਦੀ ਦਿਸ਼ਾ ਵਿੱਚ ਇੱਕ ਮਹਤੱਵਪੂਰਣ ਪਹਿਲ ਕਰਦੇ ਹੋਏ ਸੂਬੇ ਦੇ ਖੇਡ ਰਾਜ ਮੰਤਰੀ ਸ੍ਰੀ ਗੌਰਵ ਗੌਤਮ ਨੇ ਅੱਜ ਪਲਵਲ ਸਥਿਤ ਅਨਾਜ ਮੰਡੀ ਵਿੱਚ ਆਯੋਜਿਤ ਸਵੱਛਤਾ ਮੁਹਿੰਮ ਤਹਿਤ ਕੂੜਾਦਾਨ ਵੰਡ ਪ੍ਰੋਗਰਾਮ ਵਿੱਚ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਇਸ ਮੌਕੇ 'ਤੇ ਲਗਭਗ 250 ਕੂੜਦਾਨ ਵੰਡੇ ਗਏ। ਪ੍ਰੋਗਰਾਮ ਦਾ ਉਦੇਸ਼ ਬਾਜਾਰ ਖੇਤਰ ਨੂੰ ਸਾਫ, ਵਿਵਸਥਿਤ ਅਤੇ ਵਾਤਾਵਰਣ ਅਨੁਕੂਲ ਬਨਾਉਣਾ ਹੈ ਖੇਡ ਰਾਜ ਮੰਤਰੀ ਸ੍ਰੀ ਗੌਰਵ ਗੌਤਮ ਨੇ ਅਨਾਜ ਮੰਡੀ ਦੇ ਦੁਕਾਨਦਾਰਾਂ ਅਤੇ ਆੜਤੀਆਂ ਨੂੰ ਕੂੜਦਾਨ ਵੰਡ ਕਰਦੇ ਹੋਏ ਉਨ੍ਹਾਂ ਨੂੰ ਸਵੱਛਤਾ ਪ੍ਰਤੀ ਜਾਗਰੁਕਤ ਰਹਿਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਨੇ ਕਿਹਾ ਕਿ ਸਵੱਛਤਾ ਸਰਕਾਰ ਦੀ ਜਿਮੇਵਾਰੀ ਦੇ ਨਾਲ-ਨਾਲ ਸਮਾਜ ਦੇ ਹਰ ਨਾਗਰਿਕ ਦੀ ਵੀ ਨੈਤਿਕ ਜਿਮੇਵਾਰੀ ਹੈ। ਜੇਕਰ ਸਾਰੇ ਲੋਕ ਮਿਲ ਕੇ ਆਪਣੇ ਨੇੜੇ ਸਫਾਈ ਬਣਾਏ ਰੱਖਣ ਦਾ ਸੰਕਲਪ ਲੈਣ, ਤਾਂ ਸ਼ਹਿਰਾਂ ਅਤੇ ਬਾਜਾਰਾਂ ਨੂੰ ਸਾਫ ਅਤੇ ਸੁੰਦਰ ਬਣਾਇਆ ਜਾ ਸਕਦਾ ਹੈ। ਉਨ੍ਹਾਂ ਨੇ ਕਿਹਾ ਕਿ ਅਨਾਜ ਮੰਡੀ ਅਤੇ ਸਬਜੀ ਮੰਡੀ ਕਿਸੇ ਵੀ ਸ਼ਹਿਰ ਦੀ ਆਰਥਕ ਗਤੀਵਿਧੀਆਂ ਦਾ ਮਹਤੱਵਪੂਰਣ ਕੇਂਦਰ ਹੁੰਦੀ ਹੈ। ਇੱਥੇ ਰੋਜਾਨਾ ਹਜਾਰਾਂ ਲੋਕ ਖਰੀਦਾਰੀ ਲਈ ਆਉਂਦੇ ਹਨ, ਇਸ ਲਈ ਇੰਨ੍ਹਾਂ ਥਾਵਾਂ 'ਤੇ ਸਵੱਛਤਾ ਬਣਾਏ ਰੱਖਣਾ ਬੇਹੱਦ ਜਰੂਰੀ ਹੈ। ਉਨ੍ਹਾਂ ਨੇ ਵਪਾਰੀਆਂ ਨੂੰ ਅਪੀਲ ਕੀਤੀ ਕਿ ਉਹ ਕੂੜਾ ਇੱਧਰ-ਉੱਧਰ ਸੁੱਟਣ ਦੀ ਥਾਂ ਕੂੜੇਦਾਨ ਵਿੱਚ ਪਾਉਣ ਅਤੇ ਆਪਣੇ ਗ੍ਰਾਹਕਾਂ ਨੂੰ ਵੀ ਸਵੱਛਤਾ ਪ੍ਰਤੀ ਪੇ ?ਰਿਤ ਕਰਨ। ਖੇਡ ਰਾਜ ਮੰਤਰੀ ਨੇ ਕਿਹਾ ਕਿ ਕੇਂਦਰ ਅਤੇ ਹਰਿਆਣਾ ਸਰਕਾਰ ਸੂਬੇ ਵਿੱਚ ਸਵੱਛਤਾ ਨੂੰ ਪ੍ਰੋਤਸਾਹਨ ਦੇਣ ਲਈ ਲਗਾਤਾਰ ਯਤਨ ਕਰ ਰਹੀ ਹੈ। ਨਗਰ ਨਿਗਮਾਂ ਰਾਹੀਂ ਬਾਜਾਰਾਂ, ਪਬਲਿਕ ਥਾਵਾਂ ਅਤੇ ਰਿਹਾਇਸ਼ੀ ਖੇਰਤਾਂ ਵਿੱਚ ਸਫਾਈ ਵਿਵਸਥਾ ਨੂੰ ਮਜਬੂਤ ਕੀਤਾ ਜਾ ਰਿਹਾ ਹੈ। ਸਵੱਛਤਾ ਮੁਹਿੰਮ ਦੇ ਤਹਿਤ ਲੋਕਾਂ ਨੂੰ ਜਾਗਰੁਕ ਕਰਨ ਲਈ ਸਮੇਂ-ਸਮੇਂ 'ਤੇ ਵੱਖ-ਵੱਖ

**ਪਲਵਲ ਅਨਾਜ ਮੰਡੀ ਵਿੱਚ ਸਵੱਛਤਾ ਮੁਹਿੰਮ ਨੂੰ ਮਿਲੀ ਨਵੀਂ ਗਤੀ, ਖੇਡ ਰਾਜ ਮੰਤਰੀ ਗੌਰਵ ਗੌਤਮ ਨੇ 250 ਕੂੜਾਦਾਨ ਵੰਡੇ**

ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਹਨ। ਸਵੱਛ ਵਾਤਾਵਰਣ ਨਾ ਸਿਰਫ ਸਿਹਤ ਲਈ ਲਾਭਦਾਇਕ ਹੁੰਦਾ ਹੈ, ਸਗੋ ਇਸ ਤੋਂ ਸ਼ਹਿਰੀ ਦੀ ਛਵੀ ਵੀ ਬਿਹਤਰ ਬਣਦੀ ਹੈ। ਸਵੱਛ ਅਤੇ ਵਿਵਸਥਿਤ ਬਾਜਾਰਾਂ ਵਿੱਚ ਲੋਕਾਂ ਦਾ ਭਰੋਸਾ ਵੱਧਦਾ ਹੈ ਅਤੇ ਵਪਾਰ ਨੂੰ ਵੀ ਪ੍ਰੋਤਸਾਹਨ ਮਿਲਦਾ ਹੈ। ਉਨ੍ਹਾਂ ਨੇ ਕਿਹਾ ਕਿ ਜੇਕਰ ਮੰਡੀ ਦੇ ਸਾਰੇ ਵਪਾਰੀ ਅਤੇ ਕਰਮਚਾਰੀ ਮਿਲ ਕੇ ਸਫਾਈ ਦਾ ਧਿਆਨ ਰੱਖਣ, ਤਾਂ ਇਹ ਥਾਂ ਪੂਰੇ ਜਿਲ੍ਹਾ ਲਈ ਇੱਕ ਆਦਰਸ਼ ਉਦਾਹਰਣ ਬਣ ਸਕਦਾ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰ, ਬਾਜਾਰ ਅਤੇ ਪਬਲਿਕ ਥਾਂਵਾਂ ਨੂੰ ਸਾਫ ਰੱਖਣ ਵਿੱਚ ਸਰਗਰਮ ਭੂਮਿਕਾ ਨਿਭਾਉਣ, ਤਾਂ ਜੋ ਪਲਵਲ ਨੂੰ ਸਾਫ ਅਤੇ ਸੁੰਦਰ ਸ਼ਹਿਰ ਬਣਾਇਆ ਜਾ ਸਕੇ।

## ਸੂਬੇ ਵਿੱਚ 100 ਸਿਹਤ ਸੰਸਥਾਨ ਬਣੇ ਫਰਸਟ ਰੇਫਰਲ ਯੂਨਿਟ-ਆਰਤੀ ਸਿੰਘ ਰਾਓ

### ਪੂਰੇ ਰਾਜ ਵਿੱਚ ਸਿਹਤ ਸੇਵਾਵਾਂ ਦੀ ਪਹੁੰਚ ਅਤੇ ਗੁਣਵੱਤਾ ਵਿੱਚ ਸੁਧਾਰ ਹੋਵੇਗਾ

ਐਸ. ਕੇ. ਸਕਸੈਨਾ

ਚੰਡੀਗੜ੍ਹ, - ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਕਿਹਾ ਕਿ ਰਾਜ ਸਰਕਾਰ ਨੇ ਨੇਸ਼ਨਲ ਹੈਲਥ ਮਿਸ਼ਨ ਤਹਿਤ ਸੂਬੇ ਵਿੱਚ ਦੂਜੀ ਸਿਹਤ ਸੇਵਾਵਾਂ ਨੂੰ ਮਜਬੂਤ ਕਰਨ ਦੇ ਉਦੇਸ਼ ਨਾਲ 100 ਸਿਹਤ ਸੰਸਥਾਨਾਂ ਨੂੰ ਫਰਸਟ ਰੇਫਰਲ ਯੂਨਿਟ ਵੱਜੋਂ ਨਾਮਜਦ ਕੀਤਾ ਹੈ। ਇਸ ਪਹਿਲ ਦਾ ਉਦੇਸ਼ ਵਿਸ਼ੇਸ਼ ਰੂਪ ਨਾਲ ਗ੍ਰਾਮੀਣ ਅਤੇ ਦੂਰਦਰਾਜ ਖੇਤਰਾਂ ਵਿੱਚ ਰਹਿਣ ਵਾਲੇ ਲੋਕਾਂ ਨੂੰ ਸਮੇ ਸਿਰ ਬੇਹਤਰ ਮੈਡੀਕਲ ਸਹੂਲਤਾਂ ਉਪਲਬਧ ਕਰਾਉਣਾ ਹੈ ਤਾਂ ਜੋ ਗੰਭੀਰ ਮਾਮਲਿਆਂ ਵਿੱਚ ਮਰੀਜਾਂ ਨੂੰ ਤੁਰੰਤ ਇਲਾਜ ਮਿਲ ਸਕੇ। ਉਨ੍ਹਾਂ ਨੇ ਦੱਸਿਆ ਕਿ ਇਨ੍ ?ਹਾਂ ਐਫਆਰਯੂ ਨੂੰ 24 ਘੰਟੇ ਅਮਰਜੰਸੀ ਸੇਵਾਵਾਂ ਪ੍ਰਦਾਨ ਕਰਨ ਲਈ ਵਿਕਸਿਤ ਕੀਤਾ ਜਾ ਰਿਹਾ ਹੈ। ਇਨ੍ਹਾਂ ਕੇਂਦਰਾਂ 'ਤੇ ਪ੍ਰਸੂਤੀ ਸੇਵਾਵਾਂ, ਨਵਜਾਤ ਬੱਚੇ ਦੀ ਦੇਖਭਾਲ ਅਤੇ ਖੂਨ ਭੰਡਾਰਨ ਜਿਹੀ ਮਹਤੱਵਪੂਰਨ ਸਹੂਲਤਾਂ ਉਪਲਬਧ ਕਰਾਈ ਜਾਣਗੀਆਂ, ਇਸ ਨਾਲ ਮਾਵਾਂ ਅਤੇ ਨਵਜਾਤ ਬੱਚਿਆਂ ਨਾਲ ਜੁੜੀ ਅਮਰਜੰਸੀ ਹਾਲਾਤਾਂ ਵਿੱਚ ਤੁਰੰਤ ਅਤੇ ਪ੍ਰਭਾਵੀ ਮੈਡੀਕਲ ਮਦਦ ਮਿਲ ਸਕੇਗੀ।



ਸਿਹਤ ਮੰਤਰੀ ਨੇ ਕਿਹਾ ਕਿ ਇਹ ਫਰਸਟ ਰੇਫਰਲ ਯੂਨਿਟ ਪ੍ਰਾਥਮਿਕ ਸਿਹਤ ਕੇਂਦਰਾਂ ਅਤੇ ਤੀਜੀ ਹਸਤਪਤਾਲਾਂ ਵਿੱਚਕਾਰ ਇੱਕ ਮਹਤੱਵਪੂਰਨ ਕੜੀ ਦਾ ਕੰਮ ਕਰੇਗੀ। ਸਰਕਾਰ ਵੱਲੋਂ ਇਨ੍ਹਾਂ ਕੇਂਦਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜਬੂਤ ਕਰਨ, ਮਾਹਿਰ ਮੈਡੀਕਲ ਸਟਾਫ ਦੀ ਤੈਨਾਤੀ ਕਰਨ ਅਤੇ ਰੇਫਰਲ ਵਿਵਸਥਾ ਨੂੰ ਤੇਜ ਅਤੇ ਪ੍ਰਭਾਵੀ ਬਨਾਉਣ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਇਸ ਪਹਿਲ ਰਾਹੀਂ ਰਾਜ ਸਰਕਾਰ ਦਾ ਟੀਚਾ ਹਰਿਆਣਾ ਵਿੱਚ ਮਾਵਾਂ ਅਤੇ ਨਵਜਾਤਾਂ ਦੀ ਮਰਨ ਦਰ ਵਿੱਚ ਵਰਣਯੋਗ ਘਾਟ ਲਿਆਉਣੀ ਹੈ। ਇਨ੍ਹਾਂ ਐਫਆਰਯੂ ਦੇ ਮਜਬੂਤ ਹੋਣ ਨਾਲ ਗਰਭਵਤੀ ਮਹਿਲਾਵਾਂ ਅਤੇ ਨਵਜਾਤ ਬੱਚਿਆਂ ਨੂੰ ਸਮੇ ਸਿਰ ਗੁਣਵੱਤਾਪੂਰਨ ਇਲਾਜ ਉਪਲਬਧ ਹੋਵੇਗਾ ਜਿਸ ਨਾਲ ਪੂਰੇ ਰਾਜ ਵਿੱਚ ਸਿਹਤ ਸੇਵਾਵਾਂ ਦੀ ਪਹੁੰਚ ਅਤੇ ਗੁਣਵੱਤਾ ਵਿੱਚ ਸੁਧਾਰ ਹੋਵੇਗਾ। ਸੂਬੇ ਵਿੱਚ ਜਿਨ੍ਹਾਂ 100 ਸਿਹਤ ਸੰਸਥਾਨਾਂ ਨੂੰ ਫਰਸਟ ਰੇਫਰਲ ਯੂਨਿਟ ਵੱਜੋਂ ਨਾਮਜਦ ਕੀਤਾ ਹੈ ਉਨ੍ਹਾਂ ਵਿੱਚ ਅੰਬਾਲਾ ਜ਼ਿਲ੍ਹੇ ਦੇ 5 ਸੰਸਥਾਨ ਹਨ। ਇਨ੍ਹਾਂ ਦੇ ਇਲਾਵਾ, ਭਿਵਾਨੀ ਦੇ 4, ਚਰਖੀ ਦਾਦਰੀ ਦੇ 2, ਫਰੀਦਾਬਾਦ ਦੇ 5, ਫਤੇਹਾਬਾਦ ਦੇ ਵੀ 5, ਮਹਿੰਦਰਗੜ੍ਹ ਦੇ 4, ਨੂੰਹ ਦੇ 5, ਪਲਵਲ ਦੇ 4, ਪੰਜਕੂਲਾ ਦੇ 4, ਪਾਣੀਪਤ ਦੇ 4, ਰੇਵਾੜੀ ਦੇ 4, ਰੋਹਤਕ ਦੇ 4, ਸਿਰਸਾ ਦੇ 5, ਸੋਨੀਪਤ ਦੇ 5 ਅਤੇ ਯਮੁਨਾਨਗਰ ਜ਼ਿਲ੍ਹੇ ਦੇ 4 ਸਰਕਾਰੀ ਸਿਹਤ ਸੰਸਥਾਨਾਂ ਨੂੰ ਐਫਆਰਯੂ ਦੇ ਤੌਰ 'ਤੇ ਨਾਮਜਦ ਕੀਤਾ ਗਿਆ ਹੈ। ਬੁਨਿਆਣੀ ਢਾਂਚੇ ਨੂੰ ਮਜਬੂਤ ਕਰਨ, ਮਾਹਿਰ ਮੈਡੀਕਲ ਸਟਾਫ ਦੀ ਤੈਨਾਤੀ ਕਰਨ ਅਤੇ ਰੇਫਰਲ ਵਿਵਸਥਾ ਨੂੰ ਤੇਜ ਅਤੇ ਪ੍ਰਭਾਵੀ ਬਨਾਉਣ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।



# ਕੇਂਦਰ ਦੀ ਅਸਫ਼ਲ ਵਿਦੇਸ਼ ਨੀਤੀ ਕਾਰਨ ਦੇਸ਼ ਵਿੱਚ ਖੜ੍ਹਾ ਹੋਇਆ ਊਰਜਾ ਸੰਕਟ: ਹਰਜੋਤ ਸਿੰਘ ਬੈਂਸ

**ਕਿਹਾ, ਕੇਂਦਰ ਨੂੰ ਪੈਟਰੋਲੀਅਮ, ਐਲਪੀਜੀ ਤੇ ਐਲਐਨਜੀ ਦੇ ਅਸਲ ਸਟਾਕ ਬਾਰੇ ਸਪੱਸ਼ਟੀਕਰਨ ਦੇਣਾ ਚਾਹੀਦੈ**

ਮਨਦੀਪ ਕੌਰ

ਚੰਡੀਗੜ੍ਹ, ਕੇਂਦਰ ਸਰਕਾਰ ’ਤੇ ਵਰ੍ਹਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਅਸਫ਼ਲ ਵਿਦੇਸ਼ ਨੀਤੀ ਕਾਰਨ ਦੇਸ਼ ਗੰਭੀਰ ਊਰਜਾ ਸੰਕਟ ਦਾ ਸਾਹਮਣਾ ਕਰ ਰਿਹਾ ਹੈ। ਵਿਧਾਨ ਸਭਾ ਵਿੱਚ ਸੰਬੋਧਨ ਕਰਦਿਆਂ ਉਨ੍ਹਾਂ ਨੇ ਪੰਜਾਬ ਵਿੱਚ ਖਾਦ ਪਲਾਂਟ ਬੰਦ ਹੋਣ, ਪੈਟਰੋਲੀਅਮ ਅਤੇ ਗੈਸ ਦੇ ਸਟਾਕ ਬਾਰੇ ਗੰਭੀਰ ਚਿੰਤਾ ਜ਼ਾਹਿਰ ਕੀਤੀ ਅਤੇ ਇਸ ਨੂੰ ਸੂਬੇ ਨਾਲ ਵਿਤਕਰਾ ਕਰਾਰ ਦਿੱਤਾ। ਉਨ੍ਹਾਂ ਨੇ ਨਾਲ ਹੀ ਮੰਗ ਕੀਤੀ ਕਿ ਕੇਂਦਰ ਸਰਕਾਰ ਦੇਸ਼ ਵਿੱਚ ਮੌਜੂਦ ਪੈਟਰੋਲੀਅਮ, ਐਲਪੀਜੀ ਅਤੇ ਐਲਐਨਜੀ ਦੇ ਅਸਲ ਸਟਾਕ ਬਾਰੇ ਅੰਕੜੇ ਨਸ਼ਰ ਕਰੇ। ਖ਼ੁਰਾਕ ਅਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਵਿਧਾਨ ਸਭਾ ਵਿੱਚ ਪੇਸ਼ ਕੀਤੇ ਗਏ ਨਿੰਦਾ ਮਤੇ ’ਤੇ ਚਰਚਾ ਵਿੱਚ ਹਿੱਸਾ ਲੈਂਦਿਆਂ ਸ. ਹਰਜੋਤ ਬੈਂਸ ਨੇ ਦੇਸ਼ ਭਰ ਵਿੱਚ ਪੈਟਰੋਲੀਅਮ ਅਤੇ ਐਲਪੀਜੀ ਦੇ ਤੇਜ਼ੀ ਨਾਲ ਘੱਟ ਰਹੇ ਸਟਾਕ ’ਤੇ ਡੂੰਘੀ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਨੇ ਕੇਂਦਰ ਦੇ ਸਵੈ-ਨਿਰਭਰਤਾ ਦੇ ਦਾਅਵਿਆਂ ਬਾਰੇ ਗੱਲ ਕਰਦਿਆਂ ਕਿਹਾ ਕਿ ਜ਼ਮੀਨੀ ਹਕੀਕਤ ਇਸਦੇ ਬਿਲਕੁਲ ਉਲਟ ਲੱਗ ਰਹੀ ਹੈ। ਉਨ੍ਹਾਂ ਕੇਂਦਰ ਸਰਕਾਰ ਨੂੰ ਦੇਸ਼ ਵਿੱਚ ਪੈਟਰੋਲੀਅਮ, ਐਲਪੀਜੀ ਅਤੇ ਐਲਐਨਜੀ ਦੇ ਸਹੀ ਸਟਾਕ ਬਾਰੇ ਸਪੱਸ਼ਟੀਕਰਨ ਦੇਣ ਲਈ ਕਿਹਾ। ਉਨ੍ਹਾਂ ਕਿਹਾ ਕਿ ਇੱਕ ਪਾਸੇ ਤਾਂ ਕੇਂਦਰ ਦੇ ਬੁਲਾਰੇ ਇਹ ਦਾਅਵਾ ਕਰ ਰਹੇ ਹਨ ਕਿ ਸਾਡੇ ਕੋਲ ਪੈਟਰੋਲੀਅਮ ਅਤੇ ਐਲਪੀਜੀ ਕਾਫ਼ੀ ਮਾਤਰਾ ਵਿੱਚ ਉਪਲਬਧ ਹੈ,ਜਦਕਿ ਦੂਜੇ ਪਾਸੇ ਕੇਂਦਰ ਵੱਲੋਂ ਵਪਾਰਕ ਸਪਲਾਈ ਰੋਕ ਦਿੱਤੀ ਗਈ ਹੈ। ਸ. ਹਰਜੋਤ ਸਿੰਘ ਬੈਂਸ ਨੇ ਪੰਜਾਬ, ਖਾਸ ਕਰਕੇ ਇਸਦੀ ਖੇਤੀਬਾੜੀ ਅਰਥਵਿਵਸਥਾ ਲਈ ਇਸ ਸੰਕਟ ਦੇ ਗੰਭੀਰ ਨਤੀਜਿਆਂ ਨੂੰ ਉਜਾਗਰ ਕਰਦਿਆਂ ਕਿਹਾ ਕਿ ਇਹ ਸਿਰਫ਼ ਇੱਕ ਪ੍ਰਸ਼ਾਸਕੀ ਕੁਤਾਹੀ ਨਹੀਂ ਬਲਕਿ ਭਾਜਪਾ ਸਰਕਾਰ ਦੀ ਅਸਫਲ ਵਿਦੇਸ਼ ਨੀਤੀ ਦਾ ਸਪੱਸ਼ਟ ਨਤੀਜਾ ਹੈ। ਉਨ੍ਹਾਂ ਨੇ ਨੰਗਲ ਅਤੇ ਬਠਿੰਡਾ ਵਿਖੇ ਐਨਐਫਐਲ (ਨੈਸ਼ਨਲ ਫਰਟੀਲਾਈਜ਼ਰ ਲਿਮਟਿਡ) ਦੇ ਯੂਨਿਟਾਂ ਦੇ ਬੰਦ ਹੋਣ ’ਤੇ ਨਾਰਾਜ਼ਗੀ ਪ੍ਰਗਟ ਕਰਦਿਆਂ ਚੇਤਾਵਨੀ ਦਿੱਤੀ ਕਿ ਆਉਣ ਵਾਲਾ ਸਾਉਣੀ ਬਿਜਾਈ ਸੀਜ਼ਨ ਸਿੱਧੇ ਤੌਰ ‘ਤੇ ਖ਼ਤਰੇ ਵਿੱਚ ਦਿਖਾਈ ਦੇ ਰਿਹਾ ਹੈ। ਉਨ੍ਹਾਂ ਕਿਹਾ ਕਿ ਨੰਗਲ ਅਤੇ ਬਠਿੰਡਾ ਖਾਦ ਪਲਾਂਟ ਲਗਭਗ ਬੰਦ ਹੋ ਗਏ ਹਨ। ਸਾਡਾ ਯੂਰੀਆ ਕਿੱਥੋਂ ਆਵੇਗਾ? ਸਾਡੀਆਂ ਸਾਉਣੀ ਫਸਲਾਂ ਦੀ ਬਿਜਾਈ ਹੋਣੀ ਹੈ। ਇਹ ਸਾਡੇ ਕਿਸਾਨਾਂ ਦੀ ਰੋਜ਼ੀ-ਰੋਟੀ ਨਾਲ ਜੁੜਿਆ ਇੱਕ ਗੰਭੀਰ ਮੁੱਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਜਦੋਂ ਪੰਜਾਬ ਦੇ ਪਲਾਂਟ ਗੈਸ ਤੋਂ ਵਾਂਝੇ ਪਏ ਹਨ ਅਤੇ ਬੰਦ ਹੋ ਰਹੇ ਹਨ, ਉਸ ਸਮੇਂ ਐਨਐਫਐਲ ਦੇ ਪਾਣੀਪਤ ਪਲਾਂਟ ਨੂੰ 100 ਫੀਸਦ ਸਪਲਾਈ ਮਿਲ ਰਹੀ ਹੈ। ਫਿਰ ਇਹ ਪੰਜਾਬ ਨਾਲ ਸਪੱਸ਼ਟ ਵਿਤਕਰਾ ਨਹੀਂ ਤਾਂ ਕੀ ਹੈ? ਸ. ਹਰਜੋਤ ਬੈਂਸ ਨੇ ਚੇਤਾਵਨੀ ਦਿੱਤੀ ਕਿ ਹੁਣ ਤਾਂ ਇਹ ਸਥਿਤੀ ਕੋਈ ਵੱਡਾ ਨਹੀਂ ਲੱਗ ਰਹੀ, ਪਰ ਜੇ ਇਸਦਾ ਹੱਲ ਨਾ ਕੱਢਿਆ ਗਿਆ ਤਾਂ ਦੇਸ਼ ਨੂੰ ਜਲਦੀ ਹੀ ਪੈਟਰੋਲ ਅਤੇ ਡੀਜ਼ਲ ਦੀ ਭਾਰੀ ਘਾਟ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ÷ਕੱਲ੍ਹ, ਉਹ ਕਹਿਣਗੇ ਕਿ ਪੈਟਰੋਲ ਜਾਂ ਡੀਜ਼ਲ ਨਹੀਂ ਹੈ। ਇਹ ਸਿਰਫ਼ ਖੇਤਾਂ ਤੱਕ ਨਹੀਂ ਰੁਕੇਗਾ। ਜੇ ਅਜਿਹਾ ਹੀ ਰਿਹਾ ਤਾਂ ਸਾਡੇ ਹੋਸਟਲ ਆਪਣੀਆਂ ਰਸੋਈਆਂ (ਮੈਸ) ਬੰਦ ਕਰ ਦੇਣਗੇ, ਸਾਡਾ ਸੈਰ-ਸਪਾਟਾ ਉਦਯੋਗ ਠੱਪ ਹੋ ਜਾਵੇਗਾ ਅਤੇ ਇਹ ਸਾਡੀਆਂ ਹਥਿਆਰਬੰਦ ਫੌਜਾਂ ਨੂੰ ਵੀ ਪ੍ਰਭਾਵਿਤ ਕਰੇਗਾ। ਉਨ੍ਹਾਂ ਕਿਹਾ ਕਿ ਇਹ ਮੁੱਦਾ ਦੇਸ਼ ਦੇ ਹਰ ਸੈਕਟਰ ਨਾਲ ਸਬੰਧਤ ਹੈ। ਭਾਜਪਾ ਦੀਆਂ ਵਿਦੇਸ਼ ਨੀਤੀ ਦੀਆਂ ਅਸਫਲਤਾਵਾਂ ਦੀ ਖੁੱਲ੍ਹ ਕੇ ਨਿੰਦਾ ਕਰਨ ਲਈ ਆਖਦਿਆ ਸ. ਬੈਂਸ ਨੇ ਕਿਹਾ ਕਿ ਸਾਨੂੰ ਪੁੱਛਣਾ ਚਾਹੀਦਾ ਹੈ ਕਿ ਪੰਜਾਬ ਨੂੰ ਸਜ਼ਾ ਕਿਉਂ ਦਿੱਤੀ ਜਾ ਰਹੀ ਹੈ। ਨੰਗਲ ਅਤੇ ਬਠਿੰਡਾ ਵਿੱਚ ਸਾਡੇ ਪਲਾਂਟ ਕਿਉਂ ਬੰਦ ਹਨ ਜਦੋਂ ਕਿ ਐਨਐਫਐਲ ਦਾ ਪਾਣੀਪਤ ਵਾਲਾ ਪਲਾਂਟ ਪੂਰੀ ਸਮਰੱਥਾ ਨਾਲ ਚੱਲ ਰਿਹਾ ਹੈ? ਇਸ ਤੋਂ ਪਹਿਲਾਂ ਕਿ ਦੇਰੀ ਹੋ ਜਾਵੇ ਪੂਰੇ ਦੇਸ਼ ਨੂੰ ਸਟਾਕ ਦੀ ਸਥਿਤੀ ਬਾਰੇ ਸੱਚ ਜਾਣਨ ਦੀ ਲੋੜ ਹੈ।

# ਭਗਵੰਤ ਮਾਨ ਸਰਕਾਰ ਨੇ ਇਮਾਨਦਾਰ ਸ਼ਾਸਨ ਰਾਹੀਂ ਨੌਜਵਾਨਾਂ ਨੂੰ 63,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਅਤੇ ਮੁੱਖ ਸਰੋਤਾਂ ਤੋਂ ਮਾਲੀਏ ਨੂੰ ਦੁੱਗਣਾ ਕੀਤਾ : ਹਰਪਾਲ ਸਿੰਘ ਚੀਮਾ

## ਪੰਜਾਬ ਨੇ ਭਾਰੀ ਕਰਜ਼ ਬੋਝ ਦੇ ਬਾਵਜੂਦ ਕਰਜ਼ ਤੋਂ ਜੀਡੀਪੀ ਅਨੁਪਾਤ ਨੂੰ ਸ.ਫਲਤਾਪੂਰਵਕ ਘਟਾਇਆ : ਹਰਪਾਲ ਸਿੰਘ ਚੀਮਾ

ਕੈਪਟਨ ਸੁਭਾਸ਼ ਚੰਦਰ ਸ਼ਰਮਾ

ਚੰਡੀਗੜ੍ਹ, ਪੰਜਾਬ ਵਿਧਾਨ ਸਭਾ ਨੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪੇਸ਼ ਕੀਤਾ ਗਿਆ ਵਿੱਤੀ ਵਰ੍ਹੇ 2026-27 ਦਾ ਬਜਟ ਤਿੰਨ ਦਿਨਾਂ ਦੀ ਵਿਆਪਕ ਬਹਿਸ ਤੋਂ ਬਾਅਦ ਅੱਜ ਪਾਸ ਕਰ ਦਿੱਤਾ। ਸਦਨ ਵਿੱਚ ਚਰਚਾ ਨੂੰ ਸਮਾਪਤ ਕਰਦਿਆਂ ਵਿੱਤ ਮੰਤਰੀ ਨੇ ਆਮ ਆਦਮੀ ਪਾਰਟੀ (ਆਪ) ਸਰਕਾਰ ਦੇ ਪਿਛਲੇ ਚਾਰ ਸਾਲਾਂ ਦੇ ਕੰਮਾਂ ਦਾ ਵਿਸਤ੍ਰਿਤ ਖਾਕਾ ਪੇਸ਼ ਕੀਤਾ ਅਤੇ ਬਹਿਸ ਦੌਰਾਨ ਵੱਖ-ਵੱਖ ਵਿਧਾਇਕਾਂ ਵੱਲੋਂ ਉਠਾਏ ਗਏ ਸਵਾਲਾਂ ਅਤੇ ਸੁਝਾਵਾਂ ਦੇ ਜਵਾਬ ਦਿੱਤੇ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਆਪ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਭ੍ਰਿਸ਼ਟਾਚਾਰ ਵਿਰੋਧੀ ਸਿਧਾਂਤਾਂ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਹੇਠ ਪੈਸੇ ਦੀ ਚੋਰੀ ਪ੍ਰਤੀ ਪੰਜਾਬ ਸਰਕਾਰ ਦੀ ਜ਼ੀਰੋ ਸਹਿਣਸ਼ੀਲਤਾ ਨੀਤੀ ਸਦਕਾ ਮਾਲੀਏ ਵਿੱਚ ਰਿਕਾਰਡ ਤੋੜ ਵਾਧਾ ਹੋਇਆ ਹੈ। ਆਬਕਾਰੀ ਮਾਲੀਆ 20,000 ਕਰੋੜ ਰੁਪਏ ਤੋਂ ਵਧ ਕੇ 53,000 ਕਰੋੜ ਰੁਪਏ ਹੋ ਗਿਆ ਹੈ, ਜਦੋਂ ਕਿ ਜੀਐਸਟੀ ਉਗਰਾਹੀ 61,000 ਕਰੋੜ ਰੁਪਏ ਤੋਂ ਦੁੱਗਣੀ ਹੋ ਕੇ 1,21,000 ਕਰੋੜ ਰੁਪਏ ਹੋ ਗਈ ਹੈ। ਇਸ ਤੋਂ ਇਲਾਵਾ ਸਟੈਂਪ ਰਜਿਸਟ ?ੇਸ਼ਨ ਮਾਲੀਆ 12,000 ਕਰੋੜ ਰੁਪਏ ਤੋਂ ਵਧ ਕੇ ?30,000 ਕਰੋੜ ਰੁਪਏ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਖ਼ਜਾਨੇ ਵਿੱਚ ਇਹ ਕ੍ਰਾਂਤੀਕਾਰੀ ਬਦਲਾਅ ਸਖ਼ਤ ਚੌਕਸੀ ਅਤੇ ਇਮਾਨਦਾਰ ਸ਼ਾਸਨ ਰਾਹੀਂ ਸੰਭਵ ਹੋਇਆ ਹੈ। ਰੋਜ਼ਗਾਰ ਉੱਤਪਤੀ ਅਤੇ ‘ਆਪ’ ਸਰਕਾਰ ਦੀਆਂ ਗਾਰੰਟੀਆਂ ਬਾਰੇ ਗੱਲ ਕਰਦਿਆਂ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਜਦੋਂ ਸਾਡੀ ਸਰਕਾਰ ਨੇ 2022 ਵਿੱਚ ਆਪਣੀ ਕੈਬਨਿਟ ਦਾ ਪਹਿਲਾ ਫੈਸਲਾ ਲਿਆ ਸੀ ਤਾਂ ਅਸੀਂ 30,000 ਸਰਕਾਰੀ ਨੌਕਰੀਆਂ ਦੇਣ ਦਾ ਵਾਅਦਾ ਕੀਤਾ ਸੀ। ਅੱਜ ਅਸੀਂ ਪੰਜਾਬ ਦੇ ਨੌਜਵਾਨਾਂ ਨੂੰ 63,000 ਤੋਂ ਵੱਧ ਸਰਕਾਰੀ ਨੌਕਰੀਆਂ ਪ੍ਰਦਾਨ ਕਰਕੇ ਇਸ ਵਾਅਦੇ ਤੋਂ ਕਿਤੇ ਵੱਧ ਕਰਕੇ ਦਿਖਾਇਆ ਹੈ। ਇਸ ਇਤਿਹਾਸਕ ਭਰਤੀ ਮੁਹਿੰਮ ਨੇ ਸੂਬੇ ਵਿੱਚੋਂ ਨੌਜਵਾਨਾਂ ਦੀ ਵਿਦੇਸ਼ਾਂ ਵੱਲ ਹਿਜਰਤ ਨੂੰ ਠੱਲ੍ਹ ਪਾ ਕੇ ਨੌਜਵਾਨ ਪੀੜ੍ਹੀ ਲਈ ਇੱਕ ਸਕਾਰਾਤਮਕ ਮਾਹੌਲ ਸਿਰਜਿਆ ਹੈ। ਸੂਬੇ ਦੇ ਕਰਜ਼ ਬਾਰੇ ਵਿਰੋਧੀ ਧਿਰ ਦੇ ਸ਼ੰਕਿਆਂ/ਸਵਾਲਾਂ ਦਾ ਜਵਾਬ ਦਿੰਦਿਆਂ ਉਨ੍ਹਾਂ ਅੱਗੇ ਕਿਹਾ ਕਿ ਰਾਜ ਦੇ ਮੌਜੂਦਾ ਫੰਡਾਂ ਦਾ 85 ਫੀਸਦ ਹਿੱਸਾ ਪਿਛਲੀਆਂ ਸਰਕਾਰਾਂ ਤੋਂ ਵਿਰਾਸਤ ਵਿੱਚ ਮਿਲੇ ਵੱਡੇ ਕਰਜ਼ ਦੀ ਅਦਾਇਗੀ ਲਈ ਵਰਤਿਆ ਜਾ ਰਿਹਾ ਹੈ। ਇਸ ਬੋਝ ਦੇ ਬਾਵਜੂਦ ਸਾਡੀ ਸਰਕਾਰ ਕਰਜ਼ ਤੋਂ ਜੀਡੀਪੀ ਅਨੁਪਾਤ ਨੂੰ 48 ਫੀਸਦ ਤੋਂ ਘਟਾ ਕੇ 45 ਫੀਸਦ ਕਰਨ ਵਿੱਚ ਕਾਮਯਾਬ ਰਹੀ ਹੈ ਅਤੇ ਅਸੀਂ ਪਿਛਲੀਆਂ ਸਰਕਾਰਾਂ ਤੋਂ ਵਿਰਾਸਤ ’ਚ ਮਿਲੀਆਂ 21,860 ਕਰੋੜ ਰੁਪਏ ਦੀਆਂ ਦੇਣਦਾਰੀਆਂ ਦਾ ਭੁਗਤਾਨ ਵੀ ਕੀਤਾ ਹੈ। ਇਸ ਦੇ ਨਾਲ ਹੀ ਰਾਜ ਨੇ ਵਿੱਤੀ ਜ਼ਿੰਮੇਵਾਰੀ ਅਤੇ ਬਜਟ ਪ੍ਰਬੰਧਨ (ਐਫਆਰਬੀਐਮ) ਐਕਟ ਤਹਿਤ ਨਿਰਧਾਰਤ ਸੀਮਾਵਾਂ ਦੀ ਸਖ਼ਤੀ ਨਾਲ ਪਾਲਣਾ ਕੀਤੀ ਹੈ ਅਤੇ ਲੋੜ ਤੋਂ ਜ਼ਿਆਦਾ ਕਰਜ਼ ਲੈਣ ਦਾ ਸਹਾਰਾ ਨਹੀਂ ਲਿਆ ਹੈ। ਸਿੰਕਿੰਗ ਫੰਡ ਅਤੇ ਗਰੰਟੀ ਰੀਡੈਂਪਸ਼ਨ ਵਿਧੀਆਂ ਰਾਹੀਂ ਥੋੜ੍ਹੇ ਸਮੇਂ ਦੇ ਨਕਦ ਪ੍ਰਬੰਧਨ ਨੂੰ ਕੁਸ਼ਲਤਾ ਨਾਲ ਸੰਭਾਲਿਆ ਗਿਆ ਹੈ, ਜਿਸ ਨਾਲ ਸੂਬਾ ਘੱਟ ਵਿਆਜ ਦਰਾਂ ਦੇ ਯੋਗ ਹੋ ਸਕਿਆ। ਭਲਾਈ ਪਹਿਲਕਦਮੀਆਂ ਬਾਰੇ ਬੋਲਦਿਆਂ ਵਿੱਤ ਮੰਤਰੀ ਨੇ ਅੱਗੇ ਕਿਹਾ




ਕਿ ਸਰਕਾਰ ਨੇ ਮਹਿਲਾਵਾਂ ਲਈ 1,000 ਰੁਪਏ ਦੀ ਵਿੱਤੀ ਸਹਾਇਤਾ ਸਕੀਮ ਨੂੰ ਸਫਲਤਾਪੂਰਵਕ ਲਾਗੂ ਕੀਤਾ ਹੈ, ਜਿਸ ਨਾਲ ਪੰਜਾਬ ਦੇ ਲੋਕਾਂ ਨਾਲ ਕੀਤੀਆਂ ਗਈਆਂ ਸਾਰੀਆਂ ਪੰਜ ਮੁੱਖ ਗਾਰੰਟੀਆਂ ਪੂਰੀਆਂ ਹੋ ਗਈਆਂ ਹਨ। ਸੂਬਾ ਸਰਕਾਰ ਵੱਲ ਗੰਨੇ ਦੇ ਬਕਾਏ ਦਾ ਇੱਕ ਵੀ ਰੁਪਿਆ ਲੰਬਿਤ ਨਹੀਂ ਹੈ ਅਤੇ ਜੋ 27 ਕਰੋੜ ਰੁਪਏ ਦਾ ਬਕਾਇਆ ਹੈ, ਉਹ ਫਗਵਾੜਾ ਦੀ ਇੱਕ ਨਿੱਜੀ ਮਿੱਲ ਦਾ ਹੈ ਅਤੇ ਕਿਸਾਨਾਂ ਨੂੰ ਉਨ੍ਹਾਂ ਦੀ ਫ਼ਸਲ ਦਾ ਬਣਦਾ ਭੁਗਤਾਨ ਮਿਲਣ ਨੂੰ ਯਕੀਨੀ ਬਣਾਉਣ ਲਈ ਇਸ ਮਿੱਲ ਦੀਆਂ ਸੰਪਤੀਆਂ ਸਰਕਾਰ ਵੱਲੋਂ ਪਹਿਲਾਂ ਹੀ ਜ਼ਬਤ ਕਰ ਲਈਆਂ ਗਈਆਂ ਹਨ। ਕਿਸਾਨਾਂ ਲਈ ਯਕਮੁਸ਼ਤ ਨਿਪਟਾਰਾ ਯਕੀਨੀ ਬਣਾਉਣ ਸਬੰਧੀ ਵਿਧਾਇਕ ਰਾਣਾ ਇੰਦਰ ਪ੍ਰਤਾਪ ਦੇ ਸੁਝਾਅ ਦੇ ਜਵਾਬ ਵਿੱਚ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਇਸਨੂੰ ਸੁਚਾਰੂ ਬਣਾਉਣ ਲਈ ਘਾਟੇ ਵਿੱਚ ਚੱਲ ਰਹੇ ਬੈਂਕਾਂ ਨੂੰ ਭਾਰਤੀ ਰਿਜ਼ਰਵ ਬੈਂਕ ਨਾਲ ਜੋੜਨ ਲਈ ਸਰਗਰਮੀ ਨਾਲ ਯਤਨ ਕਰ ਰਹੇ ਹਨ। ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ ਵੱਲੋਂ ਐਮਐਲਏ ਸਥਾਨਕ ਖੇਤਰ ਵਿਕਾਸ ਫੰਡਾਂ ਬਾਰੇ ਉਠਾਏ ਗਏ ਸਵਾਲਾਂ ਦੇ ਜਵਾਬ ਵਿੱਚ ਉਨ੍ਹਾਂ ਕਿਹਾ, ÷ਐਮਐਲਏ ਸਥਾਨਕ ਖੇਤਰ ਵਿਕਾਸ ਫੰਡਾਂ ਨੂੰ ਪ੍ਰਤੀ ਵਿਧਾਇਕ 5 ਕਰੋੜ ਤੋਂ ਦੁੱਗਣਾ ਕਰਕੇ 10 ਕਰੋੜ ਰੁਪਏ ਕਰ ਦਿੱਤਾ ਗਿਆ ਹੈ, ਜਿਸ ਨਾਲ ਚੁਣੇ ਹੋਏ ਪ੍ਰਤੀਨਿਧ ਵਿਆਪਕ ਵਿਕਾਸ ਪ੍ਰਸਤਾਵਾਂ ਨੂੰ ਯਕੀਨੀ ਬਣਾ ਸਕਦੇ ਹਨ। ਇਨ੍ਹਾਂ ਫੰਡਾਂ ਦੀ ਵਰਤੋਂ ਲਈ ਕੁਝ ਦਿਸ਼ਾ-ਨਿਰਦੇਸ਼ ਹਨ ਅਤੇ ਵਿਧਾਇਕਾਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਇਨ੍ਹਾਂ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕੀਤੀ ਜਾਵੇ। ਵਿਧਾਇਕ ਨਛੱਤਰ ਪਾਲ ਅਤੇ ਹੋਰ ਨਵੇਂ ਚੁਣੇ ਗਏ ਮੈਂਬਰਾਂ ਵੱਲੋਂ ਉਠਾਈਆਂ ਗਈਆਂ ਬੁਨਿਆਦੀ ਢਾਂਚੇ ਦੀਆਂ ਮੰਗਾਂ ਦੇ ਜਵਾਬ ਵਿੱਚ, ਪੰਜਾਬ ਦੇ ਮੰਤਰੀ ਨੇ ਕਿਹਾ, ÷ਬਜਟ ਵਿੱਚ ਮਹੱਤਵਪੂਰਨ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਨੂੰ ਤਰਜੀਹ ਦਿੱਤੀ ਗਈ ਹੈ। ਸੂਬੇ ਭਰ ਵਿੱਚ ਨਵੇਂ ਪੁਲਾਂ ਅਤੇ ਸੜਕਾਂ ਦੇ ਨਿਰਮਾਣ ਲਈ 130 ਕਰੋੜ ਰੁਪਏ ਅਲਾਟ ਕੀਤੇ ਗਏ ਹਨ। ਗ੍ਰਹਿ ਮਾਮਲਿਆਂ ਦੇ ਬਜਟ ਨੂੰ 7 ਫੀਸਦ ਵਧਾ ਕੇ 11,577 ਕਰੋੜ ਰੁਪਏ ਕਰ ਦਿੱਤਾ ਗਿਆ ਹੈ। ਨਵੇਂ ਪੁਲਿਸ ਸਟੇਸ਼ਨਾਂ ਅਤੇ ਪੁਲਿਸ ਲਾਈਨਾਂ ਦੇ ਨਿਰਮਾਣ ਲਈ ਪੂੰਜੀਗਤ ਖਰਚ ਵੀ 297 ਕਰੋੜ ਰੁਪਏ ਤੋਂ ਵਧਾ ਕੇ 480 ਕਰੋੜ ਰੁਪਏ ਕਰ ਦਿੱਤਾ ਗਿਆ ਹੈ।÷ ਵਿਧਾਇਕ ਰਾਣਾ ਇੰਦਰ ਪ੍ਰਤਾਪ ਵੱਲੋਂ ਸਿਹਤ ਬੀਮਾ ਯੋਜਨਾ ਲਈ ਫੰਡਿੰਗ ਬਾਰੇ ਉਠਾਏ ਮੁੱਦਿਆਂ ਬਾਰੇ ਗੱਲ ਕਰਦਿਆਂ, ਹਰਪਾਲ ਸਿੰਘ ਚੀਮਾ ਨੇ ਕਿਹਾ, ÷ਸਿਹਤ ਬੀਮਾ ਯੋਜਨਾ ਲਈ 2,000 ਕਰੋੜ ਰੁਪਏ ਰੱਖੇ ਗਏ ਹਨ ਅਤੇ ਜੇਕਰ ਲੋੜ ਪਈ ਤਾਂ ਇਸ ਵੰਡ ਨੂੰ ਸਾਲ ਦੇ ਅੰਤ ਵਿੱਚ ਹੋਰ ਵਧਾਇਆ ਜਾ ਸਕਦਾ ਹੈ।÷ ਵਿਧਾਇਕ ਸੁਖਵਿੰਦਰ ਸੁੱਖੀ ਵੱਲੋਂ ਨਿੱਜੀ ਸਹਾਇਕਾਂ ਅਤੇ ਡਰਾਈਵਰਾਂ ਦੀਆਂ ਤਨਖਾਹਾਂ ਸਬੰਧੀ ਦਿੱਤੇ ਸੁਝਾਵਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਕਿਹਾ, ÷ਹਾਊਸ ਕਮੇਟੀ ਨੂੰ ਆਪਣੀਆਂ ਸਿਫ਼ਾਰਸ਼ਾਂ ਮੁੱਖ ਮੰਤਰੀ ਕੋਲ ਸਮੀਖਿਆ ਲਈ ਭੇਜਣੀਆਂ ਚਾਹੀਦੀਆਂ ਹਨ।÷ ਮੁਲਾਜ਼ਮਾਂ ਦੀ ਭਲਾਈ ਅਤੇ ਪੈਨਸ਼ਨਾਂ ਬਾਰੇ ਬੋਲਦਿਆਂ, ਪੰਜਾਬ ਦੇ ਵਿੱਤ ਮੰਤਰੀ ਨੇ ਕਿਹਾ, ÷ਸਰਕਾਰ ਵੱਲੋਂ ਜਨਵਰੀ 2016 ਤੋਂ ਜੂਨ 2021 ਤੱਕ ਦੀ ਮਿਆਦ ਲਈ 75 ਅਤੇ 85 ਸਾਲ ਤੋਂ ਵੱਧ ਉਮਰ ਦੇ ਪੈਨਸ਼ਨਰਾਂ ਲਈ ਲੰਬਿਤ ਮਹਿੰਗਾਈ ਭੱਤੇ ਦੇ ਬਕਾਏ ਦਾ 100 ਫੀਸਦ ਭੁਗਤਾਨ ਕਰ ਦਿੱਤਾ ਗਿਆ ਹੈ। 1 ਅਪ੍ਰੈਲ ਤੋਂ ਮੌਜੂਦਾ ਕਰਮਚਾਰੀਆਂ ਅਤੇ ਪੈਨਸ਼ਨਰਾਂ ਲਈ ਬਾਕੀ ਬਕਾਏ ਜਾਰੀ ਕਰਨ ਲਈ ਵੀ ਫੰਡ ਅਲਾਟ ਕੀਤੇ ਗਏ ਹਨ।÷ ਪੁਰਾਣੀ ਪੈਨਸ਼ਨ ਯੋਜਨਾ ਬਾਰੇ ਉਨ੍ਹਾਂ ਕਿਹਾ, “ਮੁੱਖ ਸਕੱਤਰ ਦੀ ਅਗਵਾਈ ਵਾਲੀ ਇੱਕ ਮਾਹਰ ਕਮੇਟੀ ਪੁਰਾਣੀ ਪੈਨਸ਼ਨ ਯੋਜਨਾ ਦੇ ਵਿੱਤੀ ਪ੍ਰਭਾਵ ਦਾ ਡੂੰਘਾਈ ਨਾਲ ਅਧਿਐਨ ਕਰ ਰਹੀ ਹੈ ਤਾਂ ਜੋ ਇੱਕ ਸੁਰੱਖਿਅਤ ਫੈਸਲਾ ਲਿਆ ਜਾ ਸਕੇ। ਕਮੇਟੀ ਵੱਲੋਂ ਹਿਮਾਚਲ ਪ੍ਰਦੇਸ਼, ਰਾਜਸਥਾਨ ਅਤੇ ਛੱਤੀਸਗੜ੍ਹ ਵਰਗੇ ਸੂਬਿਆਂ ਨੂੰ ਅਜਿਹੀਆਂ ਨੀਤੀਆਂ ਲਾਗੂ ਕਰਨ ਤੋਂ ਬਾਅਦ ਦਰਪੇਸ਼ ਵਿੱਤੀ ਚੁਣੌਤੀਆਂ ਦੀ ਵੀ ਜਾਂਚ ਕੀਤੀ ਜਾ ਰਹੀ ਹੈ। ਖੁਰਾਲਗੜ੍ਹ ਵਿਖੇ ਗੁਰੂ ਰਵਿਦਾਸ ਦੀ 650ਵੀਂ ਜਯੰਤੀ ਮਨਾਉਣ ਲਈ 100 ਕਰੋੜ ਰੁਪਏ ਅਲਾਟ ਕੀਤੇ ਗਏ ਹਨ। ਸ੍ਰੀ ਗੁਰੂ ਰਵਿਦਾਸ ਜੀ ਬਾਣੀ ਅਧਿਐਨ ਕੇਂਦਰ ਦੀ ਸਥਾਪਨਾ ਲਈ ਡੇਰਾ ਬੱਲਾਂ ਨੇੜੇ ਦਸ ਏਕੜ ਜ਼ਮੀਨ ਵੀ ਖਰੀਦੀ ਗਈ ਹੈ ਅਤੇ ਜਲਦੀ ਹੀ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਇਸਦੀ ਨੀਂਹ ਰੱਖੀ ਜਾਵੇਗੀ। ਭਵਿੱਖੀ ਪਹਿਲਕਦਮੀਆਂ ਬਾਰੇ ਗੱਲ ਕਰਦਿਆਂ, ਪੰਜਾਬ ਦੇ ਮੰਤਰੀ ਨੇ ਕਿਹਾ, “ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਇੱਕ ਨਵੀਂ ਵਿਸ਼ਵ ਯੂਨੀਵਰਸਿਟੀ ਦੀ ਸਥਾਪਨਾ ਲਈ ਫੰਡ ਨਿਰਧਾਰਤ ਕੀਤੇ ਗਏ ਹਨ ਅਤੇ ਇਸ ਪ੍ਰੋਜੈਕਟ ’ਤੇ ਕੰਮ ਜੰਗੀ ਪੱਧਰ ’ਤੇ ਸ਼ੁਰੂ ਹੋਵੇਗਾ। ਬਜਟ ’ਤੇ ਚਰਚਾ ਨੂੰ ਸਮਾਪਤ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸੂਬੇ ਦੇ ਵਿਆਪਕ ਵਿਕਾਸ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਕਿਹਾ, “ਮੁੱਖ ਮੰਤਰੀ ਭਗਵੰਤ ਮਾਨ ਨੇ ਸੂਬੇ ਦੇ ਹਰ ਖੇਤ ਤੱਕ ਪਾਣੀ ਪਹੁੰਚਾਉਣ ਦਾ ਵਾਅਦਾ ਕੀਤਾ ਹੈ ਅਤੇ ਸਰਕਾਰ 2027 ਤੋਂ ਪਹਿਲਾਂ ਪੰਜਾਬ ਨੂੰ ਖੁਸ਼ਹਾਲੀ ਦੀਆਂ ਨਵੀਆਂ ਬੁਲੰਦੀਆਂ ’ਤੇ ਲਿਜਾਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

# ਪੰਜਾਬ ਦਾ ਬਜਟ ਹਰ ਵਰਗ ਦੀ ਭਲਾਈ ਅਤੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਏਗਾ: ਮੋਹਿੰਦਰ ਭਗਤ

## ਬਾ.ਗਬਾਨੀ ਖੇਤਰ ਦੇ ਵਿਕਾਸ ਲਈ 1300 ਕਰੋੜ ਰੁਪਏ ਦਾ ਪ੍ਰੋਜੈਕਟ ਕਿਸਾਨਾਂ ਦੀ ਭਲਾਈ ਨੂੰ ਸਮਰਪਿਤ

ਐਸ. ਕੇ. ਸਕਸੈਨਾ

ਚੰਡੀਗੜ੍ਹ, ਪੰਜਾਬ ਦੇ ਬਾਗ਼ਬਾਨੀ, ਆਜ਼ਾਦੀ ਘੁਲਾਟੀਏ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਅੱਜ ਪੰਜਾਬ ਵਿਧਾਨ ਸਭਾ ਵਿੱਚ ਬਜਟ ‘ਤੇ ਬੋਲਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤਾ ਗਿਆ ਮੌਜੂਦਾ ਬਜਟ ਹਰ ਵਰਗ ਦੀ ਭਲਾਈ ਅਤੇ ਸੂਬੇ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਏਗਾ। ਉਨ੍ਹਾਂ ਕਿਹਾ ਕਿ ਇਹ ਬਜਟ ਆਮ ਲੋਕਾਂ, ਗਰੀਬ ਵਰਗ ਅਤੇ ਮਜ਼ਦੂਰਾਂ ਦੀ ਭਲਾਈ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਗਿਆ ਹੈ। ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤਾ ਗਿਆ ਇਹ ਬਜਟ ਪੰਜਾਬ ਦੇ ਸਰਬਪੱਖੀ ਵਿਕਾਸ ਨੂੰ ਸਮਰਪਿਤ ਹੈ। ਉਨ੍ਹਾਂ ਨੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪੇਸ਼ ਕੀਤੇ ਬਜਟ ਦੀ ਸ਼ਲਾਘਾ ਕਰਦਿਆਂ ਕਿਹਾ ਕਿ 8 ਮਾਰਚ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ ‘ਤੇ ਪੇਸ਼ ਕੀਤਾ ਗਿਆ ਇਹ ਬਜਟ ਮਹਿਲਾਵਾਂ ਨੂੰ ਸਮਰਪਿਤ ਹੈ ਅਤੇ ਸਮਾਜ ਦੇ ਹਰ ਵਰਗ ਦੀ



ਭਲਾਈ ਲਈ ਤਿਆਰ ਕੀਤਾ ਗਿਆ ਹੈ। ਸ੍ਰੀ ਭਗਤ ਨੇ ਕਿਹਾ ਕਿ ਪੰਜਾਬ ਦੀ ਆਰਥਿਕਤਾ ਵਿੱਚ ਖੇਤੀਬਾੜੀ ਅਤੇ ਬਾਗ਼ਬਾਨੀ ਖੇਤਰ ਦਾ ਮਹੱਤਵਪੂਰਨ ਯੋਗਦਾਨ ਹੈ। ਉਨ੍ਹਾਂ ਦੱਸਿਆ ਕਿ ਪਹਿਲੀ ਵਾਰ ਬਾਗ਼ਬਾਨੀ ਖੇਤਰ ਦੇ ਵਿਕਾਸ ਲਈ ਕਰੀਬ 1300 ਕਰੋੜ ਰੁਪਏ ਦਾ ਪ੍ਰੋਜੈਕਟ ਮਨਜ਼ੂਰ ਕੀਤਾ ਗਿਆ ਹੈ, ਜਿਸ ਨਾਲ ਪੰਜਾਬ ਵਿੱਚ ਬਾਗ਼ਬਾਨੀ ਨੂੰ ਵੱਡਾ ਹੁਲਾਰਾ ਮਿਲੇਗਾ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋਵੇਗਾ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਸਿੱਖਿਆ ਅਤੇ ਸਿਹਤ ਖੇਤਰ ਵਿੱਚ ਵੀ ਕ੍ਰਾਂਤੀਕਾਰੀ ਸੁਧਾਰ ਕੀਤੇ ਗਏ ਹਨ। ਸਰਕਾਰੀ ਸਕੂਲਾਂ ਨੂੰ ਸਮਾਰਟ ਸਕੂਲਾਂ ਵਿੱਚ ਤਬਦੀਲ ਕੀਤਾ ਗਿਆ ਹੈ ਅਤੇ ਵਿਦਿਆਰਥੀਆਂ ਨੂੰ ਮੁਫ਼ਤ ਕਿਤਾਬਾਂ, ਵਰਦੀਆਂ ਅਤੇ ਆਧੁਨਿਕ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਇਸੇ ਤਰ੍ਹਾਂ ਸੂਬੇ ਦੇ ਲੋਕਾਂ ਨੂੰ ਮੁਫ਼ਤ ਅਤੇ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਮੁਹੱਲਾ ਕਲੀਨਿਕ ਬਣਾਏ ਗਏ ਹਨ, ਜਿੱਥੇ ਲੋਕਾਂ ਨੂੰ ਮੁਫ਼ਤ ਦਵਾਈਆਂ ਅਤੇ ਤਜਰਬੇਕਾਰ ਡਾਕਟਰਾਂ ਦੀ ਸੇਵਾ ਮਿਲ ਰਹੀ ਹੈ। ਮੰਤਰੀ ਨੇ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਪੂਰਾ ਕਰਨਾ ਅਤੇ ਪੰਜਾਬ ਨੂੰ ਹਰ ਪੱਖੋਂ ਖੁਸ਼ਹਾਲ ਬਣਾਉਣਾ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਮੌਜੂਦਾ ਬਜਟ ਪੰਜਾਬ ਦੇ ਸਰਬਪੱਖੀ ਵਿਕਾਸ ਨੂੰ ਨਵੀਂ ਰਫ਼ਤਾਰ ਦੇਵੇਗਾ ਅਤੇ ਲੋਕਾਂ ਦੀ ਜ਼ਿੰਦਗੀ ਵਿੱਚ ਸਕਾਰਾਤਮਕ ਬਦਲਾਅ ਲਿਆਵੇਗਾ।

# ਪੰਜਾਬ ’ਚ ਵਧ ਰਹੀ ਬੇਚੈਨੀ ਦੇ ਚਲਦਿਆਂ ਸਦਨ ਨੇ ਗਹਿਰਾ ਰਹੇ ਐਲਪੀਜੀ ਸੰਕਟ ਵੱਲ ਤੁਰੰਤ ਧਿਆਨ ਦੇਣ ਦੀ ਲੋੜ ’ਤੇ ਜ਼ੋਰ ਦਿੱਤਾ

## ਮਤੇ ਅਨੁਸਾਰ ਕੇਂਦਰ ਦੀ ਕਮਜ਼ੋਰ ਅਤੇ ਦਿਸ਼ਾਹੀਣ ਵਿਦੇਸ਼ ਨੀਤੀ ਭਾਰਤ ਨੂੰ ਊਰਜਾ ਸੰਕਟ ਵੱਲ ਧੱਕ ਰਹੀ

ਮਨਦੀਪ ਕੌਰ

ਚੰਡੀਗੜ੍ਹ, ਦੇਸ਼ ਭਰ ਵਿੱਚ ਉੱਭਰ ਰਹੇ ਗੈਸ ਅਤੇ ਊਰਜਾ ਸੰਕਟ ’ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਪੰਜਾਬ ਵਿਧਾਨ ਸਭਾ ਵਿੱਚ ਅੱਜ ਵਿਦੇਸ਼ ਨੀਤੀ ’ਚ ਕੇਂਦਰ ਸਰਕਾਰ ਦੀ ਅਸਫ਼ਲਤਾ ਅਤੇ ਦੇਸ਼ ਦੀ ਊਰਜਾ ਸੁਰੱਖਿਆ ’ਤੇ ਇਸਦੇ ਪ੍ਰਭਾਵ ਉੱਪਰ ਮਤਾ ਪੇਸ਼ ਕੀਤਾ ਗਿਆ। ਖ਼ੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਦੁਆਰਾ ਸਦਨ ਵਿੱਚ ਪੇਸ਼ ਕੀਤੇ ਗਏ ਇਸ ਮਤੇ ’ਤੇ ਵੀਰਵਾਰ (ਕੱਲ੍ਹ) ਵਿਸਥਾਰ ਵਿੱਚ ਚਰਚਾ ਕੀਤੀ ਜਾਵੇਗੀ। ਮਤਾ ਪੇਸ਼ ਕਰਨ ਸਮੇਂ ਸਦਨ ਵਿੱਚ ਕਾਫ਼ੀ ਹੰਗਾਮਾ ਵੀ ਹੋਇਆ, ਜਿਸ ਵਿੱਚ ਮੈਂਬਰਾਂ ਨੇ ਐਲਪੀਜੀ ਦੀ ਵਧ ਰਹੀ ਘਾਟ ਅਤੇ ਇਸ ਸਥਿਤੀ ਦੇ ਗੰਭੀਰ ਆਰਥਿਕ ਪ੍ਰਭਾਵਾਂ ’ਤੇ ਚਿੰਤਾਵਾਂ ਜ਼ਾਹਰ ਕੀਤੀਆਂ । ਸਪੀਕਰ ਨੇ ਕਿਹਾ ਕਿ ਮਤਾ ਰਸਮੀ ਤੌਰ ’ਤੇ ਪੇਸ਼ ਕੀਤਾ ਗਿਆ ਹੈ ਅਤੇ ਇਸ ’ਤੇ ਭਲਕੇ ਖੁੱਲ੍ਹ ਕੇ ਚਰਚਾ ਹੋਵੇਗੀ। ਮੈਂਬਰਾਂ ਨੇ ਜ਼ੋਰ ਦੇ ਕੇ ਕਿਹਾ ਕਿ ਸਦਨ ਇਸ ਮਾਮਲੇ ਵਿੱਚ ਤੁਰੰਤ ਕਾਰਵਾਈ ਦੀ ਮੰਗ ਕਰਦਾ ਹੈ, ਕਿਉਂਕਿ ਐਲਪੀਜੀ ਦੀ ਘਾਟ ਦੀਆਂ ਰਿਪੋਰਟਾਂ ਨੇ ਪੰਜਾਬ ਭਰ ਦੇ ਖਪਤਕਾਰਾਂ, ਰੈਸਟੋਰੈਂਟਾਂ, ਢਾਬਿਆਂ ਅਤੇ ਛੋਟੇ ਵਪਾਰੀਆਂ ਵਿੱਚ ਬੇਚੈਨੀ ਪੈਦਾ ਕਰਨੀ ਸ਼ੁਰੂ ਕਰ ਦਿੱਤੀ ਹੈ। ਮਤਾ ਪੇਸ਼ ਕਰਦਿਆਂ ਖ਼ੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਸਦਨ ਕੇਂਦਰ ਸਰਕਾਰ ਦੀ ਅਸਫਲ ਵਿਦੇਸ਼ ਨੀਤੀ ਅਤੇ ਅਸੰਤੁਲਿਤ ਊਰਜਾ ਨੀਤੀ ਕਾਰਨ ਦੇਸ਼ ਵਿੱਚ ਪੈਦਾ ਹੋਈ ਸਥਿਤੀ ’ਤੇ ਆਪਣੀ ਡੂੰਘੀ ਚਿੰਤਾ ਅਤੇ ਨਾਰਾਜ਼ਗੀ ਦਰਜ ਕਰਦਾ ਹੈ। ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਇਹ ਸਦਨ ਡੂੰਘੀ ਚਿੰਤਾ ਅਤੇ ਨਾਰਾਜ਼ਗੀ ਦਰਜ ਕਰਦਾ ਹੈ ਕਿ ਕੇਂਦਰ ਸਰਕਾਰ ਦੀ ਅਸਫਲ ਵਿਦੇਸ਼ ਨੀਤੀ ਅਤੇ ਅਸੰਤੁਲਿਤ ਊਰਜਾ ਨੀਤੀ ਕਾਰਨ, ਦੇਸ਼ ਭਰ ਵਿੱਚ ਊਰਜਾ ਸੰਕਟ ਦੀ ਸਥਿਤੀ ਪੈਦਾ ਹੋ ਗਈ ਹੈ। ਉਨ੍ਹਾਂ ਕਿਹਾ ਕਿ ਭਾਰਤ ਵਿੱਚ ਇਹ ਮੌਜੂਦਾ ਹਾਲਾਤ ਸਿਰਫ਼ ਅੰਤਰਰਾਸ਼ਟਰੀ ਪੱਧਰ ’ਤੇ ਘਟਨਾਕ੍ਰਮਾਂ ਦਾ ਨਤੀਜਾ ਨਹੀਂ ਹਨ, ਸਗੋਂ ਇਹ ਕਮਜ਼ੋਰ, ਅਸੰਤੁਲਿਤ ਅਤੇ ਦਿਸ਼ਾਹੀਣ ਵਿਦੇਸ਼ ਨੀਤੀ ਦਾ ਨਤੀਜਾ ਵੀ ਹਨ। ਲਾਲ ਚੰਦ ਕਟਾਰੂਚੱਕ ਨੇ ਅੱਗੇ ਕਿਹਾ ਕਿ ਭਾਰਤ ਵਿੱਚ ਅੱਜ ਜੋ ਸਥਿਤੀ ਹੈ ਉਹ ਨਾ ਸਿਰਫ਼ ਅੰਤਰਰਾਸ਼ਟਰੀ ਹਾਲਾਤਾਂ ਕਰਕੇ ਹੈ, ਸਗੋਂ ਇਹ ਕੇਂਦਰ ਸਰਕਾਰ ਦੀ ਕਮਜ਼ੋਰ, ਅਸੰਤੁਲਿਤ ਅਤੇ ਦਿਸ਼ਾਹੀਣ ਵਿਦੇਸ਼ ਨੀਤੀ ਦਾ ਨਤੀਜਾ ਵੀ ਹੈ। ਕੈਬਨਿਟ ਮੰਤਰੀ ਨੇ ਚਿਤਾਵਨੀ ਦਿੱਤੀ ਕਿ ਦੇਸ਼ ਦੀ ਊਰਜਾ ਸੁਰੱਖਿਆ ਹੁਣ ਇੱਕ ਗੰਭੀਰ ਖ਼ਤਰੇ ਦਾ ਸਾਹਮਣਾ ਕਰ ਰਹੀ ਹੈ ਅਤੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਐਲਪੀਜੀ ਦੀ ਘਾਟ ਦੀਆਂ ਚਿੰਤਾਜਨਕ ਰਿਪੋਰਟਾਂ ਆ ਰਹੀਆਂ ਹਨ। ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਦੇਸ਼ ਵਿੱਚ ਐਲਪੀਜੀ ਸਪਲਾਈ ਦੀ ਗੰਭੀਰ ਘਾਟ ਬਾਰੇ ਰਿਪੋਰਟਾਂ ਸਾਹਮਣੇ ਆ ਰਹੀਆਂ ਹਨ, ਜਿਸ ਕਾਰਨ ਦੇਸ਼ ਭਰ ਵਿੱਚ ਰੈਸਟੋਰੈਂਟ, ਢਾਬੇ, ਛੋਟੇ ਵਪਾਰੀ ਅਤੇ ਆਮ ਖਪਤਕਾਰ ਇੱਕ ਗੰਭੀਰ ਸੰਕਟ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਸਦਨ ਨੂੰ ਦੱਸਿਆ ਕਿ ਦਿੱਲੀ, ਮੁੰਬਈ, ਬੰਗਲੁਰੂ ਅਤੇ ਚੇਨਈ ਸਮੇਤ ਕਈ ਵੱਡੇ ਸ਼ਹਿਰਾਂ ਵਿੱਚ ਪਹਿਲਾਂ ਹੀ ਐਲਪੀਜੀ ਦੀ ਮਹੱਤਵਪੂਰਨ ਘਾਟ ਦੀਆਂ ਰਿਪੋਰਟਾਂ ਆ ਰਹੀਆਂ ਹਨ।



ਦੇਸ਼ ਵਿੱਚ ਪੰਜ ਲੱਖ ਤੋਂ ਵੱਧ ਰੈਸਟੋਰੈਂਟਾਂ ਦੀ ਨੁਮਾਇੰਦਗੀ ਕਰਨ ਵਾਲੀ ਨੈਸ਼ਨਲ ਰੈਸਟੋਰੈਂਟ ਐਸੋਸੀਏਸ਼ਨ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਅਗਲੇ 72 ਘੰਟਿਆਂ ਦੇ ਅੰਦਰ ਐਲਪੀਜੀ ਸਪਲਾਈ ਆਮ ਵਾਂਗ ਨਹੀਂ ਹੋਈ ਤਾਂ ਹਜ਼ਾਰਾਂ ਰੈਸਟੋਰੈਂਟ ਅਤੇ ਭੋਜਨ ਅਦਾਰੇ ਬੰਦ ਮਜਬੂਰਨ ਬੰਦ ਕਰਨੇ ਪੈ ਸਕਦੇ ਹਨ। ਕੈਬਨਿਟ ਮੰਤਰੀ ਨੇ ਇਹ ਵੀ ਦੱਸਿਆ ਕਿ ਇਹ ਸੰਕਟ ਪੰਜਾਬ ਵਿੱਚ ਵੀ ਸਪੱਸ਼ਟ ਤੌਰ ’ਤੇ ਦਿਖਾਈ ਦੇ ਰਿਹਾ ਹੈ, ਜਿੱਥੇ ਕਈ ਇਲਾਕਿਆਂ ਵਿੱਚ ਵਪਾਰਕ ਗੈਸ ਸਿਲੰਡਰਾਂ ਦੀ ਸਪਲਾਈ ਠੱਪ ਹੋ ਗਈ ਹੈ ਅਤੇ ਰੈਸਟੋਰੈਂਟ, ਢਾਬਿਆਂ ਅਤੇ ਛੋਟੇ ਹੋਟਲ ਆਪਰੇਟਰਾਂ ਨੂੰ ਸਿਲੰਡਰ ਲੈਣ ਕਰਨ ਲਈ ਲੰਬੇ ਸਮੇਂ ਤੱਕ ਉਡੀਕ ਕਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ। ਕਈ ਥਾਵਾਂ ’ਤੇ ਵਪਾਰਕ ਗੈਸ ਸਿਲੰਡਰਾਂ ਦੀ ਸਪਲਾਈ ਠੱਪ ਹੋ ਰਹੀ ਹੈ। ਰੈਸਟੋਰੈਂਟ, ਢਾਬਾ ਅਤੇ ਛੋਟੇ ਹੋਟਲ ਆਪਰੇਟਰਾਂ ਨੂੰ ਸਿਲੰਡਰ ਲੈਣ ਲਈ ਲੰਬੇ ਸਮੇਂ ਤੱਕ ਉਡੀਕ ਕਰਨੀ ਪੈ ਰਹੀ ਹੈ। ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਛੋਟੇ ਵਪਾਰੀਆਂ ਅਤੇ ਭੋਜਨ ਅਦਾਰਿਆਂ ਦੀਆਂ ਲਾਗਤਾਂ ਤੇਜ਼ੀ ਨਾਲ ਵੱਧ ਰਹੀਆਂ ਹਨ, ਜਦੋਂ ਕਿ ਆਮ ਲੋਕ ਘਰੇਲੂ ਐਲਪੀਜੀ ਸਿਲੰਡਰ ਦੀਆਂ ਵਧਦੀਆਂ ਕੀਮਤਾਂ ਦੀ ਸਿੱਧੀ ਮਾਰ ਝੱਲ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਹਾਲਾਤਾਂ ਵਿੱਚ ਜਨਤਾ ਨੂੰ ਭਰੋਸਾ ਦਿਵਾਉਣ ਦੀ ਬਜਾਏ, ਕੇਂਦਰ ਸਰਕਾਰ ਗੈਸ ਸਿਲੰਡਰਾਂ ਦੀਆਂ ਕੀਮਤਾਂ ਵਧਾ ਰਹੀ ਹੈ। ਲਾਲ ਚੰਦ ਕਟਾਰੂਚੱਕ ਨੇ ਅੱਗੇ ਕਿਹਾ ਕਿ ਅਜਿਹੇ ਹਾਲਾਤਾਂ ਵਿੱਚ, ਜਨਤਾ ਨੂੰ ਭਰੋਸਾ ਦਿਵਾਉਣ ਦੀ ਬਜਾਏ, ਕੇਂਦਰ ਸਰਕਾਰ ਗੈਸ ਸਿਲੰਡਰਾਂ ਦੀਆਂ ਕੀਮਤਾਂ ਵਧਾ ਰਹੀ ਹੈ। ਇਹ ਸਥਿਤੀ ਆਪਣੇ ਆਪ ਵਿੱਚ ਦਰਸਾਉਂਦੀ ਹੈ ਕਿ ਕੇਂਦਰ ਸਰਕਾਰ ਸੰਕਟ ਦੀ ਗੰਭੀਰਤਾ ਨੂੰ ਲੁਕਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਇਹ ਮਤਾ ਇਸ ਗੱਲ ’ਤੇ ਵੀ ਚਿੰਤਾ ਪ੍ਰਗਟ ਕਰਦਾ ਹੈ ਕਿ ਕੀ ਦੇਸ਼ ਦੀ ਵਿਦੇਸ਼ ਨੀਤੀ ਨੂੰ ਇਸ ਤਰੀਕੇ ਨਾਲ ਢਾਲਿਆ ਜਾ ਰਿਹਾ ਹੈ, ਜੋ ਭਾਰਤ ਦੀ ਊਰਜਾ ਸੁਰੱਖਿਆ ਨੂੰ ਦਾਅ ’ਤੇ ਲਾ ਕੇ ਕੁਝ ਕਾਰਪੋਰੇਟ ਸੰਸਥਾਵਾਂ ਦੇ ਹਿੱਤਾਂ ਨੂੰ ਤਰਜੀਹ ਦੇਵੇ। ਸਦਨ ਨੂੰ ਦੱਸਿਆ ਗਿਆ ਕਿ ਘਰੇਲੂ ਐਲਪੀਜੀ ਸਿਲੰਡਰ ਦੀਆਂ ਕੀਮਤਾਂ ਇਸ ਸਮੇਂ ਦਿੱਲੀ ਵਿੱਚ 913 ਰੁਪਏ, ਮੁੰਬਈ ਵਿੱਚ 939 ਰੁਪਏ ਅਤੇ ਚੇਨਈ ਵਿੱਚ 1002 ਰੁਪਏ ਹਨ, ਜਦੋਂ ਕਿ ਘਰੇਲੂ ਸਿਲੰਡਰ ਦੀਆਂ ਕੀਮਤਾਂ ਵਿੱਚ ਹਾਲ ਹੀ ’ਚ 60 ਰੁਪਏ ਅਤੇ ਵਪਾਰਕ ਸਿਲੰਡਰ ਦੀਆਂ ਕੀਮਤਾਂ ਵਿੱਚ 1500 ਰੁਪਏ ਦਾ ਵਾਧਾ ਦਰਜ ਕੀਤਾ ਗਿਆ ਹੈ। ਮਤੇ ਦਾ ਸਮਰਥਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਕੇਂਦਰ ਸਰਕਾਰ ਦੀ ਅਸਫ਼ਲ ਵਿਦੇਸ਼ ਨੀਤੀ ਨੇ ਦੇਸ਼ ਦੇ ਹਿੱਤਾਂ ਨਾਲ ਸਮਝੌਤਾ ਕੀਤਾ ਹੈ। ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਕੇਂਦਰ ਸਰਕਾਰ ਦੀ ਅਸਫ਼ਲ ਵਿਦੇਸ਼ ਨੀਤੀ ਕਾਰਨ ਅੱਜ ਦੇਸ਼ ਦੇ ਹਿੱਤ ਅਮਰੀਕਾ ਅੱਗੇ ਦਾਅ ’ਤੇ ਲੱਗੇ ਹੋਏ ਹਨ। ਮਤੇ ਦੇ ਹੱਕ ਵਿੱਚ ਬੋਲਦਿਆਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੇਸ਼ ਦੀ ਵਿਦੇਸ਼ ਨੀਤੀ ਨੂੰ ਅਸਫਲ ਦੱਸਿਆ ਅਤੇ ਖਾਦ ਅਤੇ ਊਰਜਾ ਖੇਤਰਾਂ ਵਿੱਚ ਉੱਭਰ ਰਹੀਆਂ ਚੁਣੌਤੀਆਂ ਵੱਲ ਇਸ਼ਾਰਾ ਕੀਤਾ। ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਨੰਗਲ ਅਤੇ ਬਠਿੰਡਾ ਵਿਖੇ ਐਨਐਫਐਲ ਯੂਨਿਟ ਲਗਭਗ ਬੰਦ ਹੋ ਚੁੱਕੇ ਹਨ। ਸਾਨੂੰ ਯੂਰੀਆ ਕਿੱਥੋਂ ਮਿਲੇਗਾ? ਇਹ ਸਿਰਫ਼ ਐਲਪੀਜੀ ਬਾਰੇ ਨਹੀਂ ਸਗੋਂ ਐਲਐਨਜੀ ਬਾਰੇ ਵੀ ਇਹੀ ਸਥਿਤੀ ਹੈ. ਜਦੋਂ ਕਿ ਪਾਣੀਪਤ ਪਲਾਂਟ ਨੂੰ ਪੂਰੀ ਸਪਲਾਈ ਮਿਲ ਰਹੀ ਹੈ। ਸਦਨ ਅੱਗੇ ਰੱਖਿਆ ਗਿਆ ਮਤਾ ਕੇਂਦਰ ਸਰਕਾਰ ਦੀਆਂ ਅਸਫਲ ਵਿਦੇਸ਼ ਅਤੇ ਊਰਜਾ ਨੀਤੀਆਂ ਦੀ ਸਖ਼ਤ ਨਿੰਦਾ ਕਰਦਾ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ ਦੇਸ਼ ਇੱਕ ਗੰਭੀਰ ਊਰਜਾ ਸੰਕਟ ਵੱਲ ਵਧ ਰਿਹਾ ਹੈ। ਇਹ ਮੰਗ ਕਰਦਾ ਹੈ ਕਿ ਕੇਂਦਰ ਸਰਕਾਰ ਤੁਰੰਤ ਐਲਪੀਜੀ ਸਪਲਾਈ ਨੂੰ ਆਮ ਵਾਂਗ ਬਹਾਲ ਕਰਨ ਲਈ ਐਮਰਜੈਂਸੀ ਕਦਮ ਚੁੱਕੇ, ਘਰੇਲੂ ਅਤੇ ਵਪਾਰਕ ਗੈਸ ਸਿਲੰਡਰਾਂ ਦੀਆਂ ਕੀਮਤਾਂ ਵਿੱਚ ਵਾਧੇ ਨੂੰ ਵਾਪਸ ਲਵੇ, ਇੱਕ ਸਪੱਸ਼ਟ ਅਤੇ ਪਾਰਦਰਸ਼ੀ ਊਰਜਾ ਨੀਤੀ ਅਪਣਾਏ ਜੋ ਭਾਰਤ ਦੇ ਰਾਸ਼ਟਰੀ ਹਿੱਤਾਂ ਨੂੰ ਸਭ ਤੋਂ ਉੱਪਰ ਰੱਖੇ ਅਤੇ ਸੰਕਟ ਤੋਂ ਪ੍ਰਭਾਵਿਤ ਛੋਟੇ ਵਪਾਰੀਆਂ, ਰੈਸਟੋਰੈਂਟ ਇੰਡਸਟਰੀ ਅਤੇ ਆਮ ਖਪਤਕਾਰਾਂ ਲਈ ਤੁਰੰਤ ਰਾਹਤ ਉਪਾਵਾਂ ਦਾ ਐਲਾਨ ਕੀਤਾ ਜਾਵੇ। ਇਹ ਮਤਾ ਕੇਂਦਰ ਸਰਕਾਰ ਨੂੰ ਦੇਸ਼ ਦੀਆਂ ਵਿਦੇਸ਼ ਅਤੇ ਊਰਜਾ ਨੀਤੀਆਂ ਨੂੰ ਰਾਸ਼ਟਰੀ ਹਿੱਤਾਂ, ਆਰਥਿਕ ਸਥਿਰਤਾ ਅਤੇ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਮੁੜ ਪਰਿਭਾਸ਼ਿਤ ਕਰਨ ਦੀ ਵੀ ਅਪੀਲ ਕਰਦਾ ਹੈ ਤਾਂ ਜੋ ਭਵਿੱਖ ਵਿੱਚ ਅਜਿਹੇ ਸੰਕਟਾਂ ਤੋਂ ਬਚਿਆ ਜਾ ਸਕੇ। ਵਿਧਾਨ ਸਭਾ ਵਿੱਚ ਵੀਰਵਾਰ (ਕੱਲ੍ਹ) ਨੂੰ ਮਤੇ ’ਤੇ ਵਿਸਥਾਰ ਵਿੱਚ ਚਰਚਾ ਹੋਵੇਗੀ।




# ਜ਼ਿਲ੍ਹੇ ’ਚ ਪੈਟਰੋਲ, ਡੀਜ਼ਲ ਤੇ ਘਰੇਲੂ ਗੈਸ ਦੀ ਢੁਕਵੀਂ ਸਪਲਾਈ

**ਘਬਰਾਹਟ ‘ਚ ਖਰੀਦਦਾਰੀ ਤੋਂ ਬਚੋ : ਡਿਪਟੀ ਕਮਿਸ਼ਨਰ**

ਰਮਨ ਕੁਮਾਰ

ਹੁਸ਼ਿਆਰਪੁਰ, ਮੌਜੂਦਾ ਹਾਲਾਤਾਂ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਬੁੱਧਵਾਰ ਨੂੰ ਕਿਹਾ ਕਿ ਜ਼ਿਲ੍ਹੇ ਵਿੱਚ ਪੈਟਰੋਲ, ਡੀਜ਼ਲ ਅਤੇ ਘਰੇਲੂ ਐਲਪੀਜੀ ਗੈਸ ਦੀ ਲੋੜੀਂਦੀ ਉਪਲਬਧਤਾ ਹੈ ਅਤੇ ਕਿਸੇ ਵੀ ਤਰ੍ਹਾਂ ਦੀ ਕੋਈ ਕਮੀ ਨਹੀਂ ਹੈ। ਖ਼ੁਰਾਕ ਅਤੇ ਸਪਲਾਈ ਕੰਟਰੋਲਰ, ਪੈਟਰੋਲ ਪੰਪ ਐਸੋਸੀਏਸ਼ਨ, ਗੈਸ ਏਜੰਸੀਆਂ ਦੇ ਨੁਮਾਇੰਦੇ, ਤੇਲ ਮਾਰਕੀਟਿੰਗ ਕੰਪਨੀਆਂ ਦੇ ਸਬੰਧਤ ਵਿਕਰੀ ਅਧਿਕਾਰੀ ਅਤੇ ਆਈਓਸੀਐਲ ਦੇ ਜ਼ਿਲ੍ਹਾ ਪੱਧਰੀ ਕੋਆਰਡੀਨੇਟਰ ਨਾਲ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਮੀਟਿੰਗ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੌਜੂਦਾ ਬਣੀ ਸਥਿਤੀ ਦੇ ਮੱਦੇਨਜ਼ਰ ਜ਼ਿਲ੍ਹੇ ਵਿੱਚ ਤੇਲ ਜਾਂ ਗੈਸ ਸਪਲਾਈ ਦੀ ਕੋਈ ਕਿੱਲਤ ਨਹੀਂ ਹੈ ਅਤੇ ਲੋਕਾਂ ਨੂੰ ਕਿਸੇ ਵੀ ਪੱਖੋਂ ਘਬਰਾਉਣ ਦੀ ਲੋੜ ਨਹੀਂ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਪੈਟਰੋਲ, ਡੀਜ਼ਲ ਅਤੇ ਘਰੇਲੂ ਐਲਪੀਜੀ ਗੈਸ ਦੀ ਢੁੱਕਵੀਂ ਉਪਲਬਧਤਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਤੇਲ ਕੰਪਨੀਆਂ ਵੱਲੋਂ ਲਗਾਤਾਰ ਸਪਲਾਈ ਜਾਰੀ ਹੈ ਜਿਸ ਨਾਲ ਲੋਕਾਂ ਦੀਆਂ ਜ਼ਰੂਰਤਾਂ ਪੂਰੀਆਂ ਹੋ ਰਹੀਆਂ ਹਨ । ਉਨ੍ਹਾਂ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਮੌਜੂਦਾ ਹਾਲਾਤਾਂ ਦੇ ਮੱਦੇਨਜ਼ਰ ਕਿਸੇ ਵੀ ਤਰ੍ਹਾਂ ਦੀਆਂ ਅਫਵਾਹਾਂ ਵੱਲ ਧਿਆਨ ਨਾ ਦਿੱਤਾ ਜਾਵੇ ਅਤੇ ਘਬਰਾਹਟ ਵਿੱਚ ਪੈਟਰੋਲ, ਡੀਜ਼ਲ ਜਾਂ ਗੈਸ ਦੀ ਬੇਲੋੜੀ ਖਰੀਦਦਾਰੀ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਸਥਿਤੀ ’ਤੇ ਨਿਰੰਤਰ ਨਜ਼ਰ ਰੱਖ ਰਿਹਾ ਹੈ ਅਤੇ ਜ਼ਰੂਰੀ ਵਸਤਾਂ ਦੀ ਸਪਲਾਈ ਸੁਚਾਰੂ ਢੰਗ ਨਾਲ ਜਾਰੀ ਹੈ। ਉਨ੍ਹਾਂ ਇਹ ਵੀ ਚੇਤਾਵਨੀ ਦਿੱਤੀ ਕਿ ਜੇਕਰ ਕੋਈ ਵਿਅਕਤੀ ਪੈਟਰੋਲ, ਡੀਜ਼ਲ ਜਾਂ ਘਰੇਲੂ ਗੈਸ ਦੀ ਜਮ ?ਾਖੋਰੀ ਕਰਦਾ ਪਾਇਆ ਗਿਆ ਤਾਂ ਉਸ ਵਿਰੁੱਧ ਨਿਯਮਾਂ ਅਨੁਸਾਰ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਮੀਟਿੰਗ ਦੌਰਾਨ ਪੈਟਰੋਲ ਪੰਪ ਆਪਰੇਟਰਾਂ ਅਤੇ ਗੈਸ ਏਜੰਸੀ ਦੇ ਨੁਮਾਇੰਦਿਆਂ ਨੇ ਵੀ ਪ੍ਰਸ਼ਾਸਨ ਨੂੰ ਭਰੋਸਾ ਦਿੱਤਾ ਕਿ ਉਹ ਖਪਤਕਾਰਾਂ ਨੂੰ ਜ਼ਰੂਰੀ ਸਪਲਾਈ ਨਿਯਮਿਤ ਤੌਰ ’ਤੇ ਪ੍ਰਦਾਨ ਕਰਦੇ ਰਹਿਣਗੇ ਅਤੇ ਕਿਸੇ ਵੀ ਤਰ੍ਹਾਂ ਦੀ ਨਕਲੀ ਘਾਟ ਪੈਦਾ ਨਹੀਂ ਹੋਣ ਦੇਣਗੇ। ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮਾਰਕਿਟ ਵਿੱਚ ਲਗਾਤਾਰ ਨਜ਼ਰ ਰੱਖਣ ਅਤੇ ਕਿਸੇ ਵੀ ਅਫਵਾਹ ਜਾਂ ਬੇਨਿਯਮੀ ਦੀ ਸੂਰਤ ਵਿੱਚ ਪ੍ਰਸ਼ਾਸਨ ਨੂੰ ਤੁਰੰਤ ਸੂਚਿਤ ਕੀਤਾ ਜਾਵੇ ਤਾਂ ਜੋ ਸਮੇਂ ਸਿਰ ਢੁਕਵੀਂ ਕਾਰਵਾਈ ਕੀਤੀ ਜਾ ਸਕੇ।

ਪੜ੍ਹੋ ਭਾਰਤ ਦੀ ਹਰ ਖ਼ਬਰ ਸੱਚ ਦੇ ਨਾਲ
ਸਭ ਤੋਂ ਫਾਸਟ
SABSE FAST AAMNE SAAMNE
ਆਹਮੋ-ਸਾਹਮਣੇ



# ਔਰਤਾਂ ਨੂੰ 1000 ਰੁਪਏ ਦੇਣ ਦੇ ਫੈਸਲੇ ਤੋਂ ਖਫਾ ਹੋ ਕੇ ਵਿਰੋਧੀ ਧਿਰ ਬਜਟ 'ਤੇ ਚਰਚਾ ਕਰਨ ਤੋਂ ਭੱਜੀ-ਭਗਵੰਤ ਸਿੰਘ ਮਾਨ

## ਕਿਹਾ, ਜੇਕਰ ਵਿਰੋਧੀਆਂ ਨੂੰ ਗੁਰਬਤ ਬਾਰੇ ਪਤਾ ਹੁੰਦਾ ਤਾਂ ਔਰਤ ਨੂੰ 1000 ਰੁਪਏ ਦੇਣ ਦੀ ਮੁਖਾਲ਼ਫਤ ਨਾ ਕਰਦੇ

ਪੰਕਜ

ਚੰਡੀਗੜ੍ਹ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇਥੇ ਕਿਹਾ ਕਿ ਵਿਰੋਧੀ ਧਿਰ ਨੇ ਬਜਟ ਦੀ ਬਹਿਸ ਵਿੱਚ ਇਸ ਕਰਕੇ ਹਿੱਸਾ ਨਹੀਂ ਲਿਆ ਕਿਉਂਕਿ ਮਹਿਲਾਵਾਂ ਨੂੰ 1,000 ਰੁਪਏ ਦੇਣ ਦੇ ਇਤਿਹਾਸਕ ਫੈਸਲੇ ਦਾ ਸਾਹਮਣਾ ਕਰਨ ਤੋਂ ਭੱਜ ਰਹੇ ਹਨ। ਉਨ੍ਹਾਂ ਕਿਹਾ ਕਿ ਦਹਾਕਿਆਂ ਤੱਕ ਲੋਕਾਂ ਨੂੰ ਗਰੀਬ 'ਚ ਧੱਕਣ ਵਾਲੀਆਂ ਪਾਰਟੀਆਂ ਹੁਣ ਆਮ ਆਦਮੀ ਪਾਰਟੀ (ਆਪ) ਦੀ ਸਰਕਾਰ ਅਧੀਨ ਆਮ ਪਰਿਵਾਰਾਂ ਦੇ ਸਸ਼ਕਤੀਕਰਨ ਤੋਂ ਬੁਖਲਾਈਆਂ ਹੋਈਆਂ ਹਨ। ਪੰਜਾਬ ਸਰਕਾਰ ਦੇ ਪੰਜਵੇਂ ਸਾਲਾਨਾ ਬਜਟ ਨੂੰ ÷ਸ਼ਹੀਦਾਂ ਦੇ ਸੁਪਨਿਆਂ ਦਾ ਬਜਟ÷ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਬਜਟ ਦਾ ਉਦੇਸ਼ ਸ਼ਹੀਦ ਭਗਤ ਸਿੰਘ ਅਤੇ ਸ਼ਹੀਦ ਊਧਮ ਸਿੰਘ ਵਰਗੇ ਮਹਾਨ ਸ਼ਹੀਦਾਂ ਦੇ ਸੁਪਨਿਆਂ ਨੂੰ ਪੂਰਾ ਕਰਨਾ ਹੈ। ਇਸ ਦੁਹਰਾਇਆ ਕਿ ਪੰਜਾਬ ਸਰਕਾਰ ਨੇ ਚਾਰ ਸਾਲਾਂ ਦੇ ਅੰਦਰ ਆਪਣੀਆਂ ਸਾਰੀਆਂ ਚੋਣ ਗਰੰਟੀਆਂ ਪੂਰੀਆਂ ਕਰ ਲਈਆਂ ਹਨ ਅਤੇ ਉਹ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਆਪਣਾ ਏਜੰਡਾ ਤਿਆਰ ਕਰ ਰਹੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਵਿਰੋਧੀ ਧਿਰ ਪਹਿਲਾਂ ਤੋਂ ਹੀ ਇਹ ਜਾਣਦੀ ਹੈ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ 2027 ਵਿੱਚ ਮੁੜ ਸੱਤਾ 'ਚ ਆਵੇਗੀ, ਇਸ ਲਈ ਵਿਰੋਧੀ ਧਿਰ ਨੇ ਲੋਕਾਂ ਦੇ ਸਾਹਮਣੇ ਸੱਚਾਈ ਦਾ ਸਾਹਮਣਾ ਕਰਨ ਦੀ ਥਾਂ ਬਹਿਸ ਤੋਂ ਭੱਜਣਾ ਚੁਣਿਆ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਵਿੱਤੀ ਸਾਲ 2026-27 ਲਈ ਪੇਸ਼ ਕੀਤੇ ਬਜਟ 'ਤੇ ਬਹਿਸ ਨੂੰ ਸਮੇਟਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਕਿਸੇ ਸਰਕਾਰ ਨੇ ਚਾਰ ਸਾਲਾਂ ਵਿੱਚ ਸਾਰੀਆਂ ਚੋਣ ਗਾਰੰਟੀਆਂ ਨੂੰ ਪੂਰਾ ਕੀਤਾ ਹੈ। ਰਵਾਇਤੀ ਪਾਰਟੀਆਂ ਦੇ ਚੋਣ ਮੈਨੀਫੈਸਟੋ ਖਾਨਾਪੂਰਤੀ ਹੁੰਦੇ ਸਨ। ਅਸੀਂ ਲੋਕਾਂ ਦੇ ਸਹਿਯੋਗ ਨਾਲ ਸਾਲ 2027 ਵਿੱਚ ਏਸੇ ਭਾਵਨਾ ਨਾਲ ਲੋਕਾਂ ਦੀ ਸੇਵਾ ਕਰਦੇ ਰਹਾਂਗੇ। ਪਹਿਲੀ ਵਾਰ ਕਿਸੇ ਸਰਕਾਰ ਨੇ ਆਪਣੇ ਬਜਟ ਨੂੰ ਪਵਿੱਤਰ ਦਸਤਾਵੇਜ਼ ਸਮਝਦੇ ਹੋਏ ਲੋਕਾਂ ਨਾਲ ਕੀਤਾ ਇਕ-ਇਕ ਵਾਅਦਾ ਪੂਰਾ ਕੀਤਾ ਹੈ।

ਲੋਕ ਪੱਖੀ ਬਜਟ ਪੇਸ਼ ਕਰਨ ਲਈ ਵਿੱਤ ਮੰਤਰੀ ਨੂੰ ਵਧਾਈ ਦਿੰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਇਸ ਬਜਟ ਵਿੱਚ ਉਨ੍ਹਾਂ ਲੋਕਾਂ ਨੂੰ ਸਹੂਲਤਾਂ ਦੇਣ ਦੀ ਗੱਲ ਕੀਤੀ ਗਈ ਹੈ, ਜਿਨ੍ਹਾਂ ਲੋਕਾਂ ਦੀ ਤਰੱਕੀ ਵਿੱਚ ਹਮੇਸ਼ਾ ਆਰਥਿਕ ਕਮਜ਼ੋਰੀ ਰੁਕਾਵਟ ਬਣ ਜਾਂਦੀ ਹੈ। ਉਨ੍ਹਾਂ ਕਿਹਾ ਕਿ ਬਜਟ ਵਿੱਚ 97 ਫੀਸਦੀ ਮਹਿਲਾਵਾਂ ਨੂੰ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦਾ ਲਾਭ ਦੇਣ, 40 ਲੱਖ ਪਰਿਵਾਰਾਂ ਨੂੰ ਮੇਰੀ ਰਸੋਈ ਯੋਜਨਾ ਤਹਿਤ ਮੁਫਤ ਰਾਸ਼ਨ ਦੇਣ, 10 ਲੱਖ ਰੁਪਏ ਤੱਕ ਕੈਸ਼ਲੈੱਸ ਇਲਾਜ ਦੀ ਸਹੂਲਤ ਦੇਣਾ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਜਦੋਂ ਤੋਂ ਔਰਤਾਂ ਨੂੰ 1000-1500 ਰੁਪਏ ਦੇਣ ਦਾ ਐਲਾਨ ਕੀਤਾ ਹੈ, ਵਿਰੋਧੀ ਪਾਰਟੀਆਂ ਘਬਰਾਈਆਂ ਹੋਈਆਂ ਹਨ ਜਿਸ ਕਰਕੇ ਉਹ ਸਦਨ ਦਾ ਬਾਈਕਾਟ ਕਰਕੇ ਭੱਜ ਗਏ ਹਨ। ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਬਜਟ ਗਲੀਆਂ-ਨਾਲੀਆਂ ਪੱਕੀਆਂ ਕਰਨ ਤੱਕ ਸੀਮਿਤ ਹੁੰਦੇ ਸਨ ਪਰ ਅਸੀਂ ਆਪਣੇ ਬੱਚਿਆਂ ਨੂੰ ਵਿਸ਼ਵ ਪੱਧਰ ਦੀ ਸਿੱਖਿਆ ਦੇਣ, ਮਿਆਰੀ ਸਿਹਤ ਸਹੂਲਤਾਂ ਦੇਣ ਅਤੇ ਮੈਡੀਕਲ ਕਾਲਜ ਬਣਾਉਣ ਦੇ ਪ੍ਰਸਤਾਵ ਰੱਖੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਦੇ ਲੋਕਾਂ ਨੂੰ ਮਿਆਰੀ ਸਹੂਲਤਾਂ ਦੇਣ ਅਤੇ ਨੌਜਵਾਨਾਂ ਨੂੰ ਇੱਥੇ ਰਹਿ ਕੇ ਡਾਕਟਰ ਬਣਨ ਦਾ ਸੁਪਨਾ ਸਾਕਾਰ ਕਰਨ ਲਈ ਸੂਬੇ ਵਿੱਚ 7 ਮੈਡੀਕਲ ਕਾਲਜ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਕਾਲਜ ਹੁਸ਼ਿਆਰਪੁਰ, ਕਪੂਰਥਲਾ, ਸੰਗਰੂਰ, ਸ਼ਹੀਦ ਭਗਤ ਸਿੰਘ ਨਗਰ, ਲਹਿਰਾਗਾਗਾ, ਮਲੇਰਕੋਟਲਾ ਅਤੇ ਲੁਧਿਆਣਾ ਵਿੱਚ ਬਣਨਗੇ ਅਤੇ ਇਨ੍ਹਾਂ ਕਾਲਜਾਂ ਦੇ ਬਣਨ ਨਾਲ ਐਮ.ਬੀ.ਬੀ.ਐਸ. ਦੀਆਂ 600 ਸੀਟਾਂ ਵਧ ਜਾਣਗੀਆਂ। ਉਨ੍ਹਾਂ ਕਿਹਾ ਕਿ 881 ਆਮ ਆਦਮੀ ਕਲੀਨਿਕਾਂ ਵਿੱਚ 5 ਕਰੋੜ ਓ.ਪੀ.ਡੀ. ਐਂਟਰੀ ਦਰਜ ਕੀਤੀ ਹੈ ਜੋ ਸਿਹਤ ਸੇਵਾਵਾਂ ਵਿੱਚ ਲੋਕਾਂ ਦਾ ਭਰੋਸਾ ਜ਼ਾਹਰ ਕਰਦਾ ਹੈ। 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਦਾ ਮਜ਼ਾਕ ਉਡਾਉਣ ਵਾਲਿਆਂ ਨੂੰ ਆੜੇ ਹੱਥੀਂ ਲੈਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਵਿਰੋਧੀ ਪਾਰਟੀਆਂ ਦੇ ਧਨਾਢ ਆਗੂਆਂ ਵੱਲੋਂ ਜਾਣਬੁੱਝ ਕੇ ਗਰੀਬ ਲੋਕਾਂ ਨੂੰ ਬੇਇੱਜ਼ਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਰਵਾਇਤੀ ਪਾਰਟੀਆਂ ਨੇ ਗਰੀਬਾਂ ਦੀ ਭਲਾਈ ਲਈ ਕਦੇ ਵੀ ਕੋਈ ਕੰਮ ਨਹੀਂ ਕੀਤਾ ਜਿਸ ਕਰਕੇ ਅੱਜ ਵੀ ਬਹੁਤ ਪਰਿਵਾਰ ਗੁਰਬਤ ਦੀ ਜ਼ਿੰਦਗੀ ਹੰਢਾ ਰਹੇ ਹਨ ਜਿਨ੍ਹਾਂ ਨੂੰ ਦੋ ਡੰਗ ਦੀ ਰੋਟੀ ਦਾ ਬੰਦੋਬਸਤ ਕਰਨਾ ਔਖਾ ਹੋ ਜਾਂਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਆਗੂਆਂ ਨੂੰ ਗਰੀਬ ਲੋਕਾਂ ਦੀ ਆਰਥਿਕ ਆਜ਼ਾਦੀ ਤੋਂ ਤਕਲੀਫ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਲੀਡਰ ਆਪਣੇ ਬੱਚਿਆਂ ਨੂੰ ਪਹਾੜਾਂ ਦੇ ਕਾਨਵੈਂਟ ਸਕੂਲਾਂ ਤੋਂ ਪੜ੍ਹਾਉਂਦੇ ਹਨ ਪਰ ਗਰੀਬ ਲੋਕਾਂ ਨੂੰ ਅਨਪੜ੍ਹ ਰੱਖਣਾ ਚਾਹੁੰਦੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਸਕੂਲ ਆਫ ਐਮੀਨੈਂਸ ਦੀ ਸ਼ੁਰੂਆਤ ਕੀਤੀ ਤਾਂ ਪੱਛੜੇ ਪਰਿਵਾਰਾਂ ਦੇ ਬੱਚੇ ਜੇ.ਈ.ਈ., ਜੇ.ਈ.ਈ. ਮੇਨਜ਼ ਅਤੇ ਨੀਟ ਵਰਗੀਆਂ ਪ੍ਰੀਖਿਆਵਾਂ ਪਾਸ ਕਰ ਰਹੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਮੇਰੀ ਰਸੋਈ ਸਕੀਮ 40 ਲੱਖ ਪਰਿਵਾਰਾਂ ਖਾਸ ਕਰਕੇ ਉਨ੍ਹਾਂ ਦੇ ਬੱਚਿਆਂ ਲਈ ਪੌਸ਼ਟਿਕ ਖੁਰਾਕ ਯਕੀਨੀ ਬਣਾਏਗੀ। ਇਸ ਸਕੀਮ ਹੇਠ ਪਰਿਵਾਰ ਨੂੰ ਦੋ ਕਿਲੋ ਖੰਡ, ਦੋ ਕਿਲੋ ਦਾਲ, ਇਕ ਲੀਟਰ ਸਰ੍ਹੋਂ ਦਾ ਤੇਲ, 200 ਗ੍ਰਾਮ ਹਲਦੀ ਅਤੇ ਇਕ ਕਿਲੋ ਲੂਣ ਦੀ ਕਿੱਟ ਮਿਲੇਗੀ। ਪੰਜਾਬ ਪੁਲਿਸ ਵਿੱਚ 10,000 ਅਸਾਮੀ ਸਿਰਜਣ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਸ ਨਾਲ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਮਿਲਣਗੇ ਅਤੇ ਪੰਜਾਬ ਪੁਲਿਸ ਦੇ ਹੱਥ ਹੋਰ ਮਜ਼ਬੂਤ ਹੋਣਗੇ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਹੁਣ ਤੱਕ ਲਗਪਗ 64000 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇ ਚੁੱਕੀ ਹੈ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਵਿਖੇ ਸਰਦਾਰ ਬਹਾਦਰ ਅਮੀਨ ਚੰਦ ਆਰਮਿਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਬਣ ਕੇ ਤਿਆਰ ਹੋ ਚੁੱਕਾ ਅਤੇ ਇਸ ਸਾਲ ਤੋਂ ਸੰਸਥਾ ਵਿੱਚ ਦਾਖਲੇ ਸ਼ੁਰੂ ਹੋਣਗੇ। ਇਸ ਨਾਲ ਸਾਡੇ ਨੌਜਵਾਨਾਂ ਨੂੰ ਫੌਜ ਵਿੱਚ ਸੇਵਾ ਨਿਭਾਉਣ ਦਾ ਮੌਕਾ ਮਿਲੇਗਾ। ਸੂਬੇ ਵਿੱਚ ਟੇਲਾਂ ਉਤੇ ਨਹਿਰੀ ਪਾਣੀ ਪਹੁੰਚਾਉਣ ਅਤੇ ਧਰਤੀ ਹੇਠਲੇ ਪਾਣੀ ਦੀ ਵਰਤੋਂ ਘਟਾਉਣ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਸਮੁੱਚੇ ਪੰਜਾਬ ਲਈ ਖੁਸ਼ਖਬਰੀ ਹੈ ਕਿ ਰਾਜ ਸਭਾ ਵਿੱਚ ਪੇਸ਼ ਕੀਤੇ ਸੈਂਟਰਲ ਗਰਾਊਂਡ ਵਾਟਰ ਬੋਰਡ ਦੇ ਅੰਕੜਿਆਂ ਮੁਤਾਬਕ ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਨੂੰ ਮਾਪਣ ਲਈ ਬਣੇ ਖੂਹਾਂ ਵਿੱਚੋਂ 57 ਫ਼ੀਸਦ ਵਿੱਚ ਪਾਣੀ ਦਾ ਪੱਧਰ ਵਧਿਆ ਹੈ। ਇਹ ਵਾਧਾ 0 ਤੋਂ 4 ਮੀਟਰ ਤੱਕ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਵਿਸ਼ਵ ਪੱਧਰੀ ਯੂਨੀਵਰਸਿਟੀ ਸਥਾਪਤ ਕੀਤੀ ਜਾ ਰਹੀ ਹੈ ਜੋ ਸਹੀ ਮਾਅਨਿਆਂ ਵਿੱਚ ਗੁਰੂ ਸਾਹਿਬ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਵਿਆਪਕ ਪੱਧਰ ਉਤੇ ਮਨਾਇਆ ਜਾ ਰਿਹਾ ਹੈ ਜਿਸ ਲਈ ਬਜਟ ਵਿੱਚ 100 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਵਿਰੋਧੀ ਪਾਰਟੀਆਂ ਉਨ੍ਹਾਂ ਦੇ ਹਰ ਫੈਸਲੇ ਵਿੱਚ ਨੁਕਸ ਕੱਢਦੀਆਂ ਹਨ। ਉਨ੍ਹਾਂ ਕਿਹਾ ਕਿ ਪਹਿਲਾਂ ਇਹ ਕਹਿੰਦੇ ਸਨ ਕਿ ਮੁਫਤ ਬਿਜਲੀ ਨਹੀਂ ਦਿੱਤੀ ਜਾ ਸਕਦੀ, ਅਸੀਂ ਇਸ ਵਾਅਦੇ ਨੂੰ ਲਾਗੂ ਕਰਕੇ ਦਿਖਾਇਆ। ਫੇਰ ਕਹਿੰਦੇ ਕਿ ਭਗਵੰਤ ਸਿੰਘ ਮਾਨ ਇਕ ਸਾਲ ਲਈ ਵੀ ਮੁੱਖ ਮੰਤਰੀ ਨਹੀਂ ਰਹੇਗਾ, ਮੈਂ ਚਾਰ ਸਾਲਾਂ ਤੋਂ ਮੁੱਖ ਮੰਤਰੀ ਹਾਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਵਿਰੋਧੀਆਂ ਨੂੰ ਦੱਸ ਦੇਣਾ ਚਾਹੁੰਦੇ ਕਿ ਸਾਲ 2027 ਵਿੱਚ ਵੀ ਉਹੀ ਮੁੱਖ ਮੰਤਰੀ ਬਣਨਗੇ। ਪੰਜਾਬ ਦੇ ਮਸਲਿਆਂ ਲਈ ਆਪਣੇ ਸਟੈਂਡ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਗੁਆਂਢੀ ਸੂਬੇ ਪੰਜਾਬ ਨੂੰ ਵੱਡਾ ਭਰਾ ਬਣਾ ਕੇ ਸਾਡੇ ਕੀਮਤੀ ਸਰੋਤਾਂ ਤੇ ਡਾਕਾ ਮਾਰਨਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਕਦੇ ਹਿਮਾਚਲ ਵੱਡਾ ਭਰਾ ਕਹਿ ਕੇ ਚੰਡੀਗੜ੍ਹ ਵਿੱਚੋਂ ਹਿੱਸਾ ਮੰਗਦਾ ਹੈ, ਪਾਣੀ ਤੇ ਰਾਇਲਟੀ ਮੰਗਦਾ ਹੈ ਅਤੇ ਕਦੇ ਹਰਿਆਣਾ ਐਸ.ਵਾਈ.ਐਲ. ਨਹਿਰ ਦੀ ਮੰਗ ਕਰਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੇ ਸਟੈਂਡ ਕਾਰਨ ਪਹਿਲੀ ਵਾਰ ਹਰਿਆਣਾ ਨੇ ਆਪਣੇ ਬਜਟ ਵਿੱਚ ਐਸ.ਵਾਈ.ਐਲ ਨਹਿਰ ਦੀ ਉਸਾਰੀ ਲਈ ਫੰਡ ਨਹੀਂ ਰੱਖੇ। ਸਦਨ ਵਿੱਚ ਵਿਰੋਧੀ ਧਿਰ ਦੀ ਗੈਰ-ਹਾਜ਼ਰੀ 'ਤੇ ਤਨਜ਼ ਕੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਵਿਰੋਧੀ ਆਪਣੇ ਇਲਾਕੇ ਦੇ ਲੋਕਾਂ ਦੇ ਮਸਲੇ ਚੁੱਕਣ ਲਈ ਕਦੇ ਵੀ ਗੰਭੀਰ ਨਹੀਂ ਹੋਏ ਅਤੇ ਸਾਲ 2027 ਵਿੱਚ ਸਿਆਸੀ ਨਕਸ਼ੇ ਤੋਂ ਵੀ ਗੈਰ-ਹਾਜ਼ਰ ਨਜ਼ਰ ਆਉਣਗੇ। ਉਨ੍ਹਾਂ ਕਿਹਾ ਕਿ ਕਾਂਗਰਸ ਪਾਟੋਧਾੜ ਦਾ ਸ਼ਿਕਾਰ ਹੈ ਜੋ ਕਦੇ ਵੀ ਸੱਤਾ ਵਿੱਚ ਨਹੀਂ ਆ ਸਕਦੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਦੀ ਹਾਲਤ ਏਨੀ ਮਾੜੀ ਹੋ ਚੁੱਕੀ ਹੈ ਕਿ ਇਸ ਦੀ ਸਾਰੀ ਹਾਈਕਮਾਂਡ ਇਕ ਇਨੋਵਾ ਵਿੱਚ ਸਵਾਰ ਹੋ ਜਾਂਦੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਕਲੇਸ਼ ਕਾਰਨ ਵਿਧਾਨ ਸਭਾ ਚੋਣਾਂ ਵਿੱਚ ਮੁੱਖ ਮੰਤਰੀ ਦੇ ਚਿਹਰੇ ਤੋਂ ਬਿਨਾਂ ਲੜਨਾ ਚਾਹੁੰਦੇ ਹਨ। ਅਕਾਲੀ ਦਲ ਨੂੰ ਪੰਜਾਬ ਦੀ ਨਸਲਕੁਸ਼ੀ ਲਈ ਸਿੱਧੇ ਤੌਰ ਉਤੇ ਜ਼ਿੰਮੇਵਾਰ ਠਹਿਰਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਨੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕਿਆ, ਗੈਂਗਸਟਰ ਬਣਨ ਦੇ ਰਾਹ ਤੋਰਿਆ ਜਿਸ ਨਾਲ ਸਾਡੀਆਂ ਪੀੜ੍ਹੀਆਂ ਬਰਬਾਦ ਹੋ ਗਈਆਂ। ਉਨ੍ਹਾਂ ਕਿਹਾ ਕਿ ਜ਼ੋਮੈਟੋ ਕੰਪਨੀ ਤਾਂ ਬਾਅਦ ਵਿੱਚ ਬਣੀ ਹੈ, ਅਕਾਲੀ ਸਰਕਾਰ ਮੌਕੇ ਸਰਕਾਰੀ ਗੱਡੀਆਂ ਵਿੱਚ ਨਸ਼ਾ ਸਪਲਾਈ ਹੁੰਦਾ ਸੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਵਿੱਚ ਤੀਜੇ ਸਥਾਨ ਉਤੇ ਰਹਿਣ ਵਾਲੇ ਅਕਾਲੀ ਸੂਬੇ ਵਿੱਚ ਸਰਕਾਰ ਬਣਾਉਣ ਦੇ ਸੁਪਨੇ ਦੇਖ ਰਹੇ ਹਨ ਜੋ ਕਦੇ ਵੀ ਪੂਰਾ ਨਹੀਂ ਹੋਣੇ।



# ਨਰਿੰਦਰ ਮੋਦੀ ਸਰਕਾਰ ਨੇ ਦੇਸ਼ ਦੀ ਪ੍ਰਭੂਸੱਤਾ ਨੂੰ ਸੱਟ ਮਾਰੀ: ਹਰਭਜਨ ਸਿੰਘ ਈ. ਟੀ. ਓ.

## ਭਾਜਪਾ ਸਰਕਾਰ ਨੇ ਅਮਰੀਕਾ ਇਜ਼ਰਾਈਲ ਦਾ ਹੱਥਠੋਕਾ ਬਣ ਕੇ ਭਾਰਤੀ ਲੋਕਾਂ ਲਈ ਸੰਕਟ ਪੈਦਾ ਕੀਤਾ

ਐਸ. ਕੇ. ਸਕਸੈਨਾ

ਚੰਡੀਗੜ੍ਹ, ਅਮਰੀਕਾ ਇਜ਼ਰਾਈਲ ਵਲੋਂ ਇਰਾਨ ਉਤੇ ਕੀਤੇ ਗਏ ਹਮਲੇ ਕਾਰਨ ਪੈਦਾ ਹੋਈ ਸਥਿਤੀ ਸਬੰਧੀ ਪੰਜਾਬ ਵਿਧਾਨ ਸਭਾ ਵਿੱਚ ਪੇਸ਼ ਕੀਤੇ ਮਤੇ ਉਤੇ ਬੋਲਦਿਆਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਕਿਹਾ ਕਿ ਨਰਿੰਦਰ ਮੋਦੀ ਸਰਕਾਰ ਨੇ ਦੇਸ਼ ਦੀ ਪ੍ਰਭੂਸੱਤਾ ਨੂੰ ਸੱਟ ਮਾਰੀ ਹੈ। ਉਨ੍ਹਾਂ ਕਿਹਾ ਕਿ ਜਦੋਂ ਭਾਰਤ ਅਤੇ ਪਾਕਿਸਤਾਨ ਦਰਮਿਆਨ ਬੀਤੇ ਵਰ੍ਹੇ ਯੁੱਧ ਦੇ ਹਾਲਾਤ ਬਣੇ ਸਨ ਤਾਂ ਅਮਰੀਕਾ ਦੇ ਰਾਸ਼ਟਰਪਤੀ ਨੇ ਆਪਣੇ ਪੱਧਰ ਤੇ ਹੀ



ਐਲਾਨ ਕਰ ਦਿੱਤਾ ਸੀ ਕਿ ਭਾਰਤ ਅਤੇ ਪਾਕਿਸਤਾਨ ਵਿਚਕਾਰ ਜੰਗਬੰਦੀ ਹੋ ਗਈ ਹੈ। ਉਨ੍ਹਾਂ ਕਿਹਾ ਕਿ ਹੁਣ ਜਦੋਂ ਅਮਰੀਕਾ ਇਜ਼ਰਾਈਲ ਨੇ ਸਾਂਝੇ ਤੌਰ ਤੇ ਇਰਾਨ ਤੇ ਹਮਲਾ ਕਰਨ ਕਾਰਨ ਤੇਲ ਅਤੇ ਗੈਸ ਦੀ ਸਪਲਾਈ ਰੁਕ ਗਈ ਤਾਂ ਅਮਰੀਕਾ ਨੇ ਭਾਰਤ ਨੂੰ ਰੂਸ ਤੋਂ 30 ਦਿਨ ਲਈ ਤੇਲ ਖਰੀਦਣ ਦੀ ਆਗਿਆ ਦੇਣ ਦੀ ਗੱਲ ਕਹਿ ਕੇ ਸਾਡੇ ਦੇਸ਼ ਗਣਤੰਤਰ ਹੋਣ ਦੀ ਭਾਵਨਾ ਨੂੰ ਸੱਟ ਮਾਰੀ ਗਈ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਨੇ ਆਰਥਿਕ ਤੌਰ 'ਤੇ ਭਾਰਤ ਦੇਸ਼ ਨੂੰ ਅੰਦਰੂਨੀ ਤੌਰ ਤੇ ਗੰਭੀਰ ਸੱਟ ਮਾਰਨ ਲਈ ਦੇਸ਼ ਦੇ ਸਾਰੀਆਂ ਵੱਡੀਆਂ ਸੰਸਥਾਵਾਂ ਚਹੇਤੇ ਉਦਯੋਗਿਕ ਘਰਾਣਿਆਂ ਨੂੰ ਦੇ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਨੇ ਸਾਡੇ ਸੰਵਿਧਾਨਕ ਸਿਧਾਂਤਾਂ ਨੂੰ ਪੂਰੀ ਤਰ੍ਹਾਂ ਤਿਲਾਂਜਲੀ ਦੇ ਦਿੱਤੀ ਹੈ। ਉਨ੍ਹਾਂ ਕਿਹਾ ਭਾਰਤ ਦੀ ਨਾਨ ਅਲਾਇਨਮੈਂਟ ਮੂਵਮੈਂਟ ਨੇ ਪੂਰੀ ਦੁਨੀਆ ਵਿੱਚ ਭਾਰਤ ਦੀ ਅਲੱਗ ਦਿਖ ਸਥਾਪਤ ਕੀਤੀ ਸੀ ਪ੍ਰੰਤੂ ਕੇਂਦਰ ਸਰਕਾਰ ਨੇ ਹੁਣ ਅਮਰੀਕਾ ਅਤੇ ਇਜ਼ਰਾਈਲ ਦੇ ਹੱਕ ਵਿੱਚ ਭੁਗਤ ਕੇ ਭਾਰਤੀ ਲੋਕਾਂ ਦੇ ਹਿੱਤਾਂ ਨੂੰ ਸੱਟ ਮਾਰੀ ਹੈ। ਉਨ੍ਹਾਂ ਕਿਹਾ ਜਿਥੇ ਮੌਜੂਦਾ ਹਾਲਾਤ ਕਾਰਨ ਤੇਲ ਅਤੇ ਗੈਸ ਸੰਕਟ ਪੈਦਾ ਹੋ ਰਿਹਾ ਹੈ ਉਥੇ ਨਾਲ ਹੀ ਸੜਕਾਂ ਦੇ ਨਿਰਮਾਣ ਲਈ ਜ਼ਰੂਰੀ ਲੁੱਕ ਦੀ ਵੀ ਘਾਟ ਪੈਦਾ ਹੋ ਗਈ ਹੈ।

# ਪੰਜਾਬ ਸਰਕਾਰ ਐਲਪੀਜੀ ਸੰਕਟ ਨੂੰ ਲੈ ਕੇ ਪੂਰੀ ਤਰ੍ਹਾਂ ਸੁਚੇਤ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

## ਕਿਹਾ, ਖਾੜੀ ਦੇਸ਼ਾਂ ਵਿੱਚ ਜੰਗ ਕਾਰਨ ਭਾਰਤ ਵਿੱਚ ਐਲਪੀਜੀ ਦੀ ਕਮੀ ਬਾਰੇ ਅਫਵਾਹਾਂ ਤੇਜ਼ੀ ਨਾਲ ਫੈਲ ਰਹੀਆਂ ਹਨ

ਮਨਦੀਪ ਕੌਰ

ਮੁਹਾਲੀ, ਖਾੜੀ ਦੇਸ਼ਾਂ ਵਿੱਚ ਚੱਲ ਰਹੀ ਜੰਗ ਨਾਲ ਸਬੰਧਤ ਚਿੰਤਾਵਾਂ ਅਤੇ ਐਲਪੀਜੀ ਸਿਲੰਡਰਾਂ ਦੀ ਸੰਭਾਵਿਤ ਕਮੀ ਬਾਰੇ ਫੈਲ ਰਹੀਆਂ ਅਫਵਾਹਾਂ ਦੇ ਮੱਦੇਨਜ਼ਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪੰਜਾਬ ਸਰਕਾਰ ਪੂਰੀ ਤਰ੍ਹਾਂ ਸੁਚੇਤ ਹੈ ਅਤੇ ਸਥਿਤੀ 'ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਲੋਕਾਂ ਨੂੰ ਜ਼ਰੂਰੀ ਵਸਤੂਆਂ ਤੱਕ ਪਹੁੰਚ ਸਬੰਧੀ ਕਿਸੇ ਵੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਮੁੱਖ ਮੰਤਰੀ ਨੇ ਸਪੱਸ਼ਟ ਕੀਤਾ ਕਿ ਸਰਕਾਰ ਕਿਸੇ ਵੀ ਹਾਲਤ ਵਿੱਚ ਤਣਾਅ ਪੈਦਾ ਕਰਨ, ਜਮ ?ਹਾਂਖੋਰੀ ਜਾਂ ਖਪਤਕਾਰਾਂ ਦੇ ਸ਼ੋਸ਼ਣ ਦੀ ਇਜਾਜ਼ਤ ਨਹੀਂ ਦੇਵੇਗੀ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਖਾੜੀ ਦੇਸ਼ਾਂ ਵਿੱਚ ਤਣਾਅ ਕਾਰਨ ਦੇਸ਼ ਭਰ

**ਸਾਰੇ ਡਿਪਟੀ ਕਮਿਸ਼ਨਰਾਂ ਨੂੰ ਐਲਪੀਜੀ ਦੀ ਕਮੀ ਬਾਰੇ ਅਫਵਾਹਾਂ ਫੈਲਾਉਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼: ਮੁੱਖ ਮੰਤਰੀ ਭਗਵੰਤ ਸਿੰਘ ਮਾਨ**

ਵਿੱਚ ਐਲਪੀਜੀ ਦੀ ਸੰਭਾਵਿਤ ਘਾਟ ਬਾਰੇ ਅਫਵਾਹਾਂ ਤੇਜ਼ੀ ਨਾਲ ਫੈਲ ਰਹੀਆਂ ਹਨ, ਜਿਸ ਨਾਲ ਜਨਤਾ ਵਿੱਚ ਬੇਲੋੜਾ ਤਣਾਅ ਪੈਦਾ ਹੋ ਰਿਹਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਖਾੜੀ ਦੇਸ਼ਾਂ ਵਿੱਚ ਜੰਗ ਕਾਰਨ ਐਲਪੀਜੀ ਸਿਲੰਡਰਾਂ ਦੀ ਘਾਟ ਬਾਰੇ ਅਫਵਾਹਾਂ ਫੈਲਾਈਆਂ ਜਾ ਰਹੀਆਂ ਹਨ। ਪੰਜਾਬ ਸਰਕਾਰ ਪੂਰੀ ਤਰ੍ਹਾਂ ਸੁਚੇਤ ਹੈ ਅਤੇ ਸਥਿਤੀ 'ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ। ਸਾਰੇ ਡਿਪਟੀ ਕਮਿਸ਼ਨਰਾਂ ਨੂੰ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ ਕਿ ਲੋਕਾਂ ਲਈ ਜ਼ਰੂਰੀ ਵਸਤਾਂ ਦੀ ਕੋਈ ਕਮੀ ਨਾ ਆਵੇ ਅਤੇ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।÷ ਸਥਿਤੀ ਦਾ ਫਾਇਦਾ ਉਠਾਉਣ ਦੀਆਂ ਕੋਸ਼ਿਸ਼ਾਂ ਵਿਰੁੱਧ ਚੇਤਾਵਨੀ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਵੱਲੋਂ ਜ਼ਰੂਰੀ ਵਸਤਾਂ ਦੀ ਸਪਲਾਈ ਵਿੱਚ ਹੇਰਾਫੇਰੀ ਕਰਨ ਜਾਂ ਤਣਾਅ ਪੈਦਾ ਕਰਨ ਦੀ ਕੋਸ਼ਿਸ਼ ਕਰਨ ਵਾਲੇ ਵਿਅਕਤੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਜੇਕਰ ਕੋਈ ਵੀ ਜ਼ਰੂਰੀ ਵਸਤਾਂ ਦੀ ਜਮ ?ਹਾਖੋਰੀ ਕਰਕੇ ਜਾਂ ਕਮੀ ਬਾਰੇ ਅਫਵਾਹਾਂ ਫੈਲਾ ਕੇ ਲੋਕਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰਦਾ ਹੈ ਤਾਂ ਉਸ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਐਲਪੀਜੀ ਸਿਲੰਡਰਾਂ ਦੀ ਕਾਲਾਬਾਜ਼ਾਰੀ ਜਾਂ ਵੱਧ ਕੀਮਤ ਵਸੂਲਣ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

# ਪੰਜਾਬ ਵਿਧਾਨ ਸਭਾ ਨੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਵਿਦੇਸ਼ ਨੀਤੀ ਦੀ ਅਸਫਲਤਾ ਅਤੇ ਭਾਰਤ ਦੀ ਊਰਜਾ ਸੁਰੱਖਿਆ 'ਤੇ ਇਸ ਦੇ ਪ੍ਰਭਾਵ ਬਾਰੇ ਸਰਬਸੰਮਤੀ ਨਾਲ ਕੀਤਾ ਮਤਾ ਪਾਸ

ਪੰਕਜ


ਚੰਡੀਗੜ੍ਹ, ਪੰਜਾਬ ਵਿਧਾਨ ਸਭਾ ਨੇ ਅੱਜ ਸਰਬਸੰਮਤੀ ਨਾਲ ਇੱਕ ਮਤਾ ਪਾਸ ਕੀਤਾ ਜਿਸ ਵਿੱਚ ਦੇਸ਼ ਦੀ ਵਿਦੇਸ਼ ਨੀਤੀ ਦੇ ਸਬੰਧ ਵਿੱਚ ਕੇਂਦਰ ਸਰਕਾਰ ਦੀ ਅਸਫਲਤਾ ਅਤੇ ਦੇਸ਼ ਦੀ ਊਰਜਾ ਸੁਰੱਖਿਆ 'ਤੇ ਇਸ ਦੇ ਮਾੜੇ ਪ੍ਰਭਾਵ ਨੂੰ ਉਜਾਗਰ ਕੀਤਾ ਗਿਆ। ਇਹ ਮਤਾ ਖੁਰਾਕ, ਸਿਵਲ ਸਪਲਾਈ, ਖਪਤਕਾਰ ਮਾਮਲੇ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਪੇਸ਼ ਕੀਤਾ ਗਿਆ ਸੀ। ਇਸ ਦੌਰਾਨ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਕਮਜ਼ੋਰ ਵਿਦੇਸ਼ ਨੀਤੀ ਕਾਰਨ ਦੇਸ਼ ਭਰ ਦੇ ਲੋਕਾਂ ਨੂੰ ਗੰਭੀਰ ਊਰਜਾ ਸੰਕਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮਤੇ 'ਤੇ ਮੁੜ ਬਹਿਸ ਨੂੰ ਸ਼ੁਰੂ ਕਰਦਿਆਂ, ਮੰਤਰੀ ਲਾਲ ਚੰਦ ਕਟਾਰੂਚੱਕ ਨੇ ਭਾਰਤ ਦੇ ਆਜ਼ਾਦੀ ਘੁਲਾਟੀਆਂ ਵੱਲੋਂ ਦਿੱਤੀਆਂ ਕੁਰਬਾਨੀਆਂ ਦਾ ਜ਼ਿਕਰ ਕੀਤਾ ਅਤੇ ਕਿਹਾ ਕਿ ਜਿਸ ਪ੍ਰਭੂਸੱਤਾ ਲਈ ਉਨ੍ਹਾਂ ਨੇ ਜਾਨਾਂ ਕੁਰਬਾਨ ਕੀਤੀਆਂ ਸਨ, ਉਸ ਨੂੰ ਕੇਂਦਰ ਸਰਕਾਰ ਦੀਆਂ ਕਾਰਵਾਈਆਂ ਨੇ ਕਮਜ਼ੋਰ ਕਰ ਦਿੱਤਾ ਹੈ। ਮੰਤਰੀ ਨੇ ਕਿਹਾ, ÷ਆਜ਼ਾਦੀ ਘੁਲਾਟੀਆਂ ਨੇ ਦੇਸ਼ ਨੂੰ ਵਿਦੇਸ਼ੀ ਸਾਮਰਾਜਵਾਦੀ ਸ਼ਾਸਨ ਤੋਂ ਮੁਕਤ ਕਰਨ ਲਈ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ, ਪਰ ਈਰਾਨ-ਅਮਰੀਕਾ-ਇਜ਼ਰਾਈਲ ਯੁੱਧ ਦੇ ਮੱਦੇਨਜ਼ਰ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਉਹੀ ਆਜ਼ਾਦੀ ਹੁਣ ਅਮਰੀਕਾ ਨੂੰ ਸੌਂਪ ਦਿੱਤੀ ਹੈ।÷ ਉਨ੍ਹਾਂ ਅੱਗੇ ਕਿਹਾ ਕਿ ਚੱਲ ਰਹੇ ਟਕਰਾਅ ਕਾਰਨ ਹੋਰਮੁਜ਼ ਜਲਡਮਰੂ ਬੰਦ ਹੋ ਗਿਆ ਹੈ, ਜਿਸ ਨਾਲ ਭਾਰਤ ਨੂੰ ਊਰਜਾ ਸਪਲਾਈ ਵਿੱਚ ਭਾਰੀ ਵਿਘਨ ਪਿਆ ਹੈ। ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਈਰਾਨ-ਅਮਰੀਕਾ-ਇਜ਼ਰਾਈਲ ਯੁੱਧ ਦੇ ਨਤੀਜੇ ਵਜੋਂ ਹੋਰਮੁਜ਼ ਜਲਡਮਰੂ ਬੰਦ ਹੋ ਗਿਆ ਹੈ, ਜਿਸ ਕਾਰਨ ਭਾਰਤ ਵਿੱਚ ਐਲਪੀਜੀ ਅਤੇ ਤੇਲ ਦੀ ਸਪਲਾਈ ਵਿੱਚ ਵੱਡੀ ਕਮੀ ਆਈ ਹੈ, ਜਿਸ ਕਾਰਨ ਲੋਕਾਂ ਨੂੰ ਭਾਰੀ ਅਸੁਵਿਧਾ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸੇ ਤਰ੍ਹਾਂ ਸਿੱਖਿਆ, ਸੂਚਨਾ ਅਤੇ ਲੋਕ ਸੰਪਰਕ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਕੇਂਦਰ ਸਰਕਾਰ ਦੀ ਦਿਸ਼ਾਹੀਣ ਵਿਦੇਸ਼ ਨੀਤੀ ਨੇ ਭਾਰਤ ਦੀ ਵਿਸ਼ਵਵਿਆਪੀ ਸਥਿਤੀ ਨੂੰ ਕਮਜ਼ੋਰ ਕਰ ਦਿੱਤਾ ਹੈ ਅਤੇ ਦੇਸ਼ ਨੂੰ ਕੂਟਨੀਤਕ ਤੌਰ 'ਤੇ ਇੱਕਲਾ ਕਰ ਦਿੱਤਾ ਹੈ। ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਕੇਂਦਰ ਸਰਕਾਰ ਦੀ ਦਿਸ਼ਾਹੀਣ ਅਤੇ ਅੰਦਰੂਨੀ ਤੌਰ 'ਤੇ ਨੁਕਸਾਨਦੇਹ ਵਿਦੇਸ਼ ਨੀਤੀ ਨੇ ਹਾਲਾਤਾਂ ਨੂੰ ਇੰਨੀ ਮਾੜੀ ਸਥਿਤੀ ਵਿੱਚ ਪਹੁੰਚਾ ਦਿੱਤਾ ਹੈ ਕਿ ਭਾਰਤ ਲਗਭਗ ਇੱਕਲਾ ਰਹਿ ਗਿਆ ਹੈ ਅਤੇ ਇਸਦਾ ਅੰਤਰਰਾਸ਼ਟਰੀ ਪੱਧਰ 'ਤੇ ਕੋਈ ਦੋਸਤ ਨਹੀਂ ਹੈ। ਉਨ੍ਹਾਂ ਅੱਗੇ ਕਿਹਾ ਕਿ ਆਪ੍ਰੇਸ਼ਨ ਸਿੰਦੂਰ ਦੌਰਾਨ ਵੀ ਇਸੇ ਤਰ੍ਹਾਂ ਦੇ ਹਾਲਾਤ ਦੇਖੇ ਗਏ ਸਨ। ਹਰਜੋਤ ਸਿੰਘ ਬੈਂਸ ਨੇ ਅੱਗੇ ਕਿਹਾ ਕਿ ਆਪ੍ਰੇਸ਼ਨ ਸਿੰਦੂਰ ਦੌਰਾਨ ਵੀ, ਭਾਰਤ ਇੱਕ ਮੁਸ਼ਕਲ ਕੂਟਨੀਤਕ ਸਥਿਤੀ ਵਿੱਚ ਸੀ। ਸੰਕਟ ਦੇ ਆਰਥਿਕ ਪ੍ਰਭਾਵਾਂ ਨੂੰ ਉਜਾਗਰ ਕਰਦਿਆਂ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਰੂਸ ਅਤੇ ਈਰਾਨ ਵਰਗੇ ਦੇਸ਼ਾਂ ਵਿੱਚ ਤੇਲ ਸੈਕਟਰ ਵਿੱਚ ਭਾਰਤ ਦੇ ਨਿਵੇਸ਼ ਹੁਣ ਗੰਭੀਰ ਅਨਿਸ਼ਚਿਤਤਾ ਦਾ ਸਾਹਮਣਾ ਕਰ ਰਹੇ ਹਨ। ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸਿਰਫ ਇੰਨਾ ਹੀ ਨਹੀਂ, ਸਗੋਂ ਰੂਸ ਅਤੇ ਈਰਾਨ ਦੇ ਤੇਲ ਖੇਤਰ ਵਿੱਚ ਦੇਸ਼ ਵੱਲੋਂ ਕੀਤੇ ਵੱਡੇ ਨਿਵੇਸ਼ ਦਾ ਹੁਣ ਕੋਈ ਲਾਭ ਨਹੀਂ ਮਿਲ ਸਕੇਗਾ।

# ਭਾਰਤ ਦੇ ਹਿੱਤਾਂ ਦੀ ਰਾਖੀ ਕਰਨ ਲਈ ਮੋਦੀ ਸਰਕਾਰ ਕੋਲ ਹਿੰਮਤ ਨਹੀਂ, ਵਿਦੇਸ਼ੀ ਤਾਕਤਾਂ ਸਾਡੀ 'ਕਮਜ਼ੋਰ' ਵਿਦੇਸ਼ ਨੀਤੀ ਨੂੰ ਸ਼ਰੇਆਮ ਡਰਾਉਂਦੀਆਂ ਹਨ: ਹਰਪਾਲ ਸਿੰਘ ਚੀਮਾ

## ਕਿਹਾ, ਭਾਜਪਾ ਭਾਰਤ ਨੂੰ ਅਮਰੀਕਾ ਲਈ ਇੱਕ ਅਧੀਨ ਬਾਜ਼ਾਰ ਅਤੇ ਦੇਸ਼ ਦੇ ਲੋਕਾਂ ਨੂੰ ਗੁਲਾਮ ਬਣਾ ਰਹੀ ਹੈ

ਰਮਨ ਕੁਮਾਰ

ਚੰਡੀਗੜ੍ਹ, ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅਮਰੀਕਾ-ਈਰਾਨ ਵਿਚਾਲੇ ਵਧਦੇ ਟਕਰਾਅ ਦੇ ਮੱਦੇਨਜ਼ਰ ਅੰਤਰਰਾਸ਼ਟਰੀ ਸਬੰਧਾਂ ਨੂੰ ਸੰਭਾਲਣ ਵਿੱਚ ਕੇਂਦਰ ਦੀ ਕਾਰਜਪ੍ਰਣਾਲੀ ਦੀ ਨਿੰਦਾ ਕਰਦੇ ਹੋਏ ਅੱਜ ਪੰਜਾਬ ਵਿਧਾਨ ਸਭਾ ਵਿੱਚ ਪੇਸ਼ ਕੀਤੇ ਗਏ ਮਤੇ ਦਾ ਸਮਰਥਨ ਕਰਦਿਆਂ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਵਿਦੇਸ਼ ਨੀਤੀ 'ਤੇ ਤਿੱਖਾ ਹਮਲਾ ਕੀਤਾ। ਖੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਪੇਸ਼ ਕੀਤੇ ਗਏ ਇਸ ਮਤੇ ਨੂੰ ਸੱਤਾਧਾਰੀ ਅਤੇ ਵਿਰੋਧੀ ਧਿਰ ਦੋਵਾਂ ਵੱਲੋਂ ਸਰਬਸੰਮਤੀ ਨਾਲ ਸਮਰਥਨ ਮਿਲਿਆ, ਜਦੋਂ ਕਿ ਭਾਜਪਾ ਵਿਧਾਇਕ ਸਦਨ ਵਿੱਚੋਂ ਗੈਰ-ਹਾਜ਼ਰ ਰਹੇ। ਸਦਨ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ ਸਾਡੀ ਵਿਦੇਸ਼ ਨੀਤੀ ਇੰਨੀ ਕਮਜ਼ੋਰ ਹੋ ਗਈ ਹੈ ਕਿ ਸਾਨੂੰ ਵਿਦੇਸ਼ੀ ਤਾਕਤਾਂ ਵੱਲੋਂ ਲਗਾਤਾਰ ਡਰਾਇਆ-ਧਮਕਾਇਆ ਜਾ ਰਿਹਾ ਹੈ। ਚਾਹੇ ਇਹ ਬੀਤੇ ਸਾਲ ਸਰਹੱਦੀ ਤਣਾਅ ਦੌਰਾਨ ਮਹਿਜ਼ ਇੱਕ ਟਵੀਟ ਰਾਹੀਂ ਦਖਲਅੰਦਾਜ਼ੀ ਹੋਵੇ ਜਾਂ ਈਰਾਨ ਵਿੱਚ ਹਾਲ ਹੀ ਵਿੱਚ ਹੋਏ ਜਾਨੀ ਨੁਕਸਾਨ 'ਤੇ ਪੂਰੀ ਤਰ੍ਹਾਂ ਚੁੱਪ ਹੋਵੇ, ਕੇਂਦਰ ਸਰਕਾਰ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਇਸ



ਵਿੱਚ ਭਾਰਤ ਦੇ ਰਣਨੀਤਕ ਹਿੱਤਾਂ ਲਈ ਡਟਣ ਦੀ ਹਿੰਮਤ ਨਹੀਂ ਹੈ। ਅਸੀਂ ਭਾਜਪਾ ਨੂੰ ਭਾਰਤ ਨੂੰ ਅਮਰੀਕਾ ਦੇ ਅਧੀਨ ਬਾਜ਼ਾਰ ਵਿੱਚ ਤਬਦੀਲ ਨਹੀਂ ਕਰਨ ਦੇਵਾਂਗੇ ਅਤੇ ਨਾ ਹੀ ਅਸੀਂ ਉਨ੍ਹਾਂ ਨੂੰ ਇਸ ਦੇਸ਼ ਦੇ ਲੋਕਾਂ ਨੂੰ ਗੁਲਾਮ ਬਣਾਉਣ ਦੇਵਾਂਗੇ। ਪੰਜਾਬ ਦੇ ਵਿੱਤ ਮੰਤਰੀ ਨੇ ਅੱਗੇ ਕਿਹਾ, "ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਭਾਜਪਾ ਨੇ ਵਾਰ-ਵਾਰ ਰਾਸ਼ਟਰੀ ਪ੍ਰਭੂਸੱਤਾ ਨਾਲੋਂ ਨਿੱਜੀ ਅਤੇ ਪਾਰਟੀ ਹਿੱਤਾਂ ਨੂੰ ਪਹਿਲ ਦਿੱਤੀ ਹੈ। ਕੇਂਦਰ ਸਰਕਾਰ ਵਾਰ-ਵਾਰ ਅਮਰੀਕੀ ਦਬਾਅ ਅੱਗੇ ਝੁਕੀ ਹੈ, ਜਿਸ ਨਾਲ ਭਾਰਤ ਆਲਮੀ ਮੰਚ 'ਤੇ ਕਮਜ਼ੋਰ ਨਜ਼ਰ ਆ ਰਿਹਾ ਹੈ। ਅਹਿਮ ਅੰਤਰਰਾਸ਼ਟਰੀ ਮੁੱਦਿਆਂ 'ਤੇ ਭਾਜਪਾ ਲੀਡਰਸ਼ਿਪ ਦੀ ਲੰਮੀ ਚੁੱਪ ਗੰਭੀਰ ਚਿੰਤਾਵਾਂ ਪੈਦਾ ਕਰਦੀ ਹੈ ਕਿ ਕੇਂਦਰ ਸਰਕਾਰ ਨੂੰ ਸੰਵੇਦਨਸ਼ੀਲ ਅੰਤਰਰਾਸ਼ਟਰੀ ਦਸਤਾਵੇਜ਼ਾਂ ਨੂੰ ਲੈ ਕੇ ਵਿਦੇਸ਼ੀ ਤਾਕਤਾਂ ਦੁਆਰਾ ਬੇਨਕਾਬ ਜਾਂ ਬਲੈਕਮੇਲ ਕੀਤੇ ਜਾਣ ਦਾ ਡਰ ਹੈ। ਉਨ੍ਹਾਂ ਅੱਗੇ ਕਿਹਾ, "ਕਾਂਗਰਸ ਅਤੇ ਭਾਜਪਾ ਦੀ ਅਗਵਾਈ ਵਾਲੀਆਂ ਕੇਂਦਰ ਸਰਕਾਰਾਂ ਦਹਾਕਿਆਂ ਤੋਂ ਦੇਸ਼ ਲਈ ਊਰਜਾ ਸੁਤੰਤਰਤਾ ਯਕੀਨੀ ਬਣਾਉਣ ਵਿੱਚ ਅਸਫਲ ਰਹੀਆਂ ਹਨ, ਜਿਸ ਕਾਰਨ ਭਾਰਤ ਬਹੁਤ ਕਮਜ਼ੋਰ ਸਥਿਤੀ ਵਿੱਚ ਆ ਗਿਆ ਹੈ। ਈਰਾਨ ਵੱਲੋਂ ਖੁੱਲ੍ਹੇਆਮ ਤੇਲ ਸਪਲਾਈ ਦੀ ਪੇਸ਼ਕਸ਼ ਦੇ ਬਾਵਜੂਦ ਕੇਂਦਰ ਸਰਕਾਰ ਚੁੱਪ ਧਾਰੀ ਬੈਠੀ ਹੈ। ਚੱਲ ਰਹੇ ਅਮਰੀਕਾ-ਈਰਾਨ ਟਕਰਾਅ ਦੇ ਨਤੀਜੇ ਵਜੋਂ ਈਂਧਨ ਅਤੇ ਰਸੋਈ ਗੈਸ ਦੀਆਂ ਕੀਮਤਾਂ ਅਸਮਾਨ ਨੂੰ ਛੂਹਣਗੀਆਂ, ਜਿਸ ਨਾਲ ਦੇਸ਼ ਭਰ ਦੇ ਅਤੇ ਪੰਜਾਬ ਦੇ ਕਿਸਾਨਾਂ, ਮਜ਼ਦੂਰਾਂ ਅਤੇ ਮੱਧ ਵਰਗ 'ਤੇ ਅਸਹਿ ਵਿੱਤੀ ਬੋਝ ਪਵੇਗਾ। ਹਰਪਾਲ ਸਿੰਘ ਚੀਮਾ ਨੇ ਕਿਹਾ, "ਕੇਂਦਰ ਸਰਕਾਰ ਦੀ ਵਿਦੇਸ਼ ਨੀਤੀ ਦੀ ਨਾਕਾਮੀ ਸਾਡੀ ਅਰਥਵਿਵਸਥਾ 'ਤੇ ਸਿੱਧਾ ਹਮਲਾ ਹੈ। ਸੰਸਾਰ ਭਰ ਵਿੱਚ ਈਂਧਨ ਦੀਆਂ ਕੀਮਤਾਂ ਵਧਣ ਲਈ ਤਿਆਰ ਹਨ, ਇਹ ਪੰਜਾਬ ਅਤੇ ਦੇਸ਼ ਦਾ ਆਮ ਆਦਮੀ; ਕਿਸਾਨ, ਮਜ਼ਦੂਰ, ਦੁਕਾਨਦਾਰ ਹੈ, ਜਿਸ ਨੂੰ ਭਾਜਪਾ ਦੀ ਕੂਟਨੀਤਕ ਅਯੋਗਤਾ ਦਾ ਖਮਿਆਜ਼ਾ ਭੁਗਤਣਾ ਪਵੇਗਾ। ਭਾਜਪਾ ਯੋਜਨਾਬੱਧ ਤਰੀਕੇ ਨਾਲ ਭਾਰਤ ਦੇ ਸੰਘੀ ਢਾਂਚੇ ਨੂੰ ਤਬਾਹ ਕਰ ਰਹੀ ਹੈ। ਵਿਰੋਧੀ ਧਿਰ ਦੇ ਸ਼ਾਸਨ ਵਾਲੇ ਰਾਜਾਂ ਨੂੰ ਵਿੱਤੀ ਤੌਰ 'ਤੇ ਕਮਜ਼ੋਰ ਕੀਤਾ ਜਾ ਰਿਹਾ ਹੈ। ਹਿਮਾਚਲ ਪ੍ਰਦੇਸ਼ ਗੰਭੀਰ ਵਿੱਤੀ ਸੰਕਟ ਦਾ ਸਾਹਮਣਾ ਕਰ ਰਿਹਾ ਹੈ ਅਤੇ ਪੇਂਡੂ ਵਿਕਾਸ ਫੰਡ (ਆਰ.ਡੀ.ਐੱਫ.) ਅਤੇ ਰਾਸ਼ਟਰੀ ਸਿਹਤ ਮਿਸ਼ਨ (ਐੱਨ.ਐੱਚ.ਐੱਮ.) ਤਹਿਤ ਪੰਜਾਬ ਦੇ ਹਜ਼ਾਰਾਂ ਕਰੋੜ ਰੁਪਏ ਗੈਰ-ਕਾਨੂੰਨੀ ਢੰਗ ਨਾਲ ਰੋਕੇ ਗਏ ਹਨ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਮੋਗਾ ਵਿਖੇ ਹੋਣ ਵਾਲੀ ਰੈਲੀ ਤੋਂ ਪਹਿਲਾਂ ਵਿੱਤ ਮੰਤਰੀ ਨੇ ਕਿਹਾ, "ਸੁਨੀਲ ਜਾਖੜ ਅਤੇ ਕੈਪਟਨ ਅਮਰਿੰਦਰ ਸਿੰਘ ਸਮੇਤ ਪੰਜਾਬ ਭਾਜਪਾ ਦੇ ਆਗੂਆਂ ਨੂੰ ਗ੍ਰਹਿ ਮੰਤਰੀ ਤੋਂ ਪੰਜਾਬ ਦੇ ਰੋਕੇ ਗਏ ਆਰ.ਡੀ.ਐੱਫ., ਐੱਨ.ਐੱਚ.ਐੱਮ. ਅਤੇ ਪ੍ਰਧਾਨ ਮੰਤਰੀ ਆਵਾਸ ਯੋਜਨਾ ਦੇ ਫੰਡਾਂ ਬਾਰੇ ਸਵਾਲ ਕਰਨ ਦੀ ਹਿੰਮਤ ਜੁਟਾਉਣੀ ਚਾਹੀਦੀ ਹੈ। ਜੀ.ਐੱਸ.ਟੀ. ਦਰਾਂ ਨੂੰ ਤਰਕਸੰਗਤ ਬਣਾਉਣ ਵਾਲੀ ਕਮੇਟੀ ਵਿੱਚ ਆਪਣੇ ਸਮੇਂ ਨੂੰ ਯਾਦ ਕਰਦਿਆਂ, ਉਨ੍ਹਾਂ ਕਿਹਾ, "ਪੰਜਾਬ, ਕੇਰਲ ਅਤੇ ਤਾਮਿਲਨਾਡੂ ਵਰਗੇ ਰਾਜਾਂ ਦੇ ਸਖ਼ਤ ਵਿਰੋਧ ਦੇ ਬਾਵਜੂਦ ਦੇਰ ਰਾਤ ਦੀਆਂ ਹੰਗਾਮੀ ਮੀਟਿੰਗਾਂ ਰਾਹੀਂ ਜੀ.ਐੱਸ.ਟੀ. ਨਿਯਮਾਂ ਨੂੰ ਧੱਕੇ ਨਾਲ ਲਾਗੂ ਕੀਤਾ ਗਿਆ। ਪੰਜਾਬ, ਜਿਸ ਨੇ ਇਤਿਹਾਸਕ ਤੌਰ 'ਤੇ ਦੇਸ਼ ਦੀ ਆਜ਼ਾਦੀ ਅਤੇ ਅਖੰਡਤਾ ਲਈ ਸਭ ਤੋਂ ਵੱਧ ਖੂਨ ਵਹਾਇਆ ਹੈ, ਇੱਕ ਵਾਰ ਫਿਰ ਭਾਰਤ ਦੀ ਪ੍ਰਭੂਸੱਤਾ, ਲੋਕਤੰਤਰ ਅਤੇ ਸੰਘੀ ਢਾਂਚੇ ਨੂੰ ਭਾਜਪਾ ਦੀਆਂ ਤਾਨਾਸ਼ਾਹੀ ਨੀਤੀਆਂ ਤੋਂ ਬਚਾਉਣ ਲਈ ਲੜਾਈ ਦੀ ਅਗਵਾਈ ਕਰੇਗਾ।

# ਕੇਂਦਰੀ ਏਜੰਸੀਆਂ ਦੇ ਤਾਲਮੇਲ ਨਾਲ ਪੰਜਾਬ ਪੁਲਿਸ ਨੇ ਮੱਧ ਏਸ਼ੀਆਈ ਦੇਸ਼ ਤੋਂ ਭਗੌੜੇ ਭੁਵਨੇਸ਼ ਚੋਪੜਾ ਨੂੰ ਲਿਆਂਦਾ ਵਾਪਸ

ਕੈਪਟਨ ਸੁਭਾਸ਼ ਚੰਦਰ ਸ਼ਰਮਾ

ਚੰਡੀਗੜ੍ਹ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਸਰਹੱਦ ਪਾਰੋਂ ਚੱਲ ਰਹੇ ਸੰਗਠਿਤ ਅਪਰਾਧ ਵਿਰੁੱਧ ਵੱਡੀ ਸਫਲਤਾ ਹਾਸਲ ਕਰਦਿਆਂ, ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਦੇ ਸਰਗਰਮ ਸਹਿਯੋਗ ਨਾਲ ਕਈ ਘਿਨਾਉਣੇ ਅਪਰਾਧਾਂ ਵਿੱਚ ਸ਼ਾਮਲ ਭਗੌੜੇ ਭੁਵਨੇਸ਼ ਚੋਪੜਾ ਉਰਫ਼ ਆਸ਼ੀਸ਼ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਉਣ ਲਈ ਮੱਧ ਏਸ਼ੀਆਈ ਦੇਸ਼ ਤੋਂ ਡਿਪੋਰਟ ਕਰਨ ਤੋਂ ਬਾਅਦ ਸਫਲਤਾਪੂਰਵਕ ਗ੍ਰਿਫਤਾਰ ਕਰ ਲਿਆ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਗਠਿਤ, ਅੰਦਰੂਨੀ ਸੁਰੱਖਿਆ ਵਿੰਗ ਅਧੀਨ ਕੰਮ ਕਰਨ ਵਾਲੇ ਨਵੇਂ ਸਥਾਪਿਤ ਓਵਰਸੀਜ਼ ਫਿਊਜਿਟਿਵ ਟ ?ਰੈਕਿੰਗ ਐਂਡ ਐਕਸਟਰਾਡੀਸ਼ਨ ਸੈੱਲ (ਓਐਫਟੀਈਸੀ) ਵੱਲੋਂ ਇਸ ਕਾਰਵਾਈ ਵਿੱਚ ਅਹਿਮ ਭੂਮਿਕਾ ਨਿਭਾਈ ਗਈ ਹੈ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਦੋਸ਼ੀ ਭੁਵਨੇਸ਼ ਚੋਪੜਾ ਦੀਆਂ ਅੰਤਰਰਾਸ਼ਟਰੀ ਗਤੀਵਿਧੀਆਂ ਨੂੰ ਟਰੈਕ ਕਰਨ ਅਤੇ ਸੀਮਤ ਕਰਨ ਲਈ, ਰੈੱਡ ਨੋਟਿਸ (ਰੈੱਡ ਕਾਰਨਰ ਨੋਟਿਸ) ਅਤੇ ਲੁੱਕ-ਆਊਟ ਸਰਕੂਲਰ (ਐਲਓਸੀ) ਜਾਰੀ ਕੀਤਾ ਗਿਆ ਸੀ। ਉਨ੍ਹਾਂ ਕਿਹਾ, ÷ਨਿਰੰਤਰ ਅੰਤਰਰਾਸ਼ਟਰੀ ਤਾਲਮੇਲ ਸਦਕਾ ਇੱਕ ਮੱਧ ਏਸ਼ੀਆਈ ਦੇਸ਼ ਵਿੱਚ ਉਸਦੇ ਟਿਕਾਣੇ ਨੂੰ ਟਰੇਸ ਕੀਤਾ ਗਿਆ, ਜਿਸ ਤੋਂ ਬਾਅਦ ਉਸਨੂੰ (ਭੁਵਨੇਸ਼) ਨੂੰ ਦੇਸ਼ ਨਿਕਾਲਾ ਦੇ ਦਿੱਤਾ ਗਿਆ ਅਤੇ ਨਵੀਂ ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਪਹੁੰਚਣ 'ਤੇ ਉਸ ਨੂੰ ਗ੍ਰਿਫਤਾਰ ਕਰ ਲਿਆ ਗਿਆ ਜਾਣਕਾਰੀ ਅਨੁਸਾਰ ਫਿਰੋਜ਼ਪੁਰ ਦਾ ਰਹਿਣ ਵਾਲਾ ਦੋਸ਼ੀ ਭੁਵਨੇਸ਼

**ਦੋਸ਼ੀ ਭੁਵਨੇਸ਼ ਚੋਪੜਾ ਦੀਆਂ ਅੰਤਰਰਾਸ਼ਟਰੀ ਗਤੀਵਿਧੀਆਂ 'ਤੇ ਨਜ਼ਰ ਰੱਖਣ ਅਤੇ ਪਾਬੰਦੀ ਲਗਾਉਣ ਲਈ ਰੈਡ ਨੋਟਿਸ ਅਤੇ ਲੁੱਕ-ਆਊਟ ਸਰਕੂਲਰ ਜਾਰੀ ਕੀਤਾ ਗਿਆ ਸੀ: ਡੀਜੀਪੀ ਗੌਰਵ ਯਾਦਵ**

ਚੋਪੜਾ ਫਿਰੋਜ਼ਪੁਰ ਦੇ ਸਨਸਨੀਖੇਜ਼ ਤੀਹਰੇ ਕਤਲ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਕਈ ਮਾਮਲਿਆਂ ਸਮੇਤ ਹਾਈ-ਪ੍ਰੋਫਾਈਲ ਅਪਰਾਧਾਂ ਦੇ ਸਬੰਧ ਵਿੱਚ ਲੋੜੀਂਦਾ ਸੀ। ਦੋਸ਼ੀ ਵਿਰੁੱਧ ਫਿਰੋਜ਼ਪੁਰ, ਫਾਜ਼ਿਲਕਾ ਅਤੇ ਪਟਿਆਲਾ ਜ਼ਿਲ੍ਹਿਆਂ ਵਿੱਚ ਘੱਟੋ-ਘੱਟ ਨੌਂ ਮਾਮਲੇ ਦਰਜ ਹਨ। ਡੀਜੀਪੀ ਨੇ ਕਿਹਾ ਕਿ ਦੋਸ਼ੀ ਭੁਵਨੇਸ਼ ਚੋਪੜਾ ਉਰਫ਼ ਆਸ਼ੀਸ਼ ਪਾਕਿਸਤਾਨ ਤੋਂ ਪੰਜਾਬ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿੱਚ ਸਹਾਇਤਾ ਕਰ ਰਿਹਾ ਸੀ ਅਤੇ ਕਾਨੂੰਨ ਤੋਂ ਬਚਣ ਲਈ ਵਿਦੇਸ਼ ਭੱਜਣ ਵਿੱਚ ਕਾਮਯਾਬ ਹੋ ਗਿਆ ਸੀ। ਉਨ੍ਹਾਂ ਕਿਹਾ ਕਿ ਨਸ਼ੀਲੇ ਪਦਾਰਥਾਂ ਦੀ ਤਸਕਰੀ ਤੋਂ ਇਲਾਵਾ, ਚੋਪੜਾ ਅਗਸਤ 2024 ਵਿੱਚ ਫਿਰੋਜ਼ਪੁਰ ਵਿੱਚ ਹੋਏ ਤੀਹਰੇ ਕਤਲ ਦਾ ਮੁੱਖ ਸਾਜ਼ਿਸ਼ਕਰਤਾ ਵੀ ਸੀ, ਜਿਸ ਵਿੱਚ ਚੋਪੜਾ ਅਤੇ ਦਿਲਦੀਪ ਸਿੰਘ ਦੀ ਆਪਸੀ ਰੰਜ਼ਿਸ ਦੇ ਚਲਦਿਆਂ ਦਿਲਦੀਪ ਸਿੰਘ ਸਮੇਤ ਇੱਕ ਨੌਜਵਾਨ ਲੜਕੀ ਅਤੇ ਇੱਕ ਹੋਰ ਵਿਅਕਤੀ ਦੀ ਜਾਨ ਚਲੀ ਗਈ ਸੀ।

# 'ਵਿਸ਼ਵ ਗੁਰੂ ਤੋਂ ਲੈ ਕੇ ਸਿਲੰਡਰਾਂ ਲਈ ਲਾਈਨਾਂ ਤੱਕ ਦਾ ਸਫ਼ਰ': ਅਮਨ ਅਰੋੜਾ ਨੇ ਕੇਂਦਰ ਸਰਕਾਰ ਦੇ ਦਾਅਵਿਆਂ ਦੀ ਕੱਢੀ ਫੂਕ

ਮਨਦੀਪ ਕੌਰ



## ਅਰੋੜਾ ਨੇ ਵਿਦੇਸ਼ੀ ਤੇ ਘਰੇਲੂ ਫਰੰਟ 'ਤੇ 'ਦੋਹਰੀ ਅਸਫਲਤਾ' ਦਾ ਕੀਤਾ ਪਰਦਾਫਾਸ਼; ਅਮਰੀਕੀ ਰਿਫਾਇਨਰੀ ਸੌਦੇ ਦੀ ਤੁਲਨਾ ਭਾਰਤ ਦੇ ਐਲਪੀਜੀ ਸੰਕਟ ਨਾਲ ਕੀਤੀ

ਚੰਡੀਗੜ੍ਹ, ਪੰਜਾਬ ਦੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ (ਆਪ) ਦੇ ਸੂਬਾ ਪ੍ਰਧਾਨ ਸ੍ਰੀ ਅਮਨ ਅਰੋੜਾ ਨੇ ਅੱਜ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਵਰ੍ਹਦਿਆਂ ਇਸ ਨੂੰ ਵਿਦੇਸ਼ੀ ਅਤੇ ਘਰੇਲੂ ਮਾਮਲਿਆਂ ਵਿੱਚ ਬਿਲਕੁਲ ਫੇਲ੍ਹ ਦੱਸਿਆ। ਸਰਕਾਰੀ ਦਾਅਵਿਆਂ ਅਤੇ ਜ਼ਮੀਨੀ ਹਕੀਕਤ ਦਰਮਿਆਨ ਸਪੱਸ਼ਟ ਅੰਤਰ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ ਕਿ ਭਾਰਤ ਨੂੰ 'ਵਿਸ਼ਵ ਗੁਰੂ' ਅਤੇ 'ਆਤਮਨਿਰਭਰ' ਬਣਾਉਣ ਦੇ ਦੋਵੇਂ ਵਾਅਦੇ ਖੋਖਲੇ ਸਾਬਤ ਹੋਏ ਹਨ। ਪੰਜਾਬ ਵਿਧਾਨ ਸਭਾ ਵਿੱਚ ਖੁਰਾਕ ਅਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਪੇਸ਼ ਕੀਤੇ ਗਏ ਨਿੰਦਾ ਮਤੇ ਵਿੱਚ ਹਿੱਸਾ ਲੈਂਦਿਆਂ, ਸ੍ਰੀ ਅਮਨ ਅਰੋੜਾ ਨੇ ਅੱਜ ਦੇ ਅਖ਼ਬਾਰਾਂ ਵਿੱਚ ਕੀਤੇ ਜਾ ਰਹੇ ਵਿਰੋਧ ਵੱਲ ਧਿਆਨ ਦਵਾਇਆ। ਉਨ੍ਹਾਂ ਕਿਹਾ, ÷ਅਖਬਾਰਾਂ ਵਿੱਚ ਇੱਕ ਪਾਸੇ ਗੈਸ ਏਜੰਸੀਆਂ ਦੇ ਬਾਹਰ ਕਿਲੋਮੀਟਰ ਲੰਬੀਆਂ ਕਤਾਰਾਂ ਲੱਗਣ, ਹਜ਼ਾਰਾਂ ਹੋਟਲਾਂ ਦੇ ਬੰਦ ਹੋਣ ਨੇੜੇ ਪਹੁੰਚਣ, ਅਣਗਿਣਤ ਵਿਆਹ ਰੱਦ ਹੋਣ ਅਤੇ ਸਾਡੀਆਂ ਮਾਵਾਂ-ਭੈਣਾਂ ਦੇ ਆਪਣੀਆਂ ਰਸੋਈਆਂ ਬਾਰੇ ਚਿੰਤਤ ਹੋਣ ਦੀਆਂ ਖਬਰਾਂ ਸਨ। ਇਸ ਦੇ ਬਿਲਕੁਲ ਸਾਹਮਣੇ ਭਾਰਤ ਸਰਕਾਰ ਦੀ 'ਤੁਹਾਡਾ ਘਰ ਸਾਡੀ ਪਹਿਲੀ ਤਰਜੀਹ' ਦੇ ਬੈਨਰ ਹੇਠ ਇੱਕ ਪੂਰੇ ਪੰਨੇ ਦਾ ਇਸ਼ਤਿਹਾਰ ਲੱਗਿਆ ਹੋਇਆ ਸੀ ਜੋ ਮਹਿਜ਼ ਲੋਕਾਂ ਨੂੰ ਦਿਲਾਸਾ ਦੇਣ ਦੀ ਕੋਸ਼ਿਸ਼ ਜਾਪਦਾ ਸੀ। ਅਸਲੀਅਤ ਇਹ ਹੈ ਕਿ ਉਹ ਇਸ਼ਤਿਹਾਰ ਜਾਰੀ ਕਰਕੇ, ਉਨ੍ਹਾਂ ਨੇ ਸਵੀਕਾਰ ਕੀਤਾ ਹੈ ਕਿ ਸਥਿਤੀ ਗੰਭੀਰ ਹੈ ਅਤੇ ਦਿਨੋ-ਦਿਨ ਹੋਰ ਗੰਭੀਰ ਹੁੰਦੀ ਜਾ ਰਹੀ ਹੈ। ਉਨ੍ਹਾਂ ਨੇ ਸਦਨ ਨੂੰ 2014 ਤੋਂ ਪਹਿਲਾਂ ਦੇ ਪ੍ਰਧਾਨ ਮੰਤਰੀ ਮੋਦੀ ਦੇ ਚੋਣ ਭਾਸ਼ਣਾਂ ਦੀ ਯਾਦ ਦਿਵਾਈ, ਜਿੱਥੇ ਉਹ ਦੁਨੀਆ ਦੀ ਅਗਵਾਈ ਕਰਨ ਅਤੇ ਦੇਸ਼ ਨੂੰ ਆਤਮਨਿਰਭਰ ਬਣਾਉਣ ਦੇ ਜੁਮਲੇ ਦੇ ਰਹੇ ਸਨ। ਉਨ੍ਹਾਂ ਕਿਹਾ, ÷ਚੌਂਦਾਂ ਸਾਲ ਪਹਿਲਾਂ, ਉਹ ਐਲਾਨ ਕਰਦੇ ਸਨ ਕਿ 140 ਕਰੋੜ ਭਾਰਤੀ ਦੁਨੀਆ ਦੀ ਅਗਵਾਈ ਕਰਨਗੇ ਅਤੇ ਕਦੇ ਵੀ ਦਰਾਮਦ ਦੀ ਲੋੜ ਨਹੀਂ ਪਵੇਗੀ। ਅੱਜ, ਦੇਖੋ ਕਿ ਅਸੀਂ ਕਿੱਥੇ ਖੜ੍ਹੇ ਹਾਂ। ਉਹ ਵਿਸ਼ਵ ਗੁਰੂ ਬਣਨ ਜਾਂ ਦੇਸ਼ ਨੂੰ ਆਤਮਨਿਰਭਰ ਬਣਾਉਣ ਵਿੱਚ ਬੁਰੀ ਤਰ੍ਹਾਂ ਅਸਫਲ ਰਹੇ ਹਨ। ਸ੍ਰੀ ਅਮਨ ਅਰੋੜਾ ਨੇ ਕਿਹਾ ਕਿ 12 ਸਾਲ ਸੱਤਾ ਵਿੱਚ ਰਹਿਣ ਤੋਂ ਬਾਅਦ, ਭਾਜਪਾ ਦੀ ਅਗਵਾਈ ਵਾਲੀ ਸਰਕਾਰ ਅਜੇ ਵੀ ਦੋਸਤਾਂ ਅਤੇ ਵਿਰੋਧੀਆਂ ਵਿੱਚ ਫ਼ਰਕ ਨਹੀਂ ਕਰ ਸਕੀ। ਇੱਕ-ਇੱਕ ਕਰਕੇ, ਹਰ ਗੁਆਂਢੀ ਦੇਸ਼ ਸਾਡੇ ਤੋਂ ਦੂਰ ਹੋ ਗਿਆ ਹੈ ਅਤੇ ਚੀਨ ਨਾਲ ਨੇੜਤਾ ਵਧਾ ਰਿਹਾ ਹੈ। ਇਹ ਉਨ੍ਹਾਂ ਦੀ ਵਿਦੇਸ਼ ਨੀਤੀ ਦੀ ਕੋਝੀ ਮਹਾਨਤਾ ਹੈ। ਉਨ੍ਹਾਂ ਨੇ ਪ੍ਰਧਾਨ ਮੰਤਰੀ ਦੇ ਹਾਲੀਆ ਇਜ਼ਰਾਈਲੀ ਦੌਰੇ 'ਤੇ ਸਵਾਲ ਉਠਾਉਂਦਿਆਂ ਕਿਹਾ, ÷ਉਹ ਇਜ਼ਰਾਈਲ ਜਾਂਦੇ ਹਨ, ਨੇਤਨਯਾਹੂ ਨੂੰ ਜੱਫੀ ਪਾ ਕੇ ਮਿਲਦੇ ਹਨ ਅਤੇ ਅਗਲੇ ਹੀ ਦਿਨ ਅਮਰੀਕਾ ਅਤੇ ਇਜ਼ਰਾਈਲ ਈਰਾਨ ਦੀ ਚੋਟੀ ਦੀ ਸਿਆਸੀ ਅਤੇ ਪ੍ਰਸ਼ਾਸਨਿਕ ਲੀਡਰਸ਼ਿਪ ਨੂੰ ਖਤਮ ਕਰ ਦਿੰਦੇ ਹਨ। ਉਨ੍ਹਾਂ ਨੇ ਸਦਨ ਨੂੰ ਅਮਰੀਕਾ-ਇਜ਼ਰਾਈਲ ਵੱਲੋਂ ਸਕੂਲ 'ਤੇ ਕੀਤੇ ਉਸ ਭਿਆਨਕ ਹਮਲੇ ਬਾਰੇ ਵੀ ਯਾਦ ਦਿਵਾਇਆ ਜਿਸ ਵਿੱਚ ਸੈਂਕੜੇ ਤੋਂ ਵੱਧ ਬੱਚੇ ਮਾਰੇ ਗਏ ਸਨ ਪਰ ਪ੍ਰਧਾਨ ਮੰਤਰੀ ਦੇ ਮੂੰਹੋਂ ਉਨ੍ਹਾਂ ਮਾਸੂਮ ਬੱਚਿਆਂ ਲਈ ਇੱਕ ਵੀ ਸ਼ਬਦ ਨਹੀਂ ਨਿਕਲਿਆ। ਕੇਂਦਰ ਸਰਕਾਰ ਦੇ 12 ਸਾਲਾਂ ਦੇ ਅੰਕੜਿਆਂ ਦਾ ਹਵਾਲਾ ਦਿੰਦਿਆ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਕੁਦਰਤੀ ਗੈਸ ਦਾ ਉਤਪਾਦਨ 2012 ਵਿੱਚ 40.68 ਬੀਸੀਐਮ ਤੋਂ ਘਟ ਕੇ 2024 ਵਿੱਚ 35 ਬੀਸੀਐਮ ਹੋ ਗਿਆ ਹੈ, ਜਦੋਂ ਕਿ ਇਸੇ ਸਮੇਂ ਦੌਰਾਨ ਖਪਤ 47 ਬੀਸੀਐਮ ਤੋਂ ਵੱਧ ਕੇ 69 ਬੀਸੀਐਮ ਹੋ ਗਈ ਹੈ। ਕੱਚੇ ਤੇਲ ਦਾ ਘਰੇਲੂ ਉਤਪਾਦਨ 2013-14 ਵਿੱਚ 37 ਮਿਲੀਅਨ ਮੀਟ੍ਰਿਕ ਟਨ ਤੋਂ ਘਟ ਕੇ 2023-24 ਵਿੱਚ 29 ਮਿਲੀਅਨ ਮੀਟ੍ਰਿਕ ਟਨ ਹੋ ਗਿਆ ਜਦਕਿ ਖਪਤ 158 ਮਿਲੀਅਨ ਮੀਟ੍ਰਿਕ ਟਨ ਤੋਂ ਵੱਧ ਕੇ 233 ਮਿਲੀਅਨ ਮੀਟ੍ਰਿਕ ਟਨ ਹੋ ਗਈ।

# 'ਆਪ' ਸਰਕਾਰ ਨੇ ਸਿਰਫ਼ ਚਾਰ ਸਾਲਾਂ ਵਿੱਚ ਮੈਰਿਟ ਦੇ ਆਧਾਰ ਉੱਤੇ ਬਿਨਾਂ ਰਿਸ਼ਵਤ ਤੋਂ 65,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ : ਮੁੱਖ ਮੰਤਰੀ ਭਗਵੰਤ ਸਿੰਘ ਮਾਨ

## ਕਿਹਾ, ' ਪੰਜਾਬ ਵਿੱਚ 'ਆਪ' ਸਰਕਾਰ ਅਧੀਨ ਆਈ 'ਰੋਜ਼ਗਾਰ ਕ੍ਰਾਂਤੀ'

ਐਸ. ਕੇ. ਸਕਸੈਨਾ

ਮੁਹਾਲੀ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਮਿਸ਼ਨ ਰੋਜ਼ਗਾਰ' ਪਹਿਲਕਦਮੀ ਤਹਿਤ ਅੱਜ ਵੱਖ-ਵੱਖ ਵਿਭਾਗਾਂ ਵਿੱਚ ਭਰਤੀ 818 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ, ਜਿਸ ਨਾਲ ਪਿਛਲੇ ਚਾਰ ਸਾਲਾਂ ਵਿੱਚ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਗਈਆਂ ਸਰਕਾਰੀ ਨੌਕਰੀਆਂ ਦੀ ਗਿਣਤੀ ਵਧ ਕੇ 65,264 ਹੋ ਗਈ ਹੈ। ਨਿਯੁਕਤੀ ਪੱਤਰ ਵੰਡਣ ਲਈ ਕਰਵਾਏ ਸਮਾਗਮ ਵਿੱਚ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਮੀਲ ਪੱਥਰ ਨੂੰ ਪੰਜਾਬ ਦੇ ਨੌਜਵਾਨਾਂ ਲਈ ਪਾਰਦਰਸ਼ੀ ਅਤੇ ਮੈਰਿਟ ਦੇ ਆਧਾਰ ਉੱਤੇ ਰੋਜ਼ਗਾਰ ਮੌਕੇ ਯਕੀਨੀ ਬਣਾਉਣ ਲਈ ਸਰਕਾਰ ਦੀ ਵਚਨਬੱਧਤਾ ਦਾ ਪ੍ਰਤੀਕ ਦੱਸਿਆ। ਉਨ੍ਹਾਂ ਕਿਹਾ, "ਅੱਜ ਵੱਖ-ਵੱਖ ਵਿਭਾਗਾਂ ਵਿੱਚ 818 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ ਜਾ ਰਹੇ ਹਨ।"ਉਨ੍ਹਾਂ ਕਿਹਾ ਕਿ ਅੱਜ ਜਿਨ੍ਹਾਂ ਨੂੰ ਨਿਯੁਕਤੀ ਪੱਤਰ ਸੌਂਪੇ ਜਾ ਰਹੇ ਹਨ, ਉਨ੍ਹਾਂ ਵਿੱਚ ਬਿਜਲੀ ਵਿਭਾਗ ਵਿੱਚ 459, ਸਥਾਨਕ ਸਰਕਾਰਾਂ ਵਿਭਾਗ ਵਿੱਚ 215, ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵਿੱਚ 129 ਅਤੇ ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ ਵਿੱਚ 15 ਪ੍ਰੋਫੈਸਰ ਅਤੇ ਸਹਾਇਕ ਪ੍ਰੋਫੈਸਰ ਸ਼ਾਮਲ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਨੇ ਹੁਣ ਤੱਕ ਪੰਜਾਬ ਭਰ ਵਿੱਚ ਨੌਜਵਾਨਾਂ ਨੂੰ 65,264 ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਸਰਕਾਰ ਵੱਲੋਂ ਲਗਾਤਾਰ ਰੋਜ਼ਗਾਰ ਪੈਦਾ ਕਰਨ ▾ਤੇ ਧਿਆਨ ਦੇਣ ਬਾਰੇ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਬਿਜਲੀ ਵਿਭਾਗ ਵਿੱਚ ਇਸ ਵੇਲੇ 1,750 ਹੋਰ ਉਮੀਦਵਾਰਾਂ ਦੀ ਭਰਤੀ ਚੱਲ ਰਹੀ ਹੈ ਅਤੇ ਜੂਨ 2026 ਤੱਕ ਇਹ ਵੀ ਪੂਰੀ ਹੋ ਜਾਵੇਗੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਸਾਰੀਆਂ ਨੌਕਰੀਆਂ ਪੂਰੀ ਤਰ੍ਹਾਂ ਯੋਗਤਾ, ਪਾਰਦਰਸ਼ਤਾ ਅਤੇ ਬਿਨਾਂ ਕਿਸੇ ਸਿਫ਼ਾਰਸ਼ ਦੇ ਦਿੱਤੀਆਂ ਗਈਆਂ ਹਨ।÷ ਉਨ੍ਹਾਂ ਕਿਹਾ ਕਿ ਭਰਤੀ ਪ੍ਰਕਿਰਿਆ ਦੀ ਨਿਰਪੱਖਤਾ ਕਾਰਨ ਕਈ ਉਮੀਦਵਾਰਾਂ ਨੇ ਵੱਖ-ਵੱਖ ਵਿਭਾਗਾਂ ਵਿੱਚ ਕਈ-ਕਈ ਨੌਕਰੀਆਂ ਪ੍ਰਾਪਤ ਕੀਤੀਆਂ ਹਨ। ਸਾਲ 2022 ਤੋਂ ਪਹਿਲਾਂ ਦੀ ਸਥਿਤੀ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਕ ਦਹਾਕੇ ਤੋਂ ਵੱਧ ਸਮੇਂ ਤੱਕ ਪੰਜਾਬ ਦੇ ਨੌਜਵਾਨਾਂ ਨੂੰ ਲਗਾਤਾਰ ਸਰਕਾਰਾਂ ਦੁਆਰਾ ਸਰਕਾਰੀ ਨੌਕਰੀਆਂ ਤੋਂ ਵਾਂਝਾ ਰੱਖਿਆ ਗਿਆ। ਉਨ੍ਹਾਂ ਕਿਹਾ, "ਇਹ ਮੰਦਭਾਗਾ ਹੈ ਕਿ ਲਗਪਗ ਇਕ ਦਹਾਕੇ ਤੋਂ ਵੱਧ ਸਮੇਂ ਤੱਕ ਪੰਜਾਬ ਦੇ ਨੌਜਵਾਨਾਂ ਨੂੰ ਲਗਾਤਾਰ ਸਰਕਾਰੀ ਨੌਕਰੀਆਂ ਨਹੀਂ ਦਿੱਤੀਆਂ ਗਈਆਂ। ਇਨ੍ਹਾਂ ਨੇ ਸਾਡੀਆਂ ਪੀੜ੍ਹੀਆਂ ਦਾ ਭਵਿੱਖ ਤਬਾਹ ਕਰ ਦਿੱਤਾ, ਜਿਸ ਕਾਰਨ ਉਹ ਕਿਸੇ ਵੀ ਤਰ੍ਹਾਂ ਰਹਿਮ ਦੇ ਹੱਕਦਾਰ ਨਹੀਂ ਹਨ।"ਉਨ੍ਹਾਂ ਅੱਗੇ ਕਿਹਾ ਕਿ ਅਹੁਦਾ ਸੰਭਾਲਣ ਤੋਂ ਬਾਅਦ ਪੰਜਾਬ ਸਰਕਾਰ ਨੇ ਨੌਜਵਾਨਾਂ ਲਈ ਰੋਜ਼ਗਾਰ ਯਕੀਨੀ ਬਣਾਉਣ ਲਈ ਮਿਸ਼ਨ ਰੋਜ਼ਗਾਰ ਸ਼ੁਰੂ ਕੀਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪੰਜਾਬ ਦੇ ਹਰ ਪਿੰਡ, ਕਸਬੇ ਅਤੇ ਸ਼ਹਿਰ ਵਿੱਚ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਯਕੀਨੀ ਬਣਾਏ ਹਨ। ਉਨ੍ਹਾਂ ਨਵ-ਨਿਯੁਕਤ ਨੌਜਵਾਨਾਂ ਨੂੰ ਇਮਾਨਦਾਰੀ,




ਸਮਰਪਣ ਅਤੇ ਵਚਨਬੱਧਤਾ ਨਾਲ ਆਪਣੇ ਫ਼ਰਜ਼ ਨਿਭਾਉਣ ਲਈ ਪ੍ਰੇਰਿਤ ਕੀਤਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅੱਜ ਤੋਂ ਇਹ ਨੌਜਵਾਨ ਸਰਕਾਰ ਦੇ ਪਰਿਵਾਰ ਦਾ ਹਿੱਸਾ ਹਨ ਅਤੇ ਇਕੱਠੇ ਮਿਲ ਕੇ ਅਸੀਂ ਪੰਜਾਬ ਨੂੰ ਦੁਬਾਰਾ 'ਰੰਗਲਾ ਪੰਜਾਬ▾ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਾਂਗੇ। ਨਵੇਂ ਭਰਤੀ ਹੋਏ ਨੌਜਵਾਨਾਂ ਨੂੰ ਹੌਸਲਾ ਅਫ਼ਜ਼ਾਈ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਫ਼ਲਤਾ ਆਪਣੇ ਅੰਦਰ ਕਈ ਕਿੱਸੇ ਸਮੋਈ ਰੱਖਦੀ ਹੈ, ਜਦੋਂ ਕਿ ਅਸਫ਼ਲਤਾ ਦੀ ਕੋਈ ਬਾਤ ਨਹੀਂ ਪਾਉਂਦਾ ਅਤੇ ਸਖ਼ਤ ਮਿਹਨਤ, ਵਚਨਬੱਧਤਾ ਤੇ ਲਗਨ ਹਰੇਕ ਵਿਅਕਤੀ ਲਈ ਸਫ਼ਲਤਾ ਦੀਆਂ ਕੁੰਜੀਆਂ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਪੰਜਾਬ ਵਿੱਚ ਹਰ ਰੋਜ਼ ਸਰਕਾਰੀ ਨੌਕਰੀਆਂ ਲਈ ਕੋਈ ਨਾ ਕੋਈ ਪ੍ਰੀਖਿਆ ਲਈ ਜਾ ਰਹੀ ਹੈ, ਜੋ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਰਸਤੇ ਖੋਲ੍ਹ ਰਹੀ ਹੈ।÷ ਉਨ੍ਹਾਂ ਕਿਹਾ ਕਿ ਹਰ ਸਰਕਾਰੀ ਅਧਿਕਾਰੀ ਪੰਜਾਬ ਦੀ ਤਰੱਕੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਨੌਜਵਾਨਾਂ ਨੂੰ ਨੌਕਰੀਆਂ ਮੁਹੱਈਆ ਕਰਨਾ ਕੋਈ ਅਹਿਸਾਨ ਨਹੀਂ ਹੈ, ਸਗੋਂ ਉਨ੍ਹਾਂ ਦੀ ਪ੍ਰਤਿਭਾ ਅਤੇ ਯੋਗਤਾ ਦੇ ਆਧਾਰ ▾ਤੇ ਸਹੀ ਮੌਕਾ ਦਿੱਤਾ ਜਾ ਰਿਹਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਨ੍ਹਾਂ ਨੌਜਵਾਨਾਂ ਨੂੰ ਪੂਰੀ ਤਰ੍ਹਾਂ ਯੋਗਤਾ ਦੇ ਆਧਾਰ ▾ਤੇ ਨੌਕਰੀਆਂ ਮਿਲੀਆਂ ਹਨ।÷ ਉਨ੍ਹਾਂ ਨੌਜਵਾਨਾਂ ਨੂੰ ਸਰਕਾਰੀ ਪ੍ਰਣਾਲੀ ਦੇ ਅਨਿੱਖੜਵੇਂ ਮੈਂਬਰ ਬਣਨ ਅਤੇ ਮਿਸ਼ਨਰੀ ਜੋਸ਼ ਨਾਲ ਲੋਕਾਂ ਦੀ ਸੇਵਾ ਕਰਨ ਦੀ ਅਪੀਲ ਕੀਤੀ। ਭਰਤੀ ਹੋਏ ਨੌਜਵਾਨਾਂ ਨੂੰ ਸਮਾਜ ਦੀ ਭਲਾਈ ਲਈ ਕੰਮ ਕਰਨ ਦਾ ਸੱਦਾ ਦਿੰਦੇ ਹੋਏ ਮੁੱਖ ਮੰਤਰੀ ਨੇ ਉਮੀਦ ਪ੍ਰਗਟਾਈ ਕਿ ਉਹ ਆਪਣੇ ਅਹੁਦਿਆਂ ਦੀ ਵਰਤੋਂ ਲੋੜਵੰਦ ਅਤੇ ਪਛੜੇ ਵਰਗਾਂ ਦੀ ਸਹਾਇਤਾ ਲਈ ਕਰਨਗੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੁਹਰਾਇਆ ਕਿ ਭਰਤੀ ਪ੍ਰਕਿਰਿਆ ਪੂਰੀ ਪਾਰਦਰਸ਼?ਤਾ ਅਤੇ ਸਖ਼ਤ ਮੁਕਾਬਲੇਬਾਜ਼ੀ ਰਾਹੀਂ ਕੀਤੀ ਗਈ ਸੀ। ਉਨ੍ਹਾਂ ਨਵੇਂ ਭਰਤੀ ਹੋਏ ਨੌਜਵਾਨਾਂ ਨੂੰ ਲੋਕਾਈ ਦੀ ਵੱਧ ਤੋਂ ਵੱਧ ਭਲਾਈ ਯਕੀਨੀ ਬਣਾਉਣ ਲਈ ਕਿਹਾ ਤਾਂ ਜੋ ਸਮਾਜ ਦੇ ਹਰ ਵਰਗ ਨੂੰ ਇਸ ਦਾ ਲਾਭ ਮਿਲ ਸਕੇ। ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਸਰਕਾਰੀ ਖ਼ਜ਼ਾਨੇ ਦੇ ਇਕ-ਇਕ ਪੈਸੇ ਦੀ ਵਰਤੋਂ ਲੋਕਾਂ ਦੀ ਭਲਾਈ ਲਈ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਦੇ 90 ਫੀਸਦੀ ਤੋਂ ਵੱਧ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ ਅਤੇ ਕਿਸਾਨਾਂ ਨੂੰ ਹੁਣ ਦਿਨ ਵੇਲੇ ਬਿਜਲੀ ਮਿਲ ਰਹੀ ਹੈ, ਜੋ ਲਾਮਿਸਾਲ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਕ ਅਜਿਹੇ ਸਮੇਂ ਜਦੋਂ ਦੇਸ਼ ਦੀਆਂ ਜਾਇਦਾਦਾਂ ਕੇਂਦਰ ਸਰਕਾਰ ਵੱਲੋਂ ਆਪਣੇ ਚਹੇਤਿਆਂ ਨੂੰ ਮਾਮੂਲੀ ਕੀਮਤਾਂ ▾ਤੇ ਸੌਂਪੀਆਂ ਜਾ ਰਹੀਆਂ ਸਨ ਤਾਂ ਉਦੋਂ ਪੰਜਾਬ ਸਰਕਾਰ ਨੇ ਇਕ ਨਿੱਜੀ ਥਰਮਲ ਪਲਾਂਟ ਖਰੀਦ ਕੇ ਇਤਿਹਾਸ ਰਚਿਆ ਹੈ। ਮੁੱਖ ਮੰਤਰੀ ਨੇ ਔਰਤਾਂ ਦੀ ਭਲਾਈ ਲਈ ਪੰਜਾਬ ਸਰਕਾਰ ਵੱਲੋਂ ਚੁੱਕੇ ਜਾ ਰਹੇ ਕਦਮਾਂ ▾ਤੇ ਵੀ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਸਕੀਮ' ਤਹਿਤ ਜਨਰਲ ਵਰਗ ਦੀਆਂ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1,000 ਰੁਪਏ, ਜਦੋਂ ਕਿ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1,500 ਰੁਪਏ ਵਿੱਤੀ ਸਹਾਇਤਾ ਵਜੋਂ ਮਿਲਣਗੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਆਮ ਲੋਕਾਂ, ਖਾਸ ਕਰ ਕੇ ਗਰੀਬਾਂ ਲਈ 1,000-1,500 ਰੁਪਏ ਮਹੱਤਵਪੂਰਨ ਹਨ।÷ ਉਨ੍ਹਾਂ ਇਸ ਸਹਾਇਤਾ ਨੂੰ ਮਾਵਾਂ ਅਤੇ ਧੀਆਂ ਦੇ ਸਤਿਕਾਰ ਦਾ ਪ੍ਰਤੀਕ ਦੱਸਿਆ। ਮੁੱਖ ਮੰਤਰੀ ਨੇ ਟਿੱਪਣੀ ਕੀਤੀ ਕਿ ਜੋ ਲੋਕ ਇਸ ਯੋਜਨਾ ਦਾ ਮਜ਼ਾਕ ਉਡਾ ਰਹੇ ਹਨ ਜਾਂ ਬੇਬੁਨਿਆਦ ਸਵਾਲ ਉਠਾ ਰਹੇ ਹਨ, ਉਹ ਆਮ ਨਾਗਰਿਕਾਂ ਲਈ 1,000 ਰੁਪਏ ਦੀ ਅਹਿਮੀਅਤ ਨੂੰ ਸਮਝਣ ਵਿੱਚ ਨਾਕਾਮ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਜੋ ਲੋਕ ਗੈਰ-ਕਾਨੂੰਨੀ ਢੰਗ ਨਾਲ ਕਮਾਏ ਪੈਸੇ ਨਾਲ ਇਕ ਵਾਰ ਦੇ ਖਾਣੇ ▾ਤੇ 5,000 ਰੁਪਏ ਤੋਂ ਵੱਧ ਖਰਚ ਦਿੰਦੇ ਹਨ, ਉਹ 1,000 ਰੁਪਏ ਦੀ ਕੀਮਤ ਨੂੰ ਨਹੀਂ ਸਮਝ ਸਕਦੇ, ਜੋ ਉਨ੍ਹਾਂ ਲੋਕਾਂ ਲਈ ਵੱਡੀ ਵਿੱਤੀ ਸਹਾਇਤਾ ਹੈ, ਜਿਨ੍ਹਾਂ ਨੂੰ ਤਿਉਹਾਰਾਂ ▾ਤੇ ਵੀ ਕੰਮ ਕਰਨ ਜਾਣਾ ਪੈਂਦਾ ਹੈ।÷ ਉਨ੍ਹਾਂ ਕਿਹਾ ਕਿ ਅਜਿਹੇ ਅਮੀਰ ਆਗੂ ਅਤੇ ਉਨ੍ਹਾਂ ਦੇ ਪਰਿਵਾਰ ਆਮ ਘਰਾਂ ਲਈ ਇਸ ਸਹਾਇਤਾ ਦੀ ਮਹੱਤਤਾ ਦੀ ਕਦਰ ਨਹੀਂ ਕਰ ਸਕਦੇ। ਸਮਾਗਮ ਵਾਲੀ ਥਾਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਭਾਵੇਂ ਇਸ ਨੂੰ ਵਿਕਾਸ ਭਵਨ ਕਿਹਾ ਜਾਂਦਾ ਹੈ ਪਰ ਇੱਥੋਂ ਵੱਡੀ ਗਿਣਤੀ ਵਿੱਚ ਨੌਕਰੀਆਂ ਮਿਲਣ ਕਾਰਨ ਇਸ ਦਾ ਨਾਮ 'ਅਪਾਇੰਟਮੈਂਟ ਲੈਟਰ ਭਵਨ▾ ਰੱਖਿਆ ਜਾ ਸਕਦਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ 65,000 ਤੋਂ ਵੱਧ ਨੌਜਵਾਨਾਂ ਨੂੰ ਸਿਰਫ਼ ਯੋਗਤਾ ਦੇ ਆਧਾਰ ▾ਤੇ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ।÷ ਉਨ੍ਹਾਂ ਕਿਹਾ ਕਿ ਪੰਜਾਬ ਲਈ ਸਕਾਰਾਤਮਕ ਸੰਕੇਤ ਹੈ, ਹੁਣ ਪੰਜਾਬ ਵਿੱਚ ਸਰਕਾਰੀ ਨੌਕਰੀਆਂ ਲੈਣ ਲਈ ਵਿਦੇਸ਼ਾਂ ਤੋਂ ਨੌਜਵਾਨਾਂ ਦੀ ਵਾਪਸੀ ਦਾ ਰੁਝਾਨ ਦੇਖਿਆ ਜਾ ਰਿਹਾ ਹੈ। ਮੁੱਖ ਮੰਤਰੀ ਨੇ ਇਹ ਵੀ ਟਿੱਪਣੀ ਕੀਤੀ ਕਿ ਰਵਾਇਤੀ ਪਾਰਟੀਆਂ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਗਏ ਲੋਕ-ਕੇਂਦ੍ਰਿਤ ਸ਼ਾਸਨ ਮਾਡਲ ਤੋਂ ਅਸਹਿਜ ਮਹਿਸੂਸ ਕਰ ਰਹੀਆਂ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਪਾਰਟੀਆਂ ਸੱਤਾ ਲਈ ਕੁਰਸੀ ਦੀ ਖੇਡ ਖੇਡਦੀਆਂ ਸਨ ਅਤੇ ਲੋਕਾਂ ਤੇ ਦੇਸ਼ ਨੂੰ ਲੁੱਟਣ ਲਈ ਵਾਰੀ ਬੰਨ੍ਹੀ ਰੱਖਦੀਆਂ ਸਨ।"ਉਨ੍ਹਾਂ ਅੱਗੇ ਕਿਹਾ ਕਿ ਇਹ ਰਾਜਨੀਤੀ ਉਦੋਂ ਬੰਦ ਹੋਈ, ਜਦੋਂ ਪੰਜਾਬ ਦੇ ਲੋਕਾਂ ਨੇ ਮੌਜੂਦਾ ਸਰਕਾਰ ਨੂੰ ਵੱਡਾ ਫਤਵਾ ਦਿੱਤਾ, ਜਿਸ ਨਾਲ ਲੋਕ-ਪੱਖੀ ਪਹਿਲਕਦਮੀਆਂ ਦੀ ਲੜੀ ਸ਼ੁਰੂ ਹੋਈ। *ਨਵੇਂ ਭਰਤੀ ਹੋਏ ਨੌਜਵਾਨਾਂ ਨੇ ਆਪਣੀ ਸਫ਼ਲਤਾ ਦੀਆਂ ਕਹਾਣੀਆਂ ਸਾਂਝੀਆਂ ਕੀਤੀਆਂ; ਮੈਰਿਟ ਆਧਾਰਤ ਚੋਣ ਰਾਹੀਂ ਸਰਕਾਰੀ ਨੌਕਰੀਆਂ ਪ੍ਰਾਪਤ ਕਰਨ ਲਈ ਕੀਤਾ ਧੰਨਵਾਦ* ਇਸ ਦੌਰਾਨ ਕਈ ਨਵੇਂ ਭਰਤੀ ਹੋਏ ਉਮੀਦਵਾਰਾਂ ਨੇ ਪਾਰਦਰਸ਼ੀ ਪ੍ਰਕਿਰਿਆ ਰਾਹੀਂ ਨੌਕਰੀਆਂ ਦੇਣ ਲਈ ਮੁੱਖ ਮੰਤਰੀ ਦਾ ਧੰਨਵਾਦ ਕੀਤਾ। ਨਾਭਾ ਤੋਂ ਜਗਜੀਤ ਸਿੰਘ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਢਿੱਲੇ ਰਵੱਈਏ ਕਾਰਨ ਉਨ੍ਹਾਂ ਨੂੰ ਸਰਕਾਰੀ ਨੌਕਰੀ ਮਿਲਣ ਦੀ ਉਮੀਦ ਖ਼ਤਮ ਹੋ ਗਈ ਸੀ ਪਰ 'ਆਪ▾ ਦੀ ਸਰਕਾਰ ਬਣਨ ਤੋਂ ਬਾਅਦ ਉਨ੍ਹਾਂ ਨੂੰ ਵਾਪਸ ਉਮੀਦ ਬੱਝੀ। ਫਿਰੋਜ਼ਪੁਰ ਤੋਂ ਤਜਿੰਦਰ ਸਿੰਘ ਨੇ ਕਿਹਾ ਕਿ ਜਦੋਂ ਉਨ੍ਹਾਂ ਨੂੰ ਨੌਕਰੀ ਸਬੰਧੀ ਫੋਨ ਆਇਆ ਤਾਂ ਉਨ੍ਹਾਂ ਦੇ ਪਰਿਵਾਰ ਨੂੰ ਡਰ ਸੀ ਕਿ ਉਨ੍ਹਾਂ ਨੂੰ ਰਿਸ਼ਵਤ ਦੇਣੀ ਪਵੇਗੀ ਪਰ ਉਸ ਨੇ ਇਕ ਵੀ ਪੈਸਾ ਖਰਚੇ ਬਿਨਾਂ ਨੌਕਰੀ ਪ੍ਰਾਪਤ ਕੀਤੀ। ਮਲੇਰਕੋਟਲਾ ਦੀ ਗੁਰਪ੍ਰੀਤ ਕੌਰ, ਜੋ ਇਸ ਸਮੇਂ ਡਿਪਟੀ ਕਮਿਸ਼ਨਰ ਦਫ਼ਤਰ ਵਿੱਚ ਕੰਮ ਕਰ ਰਹੀ ਹੈ, ਨੇ ਕਿਹਾ ਕਿ ਉਸ ਨੇ ਹੁਣ ਮੈਰਿਟ ਆਧਾਰ ▾ਤੇ ਸਹਿਕਾਰੀ ਇੰਸਪੈਕਟਰ ਵਜੋਂ ਦੂਜੀ ਨੌਕਰੀ ਪ੍ਰਾਪਤ ਕੀਤੀ ਹੈ। ਇਸੇ ਤਰ੍ਹਾਂ ਜਲੰਧਰ ਦੇ ਦਿਨੇਸ਼ ਬੱਤਰਾ ਨੇ ਕਿਹਾ ਕਿ ਉਸ ਨੇ ਪਾਰਦਰਸ਼ੀ ਪ੍ਰਕਿਰਿਆ ਰਾਹੀਂ ਪੀ.ਐਸ.ਪੀ.ਸੀ.ਐਲ. ਵਿੱਚ ਏ.ਜੇ.ਐਸ. ਮਕੈਨੀਕਲ ਵਜੋਂ ਆਪਣੀ ਦੂਜੀ ਨੌਕਰੀ ਪ੍ਰਾਪਤ ਕੀਤੀ ਹੈ। ਤਲਵਾੜਾ ਦੇ ਇਸ਼ਾਨ ਚੌਧਰੀ ਨੇ ਕਿਹਾ ਕਿ ਉਹ ਆਪਣੇ ਪਰਿਵਾਰ ਦੀ ਤੀਜੀ ਪੀੜ੍ਹੀ ਦਾ ਮੈਂਬਰ ਹੈ, ਜਿਸ ਨੂੰ ਪੀ.ਐਸ.ਪੀ.ਸੀ.ਐਲ. ਵਿੱਚ ਸੇਵਾ ਕਰਨ ਦਾ ਮੌਕਾ ਮਿਲਿਆ ਹੈ। ਪਟਿਆਲਾ ਤੋਂ ਸੁਖਮਨਪ੍ਰੀਤ ਸਿੰਘ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਇਕ ਮਹੀਨੇ ਬਾਅਦ ਕੈਨੇਡਾ ਤੋਂ ਵਾਪਸ ਆ ਗਿਆ ਸੀ ਅਤੇ ਹੁਣ ਉਸ ਨੇ ਪੀ.ਐਸ.ਪੀ.ਸੀ.ਐਲ. ਵਿੱਚ ਆਪਣੀ ਦੂਜੀ ਨੌਕਰੀ ਪ੍ਰਾਪਤ ਕੀਤੀ ਹੈ। ਪਟਿਆਲਾ ਦੇ ਪਿੰਡ ਭੂਤਗੜ੍ਹ ਦੇ ਧਰਮਿੰਦਰ ਸਿੰਘ ਨੇ ਭਾਵੁਕ ਹੁੰਦਿਆਂ ਕਿਹਾ ਕਿ ਉਹ ਇੱਟਾਂ ਦੇ ਭੱਠੇ ▾ਤੇ ਮਜ਼ਦੂਰ ਵਜੋਂ ਕੰਮ ਕਰਦਾ ਸੀ ਪਰ ਹੁਣ ਇਕ ਪਾਰਦਰਸ਼ੀ ਪ੍ਰਕਿਰਿਆ ਰਾਹੀਂ ਸਰਕਾਰੀ ਨੌਕਰੀ ਪ੍ਰਾਪਤ ਕੀਤੀ ਹੈ। ਸ੍ਰੀ ਮੁਕਤਸਰ ਸਾਹਿਬ ਤੋਂ ਡਾ. ਨਵਜੋਤ ਸਿੰਘ ਮਾਨ ਨੇ ਖੁਲਾਸਾ ਕੀਤਾ ਕਿ ਦੰਦਾਂ ਦੇ ਡਾਕਟਰਾਂ ਨੂੰ 36 ਸਾਲਾਂ ਦੇ ਵਕਫ਼ੇ ਤੋਂ ਬਾਅਦ ਸਰਕਾਰੀ ਨੌਕਰੀਆਂ ਮਿਲੀਆਂ ਹਨ। ਇਸ ਤੋਂ ਪਹਿਲਾਂ ਦੰਦਾਂ ਦੇ ਡਾਕਟਰਾਂ ਦਾ ਆਖਰੀ ਬੈਚ 1990 ਵਿੱਚ ਭਰਤੀ ਕੀਤਾ ਗਿਆ ਸੀ। ਉਮੀਦਵਾਰਾਂ ਨੇ ਮੁੱਖ ਮੰਤਰੀ ਦਾ ਧੰਨਵਾਦ ਕੀਤਾ ਕਿ ਉਹ ਸਿਰਫ਼ ਮੈਰਿਟ ਅਤੇ ਪਾਰਦਰਸ਼ਤਾ ਦੇ ਆਧਾਰ ▾ਤੇ ਸਰਕਾਰੀ ਨੌਕਰੀਆਂ ਪ੍ਰਦਾਨ ਕਰ ਰਹੇ ਹਨ। ਇਸ ਮੌਕੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਅਤੇ ਡਾ. ਬਲਬੀਰ ਸਿੰਘ ਵੀ ਮੌਜੂਦ ਸਨ।

# ਇਨਫੋਸਿਸ ਮੁਹਾਲੀ ਵਿੱਚ 2700 ਨੌਜਵਾਨਾਂ ਨੂੰ ਸਿੱਧਾ ਰੋਜ਼ਗਾਰ ਅਤੇ ਹਜ਼ਾਰਾਂ ਹੋਰਾਂ ਨੂੰ ਅਸਿੱਧੇ ਤਰੀਕੇ ਨਾਲ ਰੋਜ਼ਗਾਰ ਦੇਵੇਗੀ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

## ਮਾਰਚ 2022 ਤੋਂ ਹੁਣ ਤੱਕ ਪੰਜਾਬ ਵਿੱਚ 1.55 ਲੱਖ ਕਰੋੜ ਰੁਪਏ ਤੋਂ ਵੱਧ ਦੀਆਂ ਨਿਵੇਸ਼ ਤਜਵੀਜ਼ਾਂ ਪ੍ਰਾਪਤ ਹੋਈਆਂ

ਕੈਪਟਨ ਸੁਭਾਸ਼ ਚੰਦਰ ਸ਼ਰਮਾ

ਮੁਹਾਲੀ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਆਖਿਆ ਕਿ ਪੰਜਾਬ ਆਪਣੀ ਉਦਯੋਗਿਕ ਤਰੱਕੀ ਵਿੱਚ ਫੈਸਲਾਕੁਨ ਬਦਲਾਅ ਦੇਖ ਰਿਹਾ ਹੈ, 2022 ਤੋਂ ਪਹਿਲਾਂ ਵਾਲੀ ਲੁੱਟ-ਖਸੁੱਟ ਤੋਂ ਬਾਅਦ ਹੁਣ ਵਿਸ਼ਵ-ਵਿਆਪੀ ਨਿਵੇਸ਼ਕ ਸੂਬੇ ਵਿੱਚ ਵਾਪਸ ਆ ਰਹੇ ਹਨ। ਮੁਹਾਲੀ ਵਿੱਚ ਇਨਫੋਸਿਸ ਦੇ 286 ਕਰੋੜ ਰੁਪਏ ਦੇ ਲਾਗਤ ਵਾਲੇ ਕੈਂਪਸ ਦੇ ਨੀਂਹ ਪੱਥਰ ਸਮਾਗਮ ਤੋਂ ਬਾਅਦ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਪ੍ਰਾਜੈਕਟ 2,700 ਨੌਜਵਾਨਾਂ ਲਈ ਰੋਜ਼ਗਾਰ ਦੇ ਸਿੱਧੇ ਮੌਕੇ ਅਤੇ ਹਜ਼ਾਰਾਂ ਹੋਰਾਂ ਲਈ ਰੋਜ਼ਗਾਰ ਦੇ ਅਸਿੱਧੇ ਮੌਕੇ ਮੁਹੱਈਆ ਕਰੇਗਾ।

ਮੁੱਖ ਮੰਤਰੀ ਨੇ ਇਸ ਗੱਲ ▾ਤੇ ਜ਼ੋਰ ਦਿੱਤਾ ਕਿ ਪੰਜਾਬ ਸਰਕਾਰ ਮਾਰਚ 2022 ਤੋਂ ਲੈ ਕੇ ਹੁਣ ਤੱਕ 1.55 ਲੱਖ ਕਰੋੜ ਰੁਪਏ ਤੋਂ ਵੱਧ ਦੇ ਨਿਵੇਸ਼ ਪ੍ਰਸਤਾਵ ਪਹਿਲਾਂ ਹੀ ਪ੍ਰਾਪਤ ਕਰ ਚੁੱਕੀ ਹੈ, ਜਿਸ ਨਾਲ 5.44 ਲੱਖ ਤੋਂ ਵੱਧ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਹੋਏ ਹਨ। ਉਨ੍ਹਾਂ ਅੱਗੇ ਕਿਹਾ ਕਿ ਮੁਹਾਲੀ ਵਿੱਚ 13 ਤੋਂ 15 ਮਾਰਚ ਤੱਕ ਹੋਣ ਵਾਲਾ ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸੰਮੇਲਨ ਸੂਬੇ ਦੀ ਉਦਯੋਗਿਕ ਤਰੱਕੀ ਲਈ ਯਾਦਗਾਰੀ ਪਲ ਹੋਵੇਗਾ, ਜਿਸ ਵਿੱਚ ਅਗਲੇ ਤਿੰਨ ਦਿਨ ਪੰਜਾਬ ਦੇ ਆਰਥਿਕ ਵਿਕਾਸ ਲਈ ਸਫ਼ਲਤਾ ਦੀ ਨਵੀਂ ਕਹਾਣੀ ਲਿਖਣਗੇ। ਸੂਚਨਾ ਤਕਨਾਲੋਜੀ ਵਿੱਚ ਵਿਸ਼ਵ ਪ੍ਰਸਿੱਧ ਕੰਪਨੀ ਇਨਫੋਸਿਸ ਦੇ ਨੁਮਾਇੰਦਿਆਂ ਦਾ ਸਵਾਗਤ ਕਰਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਸਰਕਾਰ ਦੀਆਂ ਉਦਯੋਗ-ਪੱਖੀ ਨੀਤੀਆਂ ਵਿੱਚ ਵਿਸ਼ਵਾਸ ਪ੍ਰਗਟ ਕਰਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਦੇਸ਼ ਦੀ ਆਰਥਿਕ ਤਰੱਕੀ ਵਿੱਚ ਇਨਫੋਸਿਸ ਦੇ ਬਾਨੀ ਐਨ.ਆਰ. ਨਾਰਾਇਣ ਮੂਰਤੀ ਦੇ ਅਥਾਹ ਯੋਗਦਾਨ ਨੂੰ ਵੀ ਯਾਦ ਕੀਤਾ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ "ਅੱਜ ਪੰਜਾਬ ਲਈ ਖ਼ਾਸ ਕਰ ਕੇ ਉਦਯੋਗਿਕ ਖੇਤਰ ਲਈ ਇਤਿਹਾਸਕ ਦਿਨ ਹੈ। ਮੈਂ ਆਲਮੀ ਕੰਪਨੀ ਇਨਫੋਸਿਸ ਦੇ ਨੁਮਾਇੰਦਿਆਂ ਦਾ ਨਿੱਘਾ ਸਵਾਗਤ ਕਰਦਾ ਹਾਂ ਅਤੇ ਸਾਡੀ ਸਰਕਾਰ ਦੀਆਂ ਉਦਯੋਗ-ਪੱਖੀ ਨੀਤੀਆਂ ਵਿੱਚ ਵਿਸ਼ਵਾਸ ਦਿਖਾਉਣ ਲਈ ਉਨ੍ਹਾਂ ਦਾ ਧੰਨਵਾਦ ਕਰਦਾ ਹਾਂ। ਮੈਂ ਦੇਸ਼ ਦੀ ਆਰਥਿਕ ਤਰੱਕੀ ਵਿੱਚ ਇਨਫੋਸਿਸ ਦੇ ਬਾਨੀ ਐਨ.ਆਰ. ਨਾਰਾਇਣ ਮੂਰਤੀ ਦੇ ਅਥਾਹ ਯੋਗਦਾਨ ਨੂੰ ਵੀ ਯਾਦ ਕਰਦਾ ਹਾਂ।÷ ਭਾਰਤੀ ਆਈ.ਟੀ. ਖ਼ੇਤਰ ਦੇ ਪਿਤਾਮਾ ਨਾਰਾਇਣ ਮੂਰਤੀ ਨੂੰ ਮਹਾਨ ਹਸਤੀ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਇਸ ਮਹਾਨ ਹਸਤੀ ਨੂੰ ਭਾਰਤੀ ਆਈ.ਟੀ. ਖ਼ੇਤਰ ਦੇ ਪਿਤਾਮਾ ਵਜੋਂ ਜਾਣਿਆ ਜਾਂਦਾ ਹੈ। ਅੱਜ ਇਕ ਮਹੱਤਵਪੂਰਨ ਦਿਨ ਹੈ ਕਿਉਂਕਿ ਇਨਫੋਸਿਸ ਦੇ 286 ਕਰੋੜ ਰੁਪਏ ਦੇ ਨਵੇਂ ਪ੍ਰਾਜੈਕਟ ਦਾ ਨੀਂਹ ਪੱਥਰ ਸਮਾਗਮ ਮੁਹਾਲੀ ਵਿੱਚ ਕਰਵਾਇਆ ਜਾ ਰਿਹਾ ਹੈ। ਇਹ ਪ੍ਰਾਜੈਕਟ 2,700 ਨੌਜਵਾਨਾਂ ਨੂੰ ਸਿੱਧੇ ਤੌਰ ▾ਤੇ ਰੋਜ਼ਗਾਰ ਪ੍ਰਦਾਨ ਕਰੇਗਾ, ਜਦੋਂ ਕਿ ਹਜ਼ਾਰਾਂ ਨੌਜਵਾਨਾਂ ਲਈ ਅਸਿੱਧੇ ਤੌਰ ਉੱਤੇ ਰੋਜ਼ਗਾਰ ਦੇ ਮੌਕੇ ਖੋਲ੍ਹੇਗਾ।÷ ਮੁੱਖ ਮੰਤਰੀ ਨੇ ਕਿਹਾ, "ਇਸ ਪ੍ਰਾਜੈਕਟ ਤਹਿਤ ਪਹਿਲੇ ਪੜਾਅ ਵਿੱਚ ਇਕ ਏਕੀਕ੍ਰਿਤ ਕੈਂਪਸ ਸਥਾਪਤ ਕੀਤਾ ਜਾਵੇਗਾ, ਜਿਸ ਵਿੱਚ ਇਕ ਸਾਫਟਵੇਅਰ ਡਿਵੈਲਪਮੈਂਟ ਬਲਾਕ, ਫੂਡ ਕੋਰਟ ਅਤੇ ਹੋਰ ਸਹੂਲਤਾਂ ਸ਼ਾਮਲ ਹੋਣਗੀਆਂ। ਕੈਂਪਸ ਵਿੱਚ 3.50 ਲੱਖ ਵਰਗ ਫੁੱਟ ਦਾ ਰਕਬਾ ਨਿਰਮਾਣ ਅਧੀਨ ਹੋਵੇਗਾ, ਜਿਸ ਵਿੱਚ ਤਿੰਨ ਹਜ਼ਾਰ ਲੋਕਾਂ ਦੇ ਬੈਠਣ ਦੀ ਸਮਰੱਥਾ ਹੋਵੇਗੀ। ਪੰਜਾਬ ਸਰਕਾਰ ਇਸ ਪ੍ਰਾਜੈਕਟ ਲਈ ਇਨਫੋਸਿਸ ਨੂੰ ਪੂਰਾ ਸਹਿਯੋਗ ਦੇਵੇਗੀ, ਜਿਸ ਨਾਲ ਹੋਰ ਕੰਪਨੀਆਂ ਪੰਜਾਬ ਵਿੱਚ ਨਿਵੇਸ਼ ਕਰਨ ਲਈ ਉਤਸ਼ਾਹਿਤ ਹੋਣਗੀਆਂ ਅਤੇ ਸਾਡੇ ਨੌਜਵਾਨਾਂ ਲਈ ਰੋਜ਼ਗਾਰ ਦੇ ਵਧੇਰੇ ਮੌਕੇ ਪੈਦਾ ਹੋਣਗੇ। ਇਨਫੋਸਿਸ ਦੇ ਆਲਮੀ ਕੱਦ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਨਫੋਸਿਸ ਤਕਨਾਲੋਜੀ ਅਤੇ ਡਿਜੀਟਲ ਸੇਵਾਵਾਂ ਵਿੱਚ ਵਿਸ਼ਵ ਪੱਧਰ ▾ਤੇ ਮਸ਼ਹੂਰ ਕੰਪਨੀ ਹੈ ਅਤੇ ਇਸ ਵੇਲੇ ਦੁਨੀਆ ਭਰ ਵਿੱਚ ਇਸ ਦੇ 3,37,034 ਕਰਮਚਾਰੀ ਹਨ। ਵਿੱਤੀ ਸਾਲ 2025-26 ਵਿੱਚ ਕੰਪਨੀ ਨੇ ਪਹਿਲੇ ਨੌਂ ਮਹੀਨਿਆਂ ਵਿੱਚ 15.12 ਅਰਬ ਡਾਲਰ ਦੀ ਆਮਦਨ ਰਿਕਾਰਡ ਕੀਤੀ ਹੈ। ਇਸ ਨਾਲ ਪੰਜਾਬ ਹੁਣ ਵਿਸ਼ਵ ਉਦਯੋਗਿਕ




ਨਕਸ਼ੇ ▾ਤੇ ਉਭਰਿਆ ਹੈ।÷ ਮੁੱਖ ਮੰਤਰੀ ਨੇ ਇਹ ਵੀ ਸਾਂਝਾ ਕੀਤਾ, "20 ਮਾਰਚ ਨੂੰ 3,200 ਕਰੋੜ ਦੇ ਨਿਵੇਸ਼ ਨਾਲ ਦੇਸ਼ ਦੇ ਦੂਜੇ ਸਭ ਤੋਂ ਵੱਡੇ ਟਾਟਾ ਸਟੀਲ ਪ੍ਰਾਜੈਕਟ ਦਾ ਉਦਘਾਟਨ ਲੁਧਿਆਣਾ ਵਿੱਚ ਕੀਤਾ ਜਾਵੇਗਾ। ਇਹ ਪ੍ਰਾਜੈਕਟ 2,500 ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰੇਗਾ ਅਤੇ ਪੰਜਾਬ ਦੇ ਆਰਥਿਕ ਵਿਕਾਸ ਨੂੰ ਤੇਜ਼ ਕਰੇਗਾ।÷ ਉਦਯੋਗਿਕ ਖੇਤਰ ਵਿੱਚ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਪੰਜਾਬ ਸਰਕਾਰ ਦੀਆਂ ਉਦਯੋਗ-ਪੱਖੀ ਨੀਤੀਆਂ, ਭ੍ਰਿਸ਼ਟਾਚਾਰ-ਮੁਕਤ ਸ਼ਾਸਨ ਅਤੇ ਅਨੁਕੂਲ ਵਾਤਾਵਰਨ ਨਿਵੇਸ਼ ਲਈ ਰਾਹ ਪੱਧਰਾ ਕਰ ਰਹੇ ਹਨ। ਭਾਈਚਾਰਕ ਸਾਂਝ, ਭਾਈਚਾਰਾ ਅਤੇ ਸ਼ਾਂਤੀਪੂਰਨ ਵਾਤਾਵਰਨ ਕਾਰਨ ਪੰਜਾਬ ਵਿੱਚ ਉਦਯੋਗਿਕ ਨਿਵੇਸ਼ ਵਿੱਚ ਕਾਫ਼ੀ ਵਾਧਾ ਹੋਇਆ ਹੈ।÷ ਉਨ੍ਹਾਂ ਖੁਲਾਸਾ ਕੀਤਾ ਕਿ ਮਾਰਚ 2022 ਤੋਂ ਪੰਜਾਬ ਨੂੰ 1.55 ਕਰੋੜ ਤੋਂ ਵੱਧ ਦੇ ਨਿਵੇਸ਼ ਪ੍ਰਸਤਾਵ ਪ੍ਰਾਪਤ ਹੋਏ ਹਨ, ਜਿਸ ਨਾਲ 5.44 ਲੱਖ ਨੌਜਵਾਨਾਂ ਲਈ ਰੋਜ਼ਗਾਰ ਪੈਦਾ ਹੋਵੇਗਾ। ਮੁੱਖ ਮੰਤਰੀ ਨੇ ਕਿਹਾ, "ਪੰਜਾਬ ਉਦਯੋਗਿਕ ਅਤੇ ਵਪਾਰ ਵਿਕਾਸ ਨੀਤੀ-2026 ਨਿਵੇਸ਼ਕਾਂ ਨੂੰ ਵੱਡੀ ਸਹੂਲਤ ਮੁਹੱਈਆ ਕਰੇਗੀ, ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰੇਗੀ, ਔਰਤਾਂ ਨੂੰ ਸਸ਼ਕਤ ਬਣਾਏਗੀ ਅਤੇ ਨਵੇਂ ਕਾਰੋਬਾਰ ਸ਼ੁਰੂ ਕਰਨ ਵਿੱਚ ਉੱਦਮੀਆਂ ਦਾ ਸਹਿਯੋਗ ਕਰੇਗੀ। ਉਨ੍ਹਾਂ ਅੱਗੇ ਕਿਹਾ ਕਿ ਨੈਸਲੇ, ਕਲਾਸ, ਫਰੈਡਨਬਰਗ ਗਰੁੱਪ, ਕਾਰਗਿਲ, ਵਰਬੀਓ ਅਤੇ ਡੈਨੋਨ ਵਰਗੀਆਂ ਗਲੋਬਲ ਕੰਪਨੀਆਂ ਪਹਿਲਾਂ ਹੀ ਪੰਜਾਬ ਵਿੱਚ ਆਪਣੀਆਂ ਇਕਾਈਆਂ ਸਥਾਪਤ ਕਰ ਚੁੱਕੀਆਂ ਹਨ, ਜਦੋਂ ਕਿ ਜਾਪਾਨ, ਅਮਰੀਕਾ, ਜਰਮਨੀ, ਯੂਕੇ, ਯੂਏਈ, ਸਵਿਟਜ਼ਰਲੈਂਡ, ਫਰਾਂਸ ਅਤੇ ਸਪੇਨ ਸਮੇਤ ਵਿਕਸਤ ਦੇਸ਼ਾਂ ਤੋਂ ਵੀ ਨਿਵੇਸ਼ ਆ ਰਿਹਾ ਹੈ। ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਉਦਯੋਗਿਕ ਖੇਤਰ ਤਾਂ ਹੀ ਤਰੱਕੀ ਕਰ ਸਕਦਾ ਹੈ, ਜਦੋਂ ਸਰਕਾਰ ਅਤੇ ਉਦਯੋਗ ਇਕੱਠੇ ਕੰਮ ਕਰਨ। ਮੁੱਖ ਮੰਤਰੀ ਨੇ ਕਿਹਾ, "ਮੇਰਾ ਦ੍ਰਿੜ੍ਹ ਵਿਸ਼ਵਾਸ ਹੈ ਕਿ ਉਦਯੋਗਿਕ ਖੇਤਰ ਤਾਂ ਹੀ ਤਰੱਕੀ ਕਰ ਸਕਦਾ ਹੈ, ਜਦੋਂ ਸਰਕਾਰ ਅਤੇ ਉਦਯੋਗ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਨ। ਨਿਵੇਸ਼ਕ ਅਤੇ ਉੱਦਮੀ ਪੰਜਾਬ ਦੇ ਉਦਯੋਗਿਕ ਭਵਿੱਖ ਦੇ ਮੁੱਖ ਨਿਰਮਾਤਾਵਾਂ ਵਿੱਚੋਂ ਇੱਕ ਹਨ। ਨਿਵੇਸ਼ਕਾਂ ਨੂੰ ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸੰਮੇਲਨ ਵਿੱਚ ਹਿੱਸਾ ਲੈਣ ਦਾ ਸੱਦਾ ਦਿੰਦਿਆਂ ਉਨ੍ਹਾਂ ਆਉਣ ਵਾਲੇ ਤਿੰਨ ਦਿਨਾਂ ਨੂੰ ਪੰਜਾਬ ਦੇ ਭਵਿੱਖ ਲਈ ਬੇਹੱਦ ਅਹਿਮ ਦੱਸਿਆ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 13 ਮਾਰਚ ਤੋਂ 15 ਮਾਰਚ ਤੱਕ ਮੁਹਾਲੀ ਵਿੱਚ ਕਰਵਾਇਆ ਜਾ ਰਿਹਾ ਹੈ। ਆਉਣ ਵਾਲੇ ਤਿੰਨ ਦਿਨ ਸੂਬੇ ਲਈ ਬਹੁਤ ਮਹੱਤਵਪੂਰਨ ਹਨ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬੀਆਂ ਨੇ ਸਖ਼ਤ ਮਿਹਨਤ, ਸਮਰਪਣ ਅਤੇ ਦੇਸ਼ ਭਗਤੀ ਦੀ ਅਦੁੱਤੀ ਭਾਵਨਾ ਨਾਲ ਦੇਸ਼ ਦੇ ਆਜ਼ਾਦੀ ਸੰਘਰਸ਼ ਵਿੱਚ ਇਤਿਹਾਸਕ ਯੋਗਦਾਨ ਪਾਇਆ ਅਤੇ ਦੇਸ਼ ਨੂੰ ਅਨਾਜ ਉਤਪਾਦਨ ਵਿੱਚ ਸਵੈ-ਨਿਰਭਰ ਬਣਾਉਣ ਅਤੇ ਦੇਸ਼ ਦੀਆਂ ਸਰਹੱਦਾਂ ਦੀ ਰੱਖਿਆ ਕਰਨ ਲਈ ਮੋਹਰੀ ਭੂਮਿਕਾ ਨਿਭਾਈ। ਮੁੱਖ ਮੰਤਰੀ ਨੇ ਕਿਹਾ, "ਇਨ੍ਹਾਂ ਭੂਮਿਕਾਵਾਂ ਨੂੰ ਯਾਦ ਕਰਨ ਦਾ ਇੱਕੋ-ਇੱਕ ਉਦੇਸ਼ ਸਾਡੀਆਂ ਨੌਜਵਾਨ ਪੀੜ੍ਹੀਆਂ ਨੂੰ ਪੰਜਾਬ ਦੀ ਸ਼ਾਨਦਾਰ ਅਤੇ ਅਮੀਰ ਸੱਭਿਆਚਾਰਕ ਅਤੇ ਇਤਿਹਾਸਕ ਵਿਰਾਸਤ ਤੋਂ ਜਾਣੂ ਕਰਵਾਉਣਾ ਹੈ। ਸੂਬੇ ਦੇ ਭਵਿੱਖ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਇਨਫੋਸਿਸ ਵੱਲੋਂ ਆਪਣੇ ਕੈਂਪਸ ਦੇ ਵਿਸਥਾਰ ਨਾਲ ਪੰਜਾਬ ਅਤੇ ਗੁਆਂਢੀ ਸੂਬਿਆਂ ਦੇ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਹੋਣ ਦੇ ਨਾਲ ਨਾਲ ਤਕਨਾਲੋਜੀ ਅਤੇ ਨਵੀਨਤਾ ਦੇ ਉੱਭਰ ਰਹੇ ਕੇਂਦਰ ਵਜੋਂ ਪੰਜਾਬ ਦੀ ਸਥਿਤੀ ਹੋਰ ਮਜ਼ਬੂਤ ਹੋਵੇਗੀ। ਮੁੱਖ ਮੰਤਰੀ ਨੇ ਕਿਹਾ, "ਇਹ ਨਿਵੇਸ਼ ਪੰਜਾਬ ਅਤੇ ਗੁਆਂਢੀ ਸੂਬਿਆਂ ਦੇ ਨੌਜਵਾਨਾਂ ਲਈ ਰੋਜ਼ਗਾਰ ਦੇ ਮਹੱਤਵਪੂਰਨ ਮੌਕੇ ਪੈਦਾ ਕਰੇਗਾ, ਨਾਲ ਹੀ ਸੂਬੇ ਦੇ ਆਈ.ਟੀ. ਈਕੋਸਿਸਟਮ ਨੂੰ ਮਜ਼ਬੂਤ ਕਰੇਗਾ। ਅਸੀਂ ਉਮੀਦ ਕਰਦੇ ਹਾਂ ਕਿ ਖੇਤਰ ਵਿੱਚ ਤਕਨਾਲੋਜੀ ਆਧਾਰਤ ਅਤੇ ਸਮੁੱਚੇ ਆਰਥਿਕ ਵਿਕਾਸ ਨੂੰ ਯਕੀਨੀ ਬਣਾਉਣ ਲਈ ਇਨਫੋਸਿਸ ਵੱਲੋਂ ਯਤਨ ਜਾਰੀ ਰਹਿਣਗੇ। ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਵਾਜਬ ਬਿਜਲੀ ਦਰਾਂ, ਜ਼ਮੀਨ ਦੀ ਉਪਲਬਧਤਾ ਅਤੇ ਨਿਵੇਸ਼ਕਾਂ ਲਈ ਕਾਰੋਬਾਰ ਪੱਖੀ ਮਾਹੌਲ ਸਿਰਜ ਕੇ ਇੱਕ ਮਜ਼ਬੂਤ ਨਿਵੇਸ਼ ਈਕੋਸਿਸਟਮ ਦੀ ਪੇਸ਼ਕਸ਼ ਕਰਦਾ ਹੈ। ਉਨ੍ਹਾਂ ਕਿਹਾ ਕਿ ਸੂਬਾ ਕਾਰੋਬਾਰ ਕਰਨ ਵਿੱਚ ਆਸਾਨੀ ਵਿੱਚ ਪਹਿਲੇ ਸਥਾਨ 'ਤੇ ਹੈ ਅਤੇ ਪੰਜਾਬ ਵੱਲੋਂ ਪਾਰਦਰਸ਼ੀ ਸਿੰਗਲ ਵਿੰਡੋ ਸਿਸਟਮ ਸਥਾਪਤ ਕੀਤਾ ਗਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਸਰਕਾਰ ਦੇ ਸਖ਼ਤ ਯਤਨਾਂ ਸਦਕਾ, ਪੰਜਾਬ ਰਾਈਟ ਟੂ ਬਿਜਨੈਸ ਐਕਟ ਪਾਸ ਕਰਨ ਵਾਲਾ ਪਹਿਲਾ ਸੂਬਾ ਬਣ ਗਿਆ ਹੈ। ਪੰਜਾਬ ਨੂੰ "ਮੌਕਿਆਂ ਦੀ ਧਰਤੀ"ਦੱਸਦਿਆਂ ਉਨ੍ਹਾਂ ਕਿਹਾ ਕਿ ਵਿਸ਼ਵ ਪ੍ਰਸਿੱਧ ਕੰਪਨੀਆਂ ਸੂਬੇ ਦੀ ਸਥਿਰ ਕਾਨੂੰਨ-ਵਿਵਸਥਾ ਕਾਰਨ ਇੱਥੇ ਆਪਣੇ ਕਾਰੋਬਾਰ ਸਥਾਪਤ ਕਰਨ ਲਈ ਉਤਸੁਕ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮੁਹਾਲੀ ਦੁਨੀਆ ਦਾ ਅਗਲਾ ਉਦਯੋਗਿਕ ਕੇਂਦਰ ਹੋਵੇਗਾ ਕਿਉਂਕਿ ਇੱਥੇ ਅਥਾਹ ਸੰਭਾਵਨਾਵਾਂ ਮੌਜੂਦ ਹਨ। ਮੁਹਾਲੀ ਵਿੱਚ ਇੱਕ ਅੰਤਰਰਾਸ਼ਟਰੀ ਹਵਾਈ ਅੱਡਾ ਮੌਜੂਦ ਹੈ ਅਤੇ ਇਸ ਦੇ 80 ਕਿਲੋਮੀਟਰ ਦੇ ਘੇਰੇ ਵਿੱਚ ਵੱਡੇ ਪੱਧਰ 'ਤੇ ਹੁਨਰਮੰਦ ਨੌਜਵਾਨ ਰਹਿੰਦੇ ਜੋ ਇਸਨੂੰ ਨਿਵੇਸ਼ ਪੱਖੋਂ ਸਭ ਤੋਂ ਢੁਕਵਾਂ ਸਥਾਨ ਬਣਾਉਂਦੇ ਹਨ।÷ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਨੂੰ ਰੋਜ਼ਗਾਰ ਪ੍ਰਦਾਨ ਕਰਨ ਲਈ ਵਚਨਬੱਧ ਹੈ ਤਾਂ ਜੋ ਉਹ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਦੀ ਬਜਾਏ ਬਿਹਤਰ ਕਰੀਅਰ ਚੁਣ ਸਕਣ। ਉਨ੍ਹਾਂ ਕਿਹਾ, ÷ਮੈਂ ਸੂਬੇ ਦੇ ਨੌਜਵਾਨਾਂ ਨੂੰ ਵੱਧ ਤੋਂ ਵੱਧ ਰੋਜ਼ਗਾਰ ਦੇਣਾ ਚਾਹੁੰਦਾ ਹਾਂ ਤਾਂ ਜੋ ਉਹ ਨਸ਼ਿਆਂ ਦੇ ਖਤਰੇ ਤੋਂ ਦੂਰ ਰਹਿਣ। ਵਿਹਲਾ ਮਨ ਸ਼ੈਤਾਨ ਦਾ ਘਰ ਹੁੰਦਾ ਹੈ ਇਸ ਲਈ ਪੰਜਾਬ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਵੱਧ ਤੋਂ ਵੱਧ ਨੌਜਵਾਨਾਂ ਨੂੰ ਨੌਕਰੀਆਂ ਮਿਲਣ ਤਾਂ ਜੋ ਉਹ ਸਮਾਜਿਕ ਖ਼ਤਰਿਆਂ ਦਾ ਸ਼ਿਕਾਰ ਨਾ ਹੋਣ। ਉਨ੍ਹਾਂ ਕਿਹਾ ਕਿ ਸਾਲ 2022 ਤੋਂ ਪਹਿਲਾਂ ਉਦਯੋਗਪਤੀਆਂ ਨੂੰ ਦਬਾਅ ਅਤੇ ਜਬਰੀ ਵਸੂਲੀ ਦਾ ਸਾਹਮਣਾ ਕਰਨਾ ਪੈਂਦਾ ਸੀ, ਜਿਸ ਕਾਰਨ ਬਹੁਤ ਸਾਰੇ ਉਦਯੋਗਾਂ ਨੂੰ ਪੰਜਾਬ ਛੱਡਣ ਲਈ ਮਜਬੂਰ ਹੋਣਾ ਪਿਆ ਜਿਸ ਨਾਲ ਸੂਬੇ ਦੇ ਆਰਥਿਕ ਵਿਕਾਸ ਵਿੱਚ ਵੱਡੀ ਰੁਕਾਵਟ ਆਈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "2022 ਵਿੱਚ ਸੱਤਾ ਸੰਭਾਲਣ ਤੋਂ ਬਾਅਦ ਪੰਜਾਬ ਸਰਕਾਰ ਨੇ ਕਈ ਕ੍ਰਾਂਤੀਕਾਰੀ ਪਹਿਲਕਦਮੀਆਂ ਕੀਤੀਆਂ ਜਿਸ ਕਾਰਨ ਪੰਜਾਬ ਹੁਣ ਹਰ ਖੇਤਰ ਵਿੱਚ ਮੋਹਰੀ ਬਣ ਕੇ ਉਭਰਿਆ ਹੈ। ਇਸ ਮੌਕੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਅਤੇ ਰਾਜ ਸਭਾ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਵੀ ਮੌਜੂਦ ਸਨ।

# ਅਦਾਲਤ ਵੱਲੋਂ ਇਮਾਨਦਾਰੀ ਸਾਬਤ ਹੋਣ ਤੋਂ ਬਾਅਦ ਅਰਵਿੰਦ ਕੇਜਰੀਵਾਲ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਿਆ

## ਆਪ ਆਗੂਆਂ ਨੂੰ ਝੂਠੇ ਦੋਸ਼ ਹੇਠ ਜੇਲ੍ਹ ਭੇਜਿਆ ਗਿਆ, ਪਰ ਅਦਾਲਤ ਨੇ ਸਾਰੇ ਦੋਸ਼ ਖਾਰਜ ਕਰ ਦਿੱਤੇ: ਅਰਵਿੰਦ ਕੇਜਰੀਵਾਲ

ਪੰਕਜ

ਅੰਮ੍ਰਿਤਸਰ, ਅਦਾਲਤ ਵੱਲੋਂ ਦਿੱਲੀ ਸ਼ਰਾਬ ਮਾਮਲੇ ਵਿੱਚ ਲੱਗੇ ਸਾਰੇ ਦੋਸ਼ਾਂ ਨੂੰ ਖਾਰਜ ਕਰਨ ਅਤੇ 'ਕੱਟੜ ਇਮਾਨਦਾਰ' ਵਜੋਂ ਆਪਣੀ ਇਮਾਨਦਾਰੀ ਦੀ ਸ਼ਾਖ ਬਰਕਰਾਰ ਰੱਖਣ ਤੋਂ ਬਾਅਦ ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਆਪਣੀ ਪਤਨੀ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਅਰਦਾਸ ਕੀਤੀ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕੀਤਾ। ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਉਨ੍ਹਾਂ ਦੀ ਪਤਨੀ ਸਮੇਤ ਹੋਰ ਪਤਵੰਤਿਆਂ ਨੇ ਵੀ ਦਰਬਾਰ ਸਾਹਿਬ ਵਿਖੇ ਮੱਥਾ ਟੇਕਿਆ। ਇਸ ਮੌਕੇ 'ਆਪ' ਸੁਪਰੀਮੋ ਨੇ ਕਿਹਾ ਕਿ 'ਆਪ' ਦੀ ਲੀਡਰਸ਼ਿਪ 'ਤੇ ਝੂਠੇ ਦੋਸ਼ ਲਗਾਉਣ ਅਤੇ ਸਿਆਸੀ ਚਿੱਕੜ ਉਛਾਲਣ ਦੀ ਸੋਚੀ ਸਮਝੀ ਮੁਹਿੰਮ ਚਲਾਈ ਗਈ ਸੀ, ਜਿਸ ਤਹਿਤ ਪਾਰਟੀ ਦੇ ਪੰਜ ਪ੍ਰਮੁੱਖ ਆਗੂਆਂ ਨੂੰ ਫਰਜ਼ੀ ਦੋਸ਼ਾਂ ਹੇਠ ਕੈਦ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਇੱਕ ਮੌਜੂਦਾ ਮੁੱਖ ਮੰਤਰੀ ਨੂੰ ਵੀ ਅੱਧੀ ਰਾਤ ਨੂੰ ਉਨ੍ਹਾਂ ਦੀ ਰਿਹਾਇਸ਼ ਤੋਂ ਘਸੀਟ ਕੇ ਜੇਲ੍ਹ ਸੁੱਟ ਦਿੱਤਾ ਗਿਆ ਸੀ ਪਰ ਅਦਾਲਤ ਨੇ ਮੁਕੱਦਮਾ ਚਲਾਉਣ ਲਈ ਲੋੜੀਂਦੇ ਸਬੂਤਾਂ ਦੀ ਅਣਹੋਂਦ ਕਾਰਨ ਸਾਰੇ ਦੋਸ਼ਾਂ ਨੂੰ ਰੱਦ ਕਰ ਦਿੱਤਾ ਅਤੇ ਉਨ੍ਹਾਂ ਨੂੰ ਪੂਰੀ ਰਾਹਤ ਦਿੱਤੀ। ਮੀਡੀਆ ਨਾਲ ਗੱਲਬਾਤ ਦੌਰਾਨ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ, ਇਹ ਵਾਹਿਗੁਰੂ ਦੀ ਕਿਰਪਾ ਅਤੇ ਅਸ਼ੀਰਵਾਦ ਤੋਂ ਬਿਨਾਂ ਨਹੀਂ ਹੋ ਸਕਦਾ ਸੀ। ਮੈਂ ਪਹਿਲਾਂ ਵੀ ਕਈ ਵਾਰ ਦਰਬਾਰ ਸਾਹਿਬ ਆਇਆ ਹਾਂ ਅਤੇ ਵਾਹਿਗੁਰੂ ਦਾ ਆਸ਼ੀਰਵਾਦ ਲਿਆ ਹੈ। ਹੁਣ ਜਦੋਂ ਸਾਡਾ ਸਨਮਾਨ ਬਹਾਲ ਹੋ ਗਿਆ ਹੈ ਅਤੇ ਅਸੀਂ ਸਾਰੇ ਦੋਸ਼ਾਂ ਤੋਂ ਮੁਕਤ ਹੋ ਗਏ ਹਾਂ, ਅੱਜ ਮੈਂ, ਮੇਰੀ ਪਤਨੀ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਉਨ੍ਹਾਂ ਦੀ ਪਤਨੀ ਸਾਡੇ ਪਰਿਵਾਰਾਂ ਸਮੇਤ ਵਾਹਿਗੁਰੂ ਅੱਗੇ ਨਤਮਸਤਕ ਹੋਣ ਅਤੇ ਸ਼ੁਕਰਾਨਾ ਕਰਨ ਲਈ ਆਏ ਹਾਂ। ਵਾਹਿਗੁਰੂ ਸਾਡਾ ਮਾਰਗਦਰਸ਼ਨ ਕਰਦੇ ਰਹਿਣ ਅਤੇ ਸਾਡੇ 'ਤੇ ਆਪਣੀਆਂ ਅਸੀਸਾਂ ਵਰ੍ਹਾਉਂਦੇ ਰਹਿਣ। ਵਾਹਿਗੁਰੂ ਨੇ ਸਾਨੂੰ ਲੋਕਾਂ ਦੀ ਸੇਵਾ ਕਰਨ ਦੀ ਬਹੁਤ ਵੱਡੀ ਜ਼ਿੰਮੇਵਾਰੀ ਦਿੱਤੀ ਹੈ ਅਤੇ ਅਸੀਂ ਉਸੇ ਭਾਵਨਾ ਨਾਲ ਲੋਕਾਂ ਦੀ ਸੇਵਾ ਕਰਦੇ ਰਹਾਂਗੇ। 'ਆਪ' ਸੁਪਰੀਮੋ ਨੇ ਕਿਹਾ, ਪਿਛਲੇ ਚਾਰ ਸਾਲਾਂ ਤੋਂ ਸਾਡੀ ਸਰਕਾਰ ਵੱਲੋਂ ਪੰਜਾਬ ਵਿੱਚ ਅਹਿਮ ਪਹਿਲਕਦਮੀਆਂ ਕੀਤੀਆਂ ਗਈਆਂ ਹਨ। ਸਰਕਾਰ ਵੱਲੋਂ ਸਕੂਲਾਂ, ਹਸਪਤਾਲਾਂ, ਸਿਹਤ ਸੰਭਾਲ ਲਈ ਕ੍ਰਾਂਤੀਕਾਰੀ ਕਦਮ ਚੁੱਕੇ ਗਏ ਹਨ ਅਤੇ ਹੁਣ ਔਰਤਾਂ ਦੀ ਭਲਾਈ ਲਈ ਕਦਮ ਚੁੱਕੇ ਗਏ ਹਨ। ਜਦੋਂ ਸਾਨੂੰ ਲੋਕਾਂ ਦਾ ਆਸ਼ੀਰਵਾਦ ਮਿਲਦਾ ਹੈ ਤਾਂ ਹੀ ਸਾਡੇ ਵਰਗੇ ਆਮ ਲੋਕ ਸਭ ਕੁਝ ਪ੍ਰਾਪਤ ਕਰਨ ਦੇ ਯੋਗ ਹੁੰਦੇ ਹਨ। ਨਹੀਂ ਤਾਂ, ਅਜਿਹੇ ਤਾਕਤਵਰ ਲੋਕਾਂ ਦੇ ਸਾਹਮਣੇ ਸਾਡੇ ਵਰਗੇ ਆਮ ਲੋਕਾਂ ਦਾ ਕੋਈ ਸਟੈਂਡ ਨਹੀਂ ਹੁੰਦਾ। ਅਸੀਂ ਮਜ਼ਬੂਤੀ ਨਾਲ ਖੜ੍ਹੇ ਹੋਣ ਦੇ ਯੋਗ ਹਾਂ ਕਿਉਂਕਿ ਵਾਹਿਗੁਰੂ ਦੀਆਂ ਅਸੀਸਾਂ ਸਾਡੇ ਨਾਲ ਹਨ ਅਤੇ ਅਸੀਂ ਸੱਚ ਦੇ ਰਾਹ 'ਤੇ ਚੱਲ ਰਹੇ ਹਾਂ। ਅਰਵਿੰਦ ਕੇਜਰੀਵਾਲ ਨੇ ਕਿਹਾ, ਪੰਜਾਬ ਵਿੱਚ ਅਜੇ ਵੀ ਬਹੁਤ ਕੁਝ ਕਰਨਾ ਬਾਕੀ ਹੈ। ਜੇਕਰ ਅਸੀਂ ਚਾਰ ਵਾਅਦੇ ਕਰੀਏ ਅਤੇ ਬਦਲੇ ਵਿੱਚ ਸੱਤ ਜਾਂ ਅੱਠ ਕੰਮ ਕਰ ਦਈਏ ਤਾਂ ਇਹ ਮਹਾਨਤਾ ਨੂੰ ਦਰਸਾਉਂਦਾ



ਹੈ। ਪਰ ਅੱਠ ਵਾਅਦੇ ਕਰਨ ਅਤੇ ਸਿਰਫ਼ ਚਾਰ ਪੂਰੇ ਕਰਨ ਵਿੱਚ ਕੋਈ ਮਹਾਨਤਾ ਨਹੀਂ ਹੈ। ਸਾਡੇ ਵੱਲੋਂ ਕੀਤੇ ਗਏ ਸਾਰੇ ਵਾਅਦੇ ਪੂਰੇ ਹੋ ਗਏ ਹਨ। ਅਗਲੇ ਸਾਲ ਲਈ ਮਾਨ ਸਾਹਿਬ ਅਤੇ ਉਨ੍ਹਾਂ ਦੀ ਪੂਰੀ ਟੀਮ ਵੱਲੋਂ ਵਿਆਪਕ ਯੋਜਨਾ ਉਲੀਕੀ ਗਈ ਹੈ। ਹੁਣ ਪੰਜਾਬ ਨੂੰ ਅਗਲੇ ਪੱਧਰ 'ਤੇ ਲਿਜਾਣਾ ਹੈ। ਬੁਨਿਆਦੀ ਢਾਂਚੇ ਅਤੇ ਨੌਜਵਾਨਾਂ ਨੂੰ ਰੋਜ਼ਗਾਰ ਪ੍ਰਦਾਨ ਕਰਨ ਲਈ ਅਜੇ ਬਹੁਤ ਕੰਮ ਕਰਨੇ ਬਾਕੀ ਹਨ। ਉਨ੍ਹਾਂ ਕਿਹਾ, ਸ਼ੁੱਕਰਵਾਰ ਤੋਂ ਪੰਜਾਬ ਨਿਵੇਸ਼ਕ ਸੰਮੇਲਨ ਸ਼ੁਰੂ ਹੋ ਰਿਹਾ ਹੈ ਅਤੇ ਹੁਣ ਬਹੁਤ ਸਾਰੇ ਉਦਯੋਗ ਪੰਜਾਬ ਵਿੱਚ ਆਉਣੇ ਸ਼ੁਰੂ ਹੋ ਗਏ ਹਨ। ਦੇਸ਼ ਭਰ ਦੇ ਵੱਡੇ ਉਦਯੋਗਪਤੀ ਪੰਜਾਬ ਵਿੱਚ ਨਿਵੇਸ਼ ਕਰਨ ਵਿੱਚ ਦਿਲਚਸਪੀ ਦਿਖਾ ਰਹੇ ਹਨ। ਪੰਜਾਬ ਦੇ ਤਿੰਨ ਕਰੋੜ ਲੋਕਾਂ ਨਾਲ ਮਿਲ ਕੇ ਅਸੀਂ ਸੂਬੇ ਨੂੰ ਨਵੀਆਂ ਬੁਲੰਦੀਆਂ 'ਤੇ ਲੈ ਜਾਵਾਂਗੇ। ਅਰਵਿੰਦ ਕੇਜਰੀਵਾਲ ਨੇ ਆਪਣੇ ਐਕਸ ਹੈਂਡਲ 'ਤੇ ਇਹ ਵੀ ਲਿਖਿਆ, ਵੀਰਵਾਰ ਨੂੰ ਭਗਵੰਤ ਸਿੰਘ ਮਾਨ ਅਤੇ ਮੈਂ ਆਪਣੇ ਪਰਿਵਾਰਾਂ ਸਮੇਤ ਸ੍ਰੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ। ਮੇਰੇ ਅਤੇ ਮੇਰੀ ਪਾਰਟੀ ਦੇ ਕਈ ਆਗੂਆਂ 'ਤੇ ਝੂਠੇ ਦੋਸ਼ ਲਗਾਏ ਗਏ ਸਨ। ਅਦਾਲਤ ਨੇ ਸਾਰੇ ਦੋਸ਼ਾਂ ਨੂੰ ਖਾਰਜ ਕਰ ਦਿੱਤਾ ਅਤੇ ਸਪੱਸ਼ਟ ਤੌਰ 'ਤੇ ਕਿਹਾ ਕਿ ਮੁਕੱਦਮਾ ਚਲਾਉਣ ਲਈ ਇਹ ਸਬੂਤ ਕਾਫੀ ਨਹੀਂ ਹਨ। ਸੱਚ ਦੀ ਇਹ ਜਿੱਤ ਵਾਹਿਗੁਰੂ ਦੀ ਕਿਰਪਾ ਤੋਂ ਬਿਨਾਂ ਸੰਭਵ ਨਹੀਂ ਸੀ। ਸੱਚ ਦੇ ਮਾਰਗ 'ਤੇ ਚੱਲਣ ਵਾਲਿਆਂ ਨੂੰ ਹਮੇਸ਼ਾ ਗੁਰੂ ਦਾ ਆਸ਼ੀਰਵਾਦ ਮਿਲਦਾ ਹੈ। ਇਸ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਹਾਲ ਹੀ ਦੇ ਦਿਨਾਂ ਵਿੱਚ ਦਿੱਲੀ ਦੀ ਇੱਕ ਅਦਾਲਤ ਵੱਲੋਂ ਸੱਚਾਈ ਦਾ ਫੈਸਲਾ ਆਇਆ ਹੈ ਕਿ ਆਮ ਆਦਮੀ ਪਾਰਟੀ ਦੇ ਚੋਟੀ ਦੇ ਆਗੂਆਂ ਉੱਤੇ ਲਗਾਏ ਗਏ ਦੋਸ਼, ਜਿਸ ਲਈ ਉਨ੍ਹਾਂ ਨੂੰ ਜੇਲ੍ਹ ਭੇਜਿਆ ਗਿਆ ਸੀ, ਪੂਰੀ ਤਰ੍ਹਾਂ ਝੂਠੇ ਸਨ। ਅਦਾਲਤ ਨੇ ਕਿਹਾ ਕਿ ਮੁਕੱਦਮਾ ਜਾਰੀ ਰੱਖਣ ਲਈ ਇਹ ਸੂਬਤ ਕਾਫੀ ਨਹੀਂ ਸਨ। ਉਹ ਇਹ ਨਹੀਂ ਕਹਿ ਰਹੇ ਹਨ ਕਿ ਆਗੂਆਂ ਨੂੰ ਮੁਕੱਦਮੇ ਤੋਂ ਬਾਅਦ ਬਰੀ ਕਰ ਦਿੱਤਾ ਗਿਆ ਹੈ, ਸਗੋਂ ਉਹ ਕਹਿ ਰਹੇ ਹਨ ਕਿ ਮਾਮਲਾ ਕਦੇ ਸ਼ੁਰੂ ਹੀ ਨਹੀਂ ਹੋਇਆ ਅਤੇ ਕੋਈ ਟਰਾਇਲ ਹੀ ਨਹੀਂ ਹੋਇਆ। ਇਸ ਲਈ ਆਪ ਲਈ ਸੱਚ ਦੀ ਇਸ ਕਿਰਨ ਵਾਸਤੇ ਸ਼ੁਕਰਾਨੇ ਵਜੋਂ ਅਸੀਂ ਅੱਜ ਆਪਣਾ ਸਿਰ ਝੁਕਾਉਣ ਅਤੇ ਪ੍ਰਾਰਥਨਾ ਕਰਨ ਲਈ ਆਏ ਹਾਂ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਸੀਂ ਪੰਜਾਬ ਲਈ ਚੜ੍ਹਦੀ ਕਲਾ ਅਤੇ ਸਾਰਿਆਂ ਦੀ ਭਲਾਈ ਲਈ ਅਰਦਾਸ ਕੀਤੀ ਹੈ ਅਤੇ ਪਰਮਾਤਮਾ ਅੱਗੇ ਬੇਨਤੀ ਕੀਤੀ ਹੈ ਕਿ ਉਹ ਸਾਨੂੰ ਲੋਕ ਸੇਵਾ ਦੀ ਜ਼ਿੰਮੇਵਾਰੀ ਨੂੰ ਪੂਰਾ ਕਰਨ ਲਈ ਬਲ ਅਤੇ ਤਾਕਤ ਬਖ਼ਸ਼ੇ। ਸਾਡੀ ਸਰਕਾਰ ਦੇ ਲਗਭਗ ਚਾਰ ਸਾਲ ਪੂਰੇ ਹੋਣ ਵਾਲੇ ਹਨ ਅਤੇ ਬਜਟ ਸੈਸ਼ਨ ਵੀ ਚੱਲ ਰਿਹਾ ਹੈ। ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਅਤੇ ਇਸਦੇ ਵਿਕਾਸ ਵਾਸਤੇ ਲੋਕ-ਪੱਖੀ ਬਜਟ ਪੇਸ਼ ਕੀਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਸੰਕਲਪ ਨਾਲ ਕਿ ਅਸੀਂ ਸਾਰੇ ਪੰਜਾਬ ਨੂੰ ਮੋਹਰੀ ਸੂਬਾ ਬਣਾਉਣ ਵਿੱਚ ਤਹਿ ਦਿਲੋਂ ਯੋਗਦਾਨ ਪਾਵਾਂਗੇ, ਅਸੀਂ ਅੱਜ ਆਪਣੇ ਪਰਿਵਾਰਾਂ ਸਮੇਤ ਪਰਮਾਤਮਾ ਦਾ ਧੰਨਵਾਦ ਕਰਨ ਲਈ ਆਏ ਹਾਂ। ਪੰਜਾਬ ਦੇ ਮੁੱਖ ਮੰਤਰੀ ਨੇ ਕਿਹਾ ਕਿ ਅਸੀਂ ਅਰਦਾਸ ਕਰਦੇ ਹਾਂ ਕਿ ਪਰਮਾਤਮਾ ਸਾਨੂੰ ਸੱਚਾਈ ਅਤੇ ਇਮਾਨਦਾਰੀ ਦੇ ਮਾਰਗ 'ਤੇ ਚੱਲਣ ਦੀ ਤਾਕਤ ਦੇਵੇ ਤਾਂ ਜੋ ਅਸੀਂ ਦੇਸ਼ ਅਤੇ ਸਮਾਜ ਦੀ ਸੇਵਾ ਕਰ ਸਕੀਏ। ਉਨ੍ਹਾਂ ਅੱਗੇ ਕਿਹਾ ਕਿ ਜਿਵੇਂ ਹੀ ਅਸੀਂ ਦਰਬਾਰ ਸਾਹਿਬ ਦੇ ਗਲਿਆਰੇ ਵਿੱਚ ਦਾਖਲ ਹੋਏ ਤਾਂ ਇਹ ਸ਼ਬਦ ਪੜ੍ਹੇ ਜਾ ਰਹੇ ਸਨ ਕਿ ਜੇਕਰ ਪਰਮਾਤਮਾ ਤੁਹਾਡੇ ਨਾਲ ਹੈ, ਤਾਂ ਤੁਹਾਨੂੰ ਕਿਸੇ ਵੀ ਚੀਜ਼ ਤੋਂ ਡਰਨ ਦਾ ਕੋਈ ਲੋੜ ਨਹੀਂ। ਉਨ੍ਹਾਂ ਅੱਗੇ ਕਿਹਾ ਕਿ ਅਸੀਂ ਹਮੇਸ਼ਾ ਵਾਹਿਗੁਰੂ ਅੱਗੇ ਝੁਕਣ ਵਾਲੇ ਲੋਕ ਹਾਂ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਪੰਜਾਬ ਵਿੱਚ ਕਿਸਾਨਾਂ ਦੀਆਂ ਖੁਦਕੁਸ਼ੀਆਂ ਦੇ ਮਾਮਲਿਆਂ ਵਿੱਚ ਭਾਰੀ ਗਿਰਾਵਟ ਆਈ ਹੈ। ਸਰਕਾਰ ਨੂੰ ਪ੍ਰਾਪਤ ਹੋਈ ਤਾਜ਼ਾ ਰਿਪੋਰਟ ਅਨੁਸਾਰ ਖੁਦਕੁਸ਼ੀਆਂ ਵਿੱਚ ਲਗਾਤਾਰ ਕਮੀ ਆ ਰਹੀ ਹੈ ਕਿਉਂਕਿ ਨਹਿਰੀ ਪਾਣੀ ਹੁਣ ਖੇਤਾਂ ਤੱਕ ਪਹੁੰਚ ਰਿਹਾ ਹੈ। 16 ਮਾਰਚ 2022 ਨੂੰ ਪਾਣੀ ਸਿਰਫ਼ 21 ਫ਼ੀਸਦ ਖੇਤਾਂ ਤੱਕ ਪਹੁੰਚਿਆ ਸੀ, ਜਦੋਂ ਕਿ ਅੱਜ ਮਾਰਚ 2026 ਵਿੱਚ ਇਹ ਲਗਭਗ 75 ਤੋਂ 80 ਫ਼ੀਸਦ ਤੱਕ ਪਹੁੰਚ ਗਿਆ ਹੈ। ਬਿਜਲੀ ਬੋਰਡ ਨੇ ਖੁਦ ਐਲਾਨ ਕੀਤਾ ਹੈ ਕਿ ਉਹ ਟੈਰਿਫ ਘਟਾ ਸਕਦਾ ਹੈ। ਬਿਜਲੀ ਦੀ ਖਪਤ ਘੱਟ ਗਈ ਹੈ ਅਤੇ ਦਿਨ ਵੇਲੇ ਬਿਜਲੀ ਸਪਲਾਈ ਕੀਤੀ ਜਾ ਰਹੀ ਹੈ। ਕਿਸਾਨਾਂ ਨੂੰ ਐਮਐਸਪੀ ਵੀ ਮਿਲ ਰਿਹਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬੁੱਧਵਾਰ ਨੂੰ ਪੰਜਾਬ ਸਰਕਾਰ ਨੇ ਵਿਧਾਨ ਸਭਾ ਵਿੱਚ ਇੱਕ ਮਤਾ ਵੀ ਲਿਆਂਦਾ ਜਿਸ ਵਿੱਚ ਖੇਤੀਬਾੜੀ ਨੂੰ ਪ੍ਰਸਤਾਵਿਤ ਭਾਰਤ-ਅਮਰੀਕਾ ਸਮਝੌਤੇ ਤੋਂ ਬਾਹਰ ਰੱਖਣ ਦੀ ਮੰਗ ਕੀਤੀ ਗਈ। ਉਨ੍ਹਾਂ ਅੱਗੇ ਕਿਹਾ ਕਿ ਜੇਕਰ ਖੇਤੀਬਾੜੀ ਨੂੰ ਇਸ ਸਮਝੌਤੇ ਤੋਂ ਬਾਹਰ ਨਹੀਂ ਰੱਖਿਆ ਜਾਂਦਾ ਤਾਂ ਸਾਡਾ ਕਿਸਾਨ ਜੋ ਇਸ ਸਮੇਂ ਆਪਣੇ ਖੇਤ ਦਾ ਮਾਲਕ ਹੈ, ਸਿਰਫ਼ ਇੱਕ ਗਾਹਕ ਬਣ ਕੇ ਰਹਿ ਜਾਵੇਗਾ। ਉਸਨੂੰ ਬੀਜਾਂ ਲਈ ਬਾਹਰੀ ਬਾਜ਼ਾਰਾਂ 'ਤੇ ਨਿਰਭਰ ਹੋਣਾ ਪਵੇਗਾ ਅਤੇ ਇਹ ਸੰਯੁਕਤ ਰਾਜ ਤੋਂ ਆਉਣ ਵਾਲੇ ਸਸਤੇ ਅਨਾਜ ਜਾਂ ਮੱਕੀ ਨਾਲ ਮੁਕਾਬਲਾ ਨਹੀਂ ਕਰ ਸਕੇਗਾ। ਅਮਰੀਕਾ ਵਿੱਚ ਔਸਤਨ ਫਾਰਮ ਦਾ ਆਕਾਰ 500 ਏਕੜ ਹੈ, ਜਦੋਂ ਕਿ ਇੱਥੇ ਇਹ ਲਗਭਗ ਢਾਈ ਏਕੜ ਹੈ। ਅਜਿਹੀ ਸਥਿਤੀ ਵਿੱਚ ਮੁਕਾਬਲਾ ਸੰਭਵ ਨਹੀਂ ਹੈ। ਉਨ੍ਹਾਂ ਅੱਗੇ ਕਿਹਾ ਕਿ ਪ੍ਰਧਾਨ ਮੰਤਰੀ ਨੂੰ ਅਜਿਹੇ ਕਿਸਾਨ ਵਿਰੋਧੀ ਫੈਸਲੇ ਨਹੀਂ ਲੈਣੇ ਚਾਹੀਦੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਦੱਸਿਆ ਕਿ ਇਨਵੈਸਟ ਪੰਜਾਬ ਸੰਮੇਲਨ 13 ਮਾਰਚ ਨੂੰ ਸ਼ੁਰੂ ਹੋਵੇਗਾ ਅਤੇ 15 ਮਾਰਚ ਤੱਕ ਜਾਰੀ ਰਹੇਗਾ। ਉਨ੍ਹਾਂ ਅੱਗੇ ਦੱਸਿਆ ਕਿ ਨਿਵੇਸ਼ਕ ਨਾ ਸਿਰਫ਼ ਦੇਸ਼ ਭਰ ਤੋਂ ਸਗੋਂ ਜਾਪਾਨ, ਕੋਰੀਆ, ਯੂਕੇ, ਫਰਾਂਸ ਅਤੇ ਸਵਿਟਜ਼ਰਲੈਂਡ ਵਰਗੇ ਦੇਸ਼ਾਂ ਤੋਂ ਵੀ ਆ ਰਹੇ ਹਨ। ਪਹਿਲੀ ਵਾਰ ਉਹ ਪੰਜਾਬ ਵਿੱਚ ਫੈਕਟਰੀਆਂ ਸਥਾਪਤ ਕਰਨ ਅਤੇ ਭਾਰਤੀ ਕੰਪਨੀਆਂ ਨਾਲ ਸਾਂਝੇਦਾਰੀ ਵਿੱਚ ਵੱਡੇ ਪਲਾਂਟ ਸਥਾਪਤ ਕਰਨ ਵਿੱਚ ਦਿਲਚਸਪੀ ਦਿਖਾ ਰਹੇ ਹਨ। 20 ਮਾਰਚ ਨੂੰ ਟਾਟਾ ਸਟੀਲ ਪਲਾਂਟ ਦਾ ਉਦਘਾਟਨ ਕੀਤਾ ਜਾਵੇਗਾ ਅਤੇ ਉਤਪਾਦਨ ਸ਼ੁਰੂ ਹੋਵੇਗਾ। ਜਮਸ਼ੇਦਪੁਰ ਤੋਂ ਬਾਅਦ ਇਹ ਦੇਸ਼ ਦਾ ਦੂਜਾ ਸਭ ਤੋਂ ਵੱਡਾ ਸਟੀਲ ਪਲਾਂਟ ਹੋਵੇਗਾ, ਜਿਸ ਨੂੰ ਪੰਜਾਬ ਵਿੱਚ ਲਗਾਇਆ ਜਾ ਰਿਹਾ ਹੈ



# ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਵਿਆਪਕ ਸੰਭਾਵਨਾਵਾਂ ਨਾਲ 13 ਤੋਂ 15 ਮਾਰਚ ਤੱਕ ਮੋਹਾਲੀ ਵਿਖੇ ਕਰਵਾਇਆ ਜਾਵੇਗਾ: ਸੰਜੀਵ ਅਰੋੜਾ

## ਨਿਵੇਸ਼ ਸਮਾਗਮ ਵਿੱਚ ਯੂ.ਕੇ., ਜਾਪਾਨ ਅਤੇ ਦੱਖਣੀ ਕੋਰੀਆ ਦੇਸ਼ਾਂ 'ਤੇ ਕੇਂਦ੍ਰਿਤ 89 ਵਿਸ਼ੇਸ਼ ਸੈਸ਼ਨ ਵੀ ਹੋਣਗੇ ਸ਼ਾਮਲ

ਕੈਪਟਨ ਸੁਭਾਸ਼ ਚੰਦਰ ਸ਼ਰਮਾ

ਚੰਡੀਗੜ੍ਹ, ਉਦਯੋਗ ਅਤੇ ਵਣਜ, ਨਿਵੇਸ਼ ਪ੍ਰੋਤਸਾਹਨ, ਬਿਜਲੀ ਅਤੇ ਸਥਾਨਕ ਸਰਕਾਰਾਂ ਬਾਰੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਅੱਜ ਐਲਾਨ ਕੀਤਾ ਕਿ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਪਲਾਕਸ਼ਾ

## ਅਰਵਿੰਦ ਕੇਜਰੀਵਾਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕੱਲ੍ਹ ਸੰਮੇਲਨ ਦਾ ਉਦਘਾਟਨ ਕਰਨਗੇ: ਸੰਜੀਵ ਅਰੋੜਾ

ਯੂਨੀਵਰਸਿਟੀ, ਐਸਏਐਸ ਨਗਰ (ਮੋਹਾਲੀ) ਵਿਖੇ 13 ਤੋਂ 15 ਮਾਰਚ ਤੱਕ ਕਰਵਾਇਆ ਜਾਵੇਗਾ, ਜੋ ਪੰਜਾਬ ਨੂੰ ਨਿਵੇਸ਼ ਅਤੇ ਨਵੀਨਤਾ ਲਈ ਇੱਕ ਪ੍ਰਮੁੱਖ ਸਥਾਨ ਵਜੋਂ ਸਥਾਪਿਤ ਕਰੇਗਾ। ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਸੰਮੇਲਨ ਭਾਰਤ ਅਤੇ ਵਿਸ਼ਵ ਭਰ ਦੇ ਨਿਵੇਸ਼ਕਾਂ, ਉਦਯੋਗਪਤੀਆਂ ਅਤੇ ਨੀਤੀ ਨਿਰਮਾਤਾਵਾਂ ਨੂੰ ਪੰਜਾਬ ਦੇ ਵਿਆਪਕ ਨਿਵੇਸ਼ ਮੌਕਿਆਂ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਪ੍ਰਮੁੱਖ ਪਲੇਟਫਾਰਮ ਵਜੋਂ ਕੰਮ ਕਰੇਗਾ। ਇਸ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਦਯੋਗ ਅਤੇ ਵਣਜ, ਨਿਵੇਸ਼ ਪ੍ਰੋਤਸਾਹਨ, ਬਿਜਲੀ ਅਤੇ ਸਥਾਨਕ ਸਰਕਾਰਾਂ ਕੈਬਨਿਟ ਮੰਤਰੀ ਸ੍ਰੀ ਸੰਜੀਵ ਅਰੋੜਾ ਨੇ ਕਿਹਾ ਕਿ ਇਸ ਸੰਮੇਲਨ ਵਿੱਚ 89 ਸੈਸ਼ਨ ਹੋਣਗੇ ਅਤੇ ਇਹ ਸੂਬੇ ਭਰ ਦੇ ਹੁਣ ਤੱਕ ਦੇ ਸਭ ਤੋਂ ਵਿਆਪਕ ਨਿਵੇਸ਼ ਸਮਾਗਮਾਂ ਵਿੱਚੋਂ ਇੱਕ ਹੋਵੇਗਾ। ਉਨ੍ਹਾਂ ਦੱਸਿਆ ਕਿ ਇਸ ਸੰਮੇਲਨ ਵਿੱਚ ਯੂਨਾਈਟਿਡ ਕਿੰਗਡਮ, ਜਾਪਾਨ ਅਤੇ ਦੱਖਣੀ ਕੋਰੀਆ ਦੇਸ਼ਾਂ 'ਤੇ ਕੇਂਦ੍ਰਿਤ ਸੈਸ਼ਨ ਹੋਣਗੇ ਅਤੇ ਇਸ ਦੇ ਨਾਲ ਹੀ ਇੱਕ ਸਮਰਪਿਤ ਐਮਐਸਐਮਈ ਸੈਸ਼ਨ ਵੀ ਹੋਵੇਗਾ। ਸੈਕਟਰਲ ਇੰਡਸਟਰੀ ਕਮੇਟੀਆਂ ਦੀਆਂ ਮੀਟਿੰਗਾਂ ਤੋਂ ਇਲਾਵਾ ਆਈਟੀ ਹੱਬ ਵਜੋਂ ਉੱਭਰ ਰਹੇ ਮੋਹਾਲੀ ਦੀ ਭੂਮਿਕਾ, ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਵੱਖ-ਵੱਖ ਉਦਯੋਗਿਕ ਖੇਤਰਾਂ 'ਤੇ ਵਿਸ਼ੇਸ਼ ਸੈਸ਼ਨ ਵੀ ਕਰਵਾਏ ਜਾਣਗੇ। ਸੰਮੇਲਨ ਦੌਰਾਨ ਇੱਕ ਉਦਯੋਗਿਕ ਪ੍ਰਦਰਸ਼ਨੀ ਵੀ ਕਰਵਾਈ ਜਾਵੇਗੀ ਜਿੱਥੇ ਪੰਜਾਬ ਦੇ ਉਦਯੋਗਾਂ ਦੇ ਉਤਪਾਦਾਂ ਅਤੇ ਨਵੀਨਤਾਵਾਂ ਨੂੰ ਪ੍ਰਦਰਸ਼ਿਤ ਕੀਤਾ ਜਾਵੇਗਾ ਅਤੇ ਇਸ ਜ਼ਰੀਏ ਸੂਬੇ ਦੀ ਨਿਰਮਾਣ ਸਮਰਥਾ ਅਤੇ ਉੱਦਮੀ ਭਾਵਨਾ ਉਜਾਗਰ ਕੀਤੀ ਜਾਵੇਗੀ। ਸ੍ਰੀ ਅਰੋੜਾ ਨੇ ਦੱਸਿਆ ਕਿ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਮੁੱਖ ਮਹਿਮਾਨ ਹੋਣਗੇ, ਜਦੋਂ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਕੱਲ੍ਹ ਸਵੇਰੇ 10:30 ਵਜੇ ਸੰਮੇਲਨ ਦਾ ਉਦਘਾਟਨ ਕਰਨਗੇ। ਉਦਘਾਟਨ ਸੈਸ਼ਨ ਸਵੇਰੇ 11:00 ਵਜੇ ਤੋਂ ਦੁਪਹਿਰ 1:30 ਵਜੇ ਤੱਕ ਜਾਰੀ ਰਹੇਗਾ। ਇਸ ਤੋਂ ਬਾਅਦ ਦੁਪਹਿਰ ਦਾ ਖਾਣਾ ਅਤੇ ਸੈਕਟਰ ਅਧਾਰਤ ਵਿਸ਼ੇਸ਼ ਸੈਸ਼ਨ ਹੋਣਗੇ। ਇਸ ਸਮਾਗਮ ਦਾ ਸਮਾਪਤੀ ਸਮਾਰੋਹ 15 ਮਾਰਚ ਨੂੰ ਹੋਵੇਗਾ। ਮੰਤਰੀ ਨੇ ਕਿਹਾ ਕਿ ਇਸ ਸੰਮੇਲਨ ਵਿੱਚ ਹਿੱਸਾ ਲੈਣ ਲਈ ਵਿਸ਼ਵ ਭਰ ਤੋਂ ਨੁਮਾਇੰਦੇ ਅਤੇ ਨਿਵੇਸ਼ਕ ਪਹੁੰਚ ਰਹੇ ਹਨ। ਜਦੋਂ ਕਿ ਮੱਧ ਪੂਰਬ ਦੇ ਕੁਝ ਭਾਗੀਦਾਰ ਉਡਾਣ ਵਿੱਚ ਰੁਕਾਵਟਾਂ ਕਾਰਨ ਯਾਤਰਾ ਨਹੀਂ ਕਰ ਸਕੇ, ਫਿਰ ਵੀ ਸੰਮੇਲਨ ਵਿੱਚ ਸੱਦਾ ਦਿੱਤੇ ਗਏ ਜ਼ਿਆਦਾਤਰ ਅੰਤਰਰਾਸ਼ਟਰੀ ਨਿਵੇਸ਼ਕਾਂ ਦੇ ਸ਼ਾਮਲ ਹੋਣ ਦੀ ਉਮੀਦ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਸਮਾਗਮ ਨਵੀਂ ਉਦਯੋਗਿਕ ਅਤੇ ਵਪਾਰਕ ਵਿਕਾਸ ਨੀਤੀ ਦੇ ਲਾਂਚ ਤੋਂ ਬਾਅਦ ਪੰਜਾਬ ਨੂੰ ਅਥਾਹ ਸੰਭਾਵਨਾਵਾਂ ਵਜੋਂ ਉਜਾਗਰ ਕਰੇਗਾ, ਜਿਸਦਾ ਦੇਸ਼ ਭਰ ਦੇ ਉਦਯੋਗਪਤੀਆਂ ਦੁਆਰਾ ਵਿਆਪਕ ਤੌਰ 'ਤੇ ਸਵਾਗਤ ਕੀਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਉਦਯੋਗਪਤੀ ਪੰਜਾਬ ਸਰਕਾਰ ਦੁਆਰਾ ਪੇਸ਼ ਕੀਤੇ ਗਏ ਨਿਵੇਸ਼ਕ-ਪੱਖੀ ਨੀਤੀਗਤ ਢਾਂਚੇ ਦੀ ਸ਼ਲਾਘਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਸੰਮੇਲਨ ਰਾਹੀਂ ਅਸੀਂ ਚਾਹੁੰਦੇ ਹਾਂ ਕਿ ਉਦਯੋਗਿਕ ਦਿੱਗਜ਼ ਇੱਕ ਦੂਜੇ ਨਾਲ ਤਾਲਮੇਲ ਕਰਕੇ ਭਵਿੱਖ ਵਿੱਚ ਨਿਵੇਸ਼ਾਂ ਲਈ ਪੰਜਾਬ ਦੁਆਰਾ ਪੇਸ਼ ਕੀਤੀਆਂ ਗਈਆਂ ਵਿਆਪਕ ਸੰਭਾਵਨਾਵਾਂ ਬਾਰੇ ਜਾਣੂ ਹੋਣ। ਸ੍ਰੀ ਅਰੋੜਾ ਨੇ ਅੱਗੇ ਕਿਹਾ ਕਿ ਮੋਹਾਲੀ ਤੇਜ਼ੀ ਨਾਲ ਇੱਕ ਪ੍ਰਮੁੱਖ ਆਈਟੀ ਅਤੇ ਨਵੀਨਤਾ ਕੇਂਦਰ ਵਜੋਂ ਉੱਭਰ ਰਿਹਾ ਹੈ, ਜਿਸਨੂੰ ਇੱਕ ਮਜ਼ਬੂਤ ਉਦਯੋਗਿਕ ਵਾਤਾਵਰਣ ਪ੍ਰਣਾਲੀ ਅਤੇ ਵਿਸ਼ਵ ਪੱਧਰੀ ਬੁਨਿਆਦੀ ਢਾਂਚੇ ਦਾ ਸਮਰਥਨ ਪ੍ਰਾਪਤ ਹੈ। ਟਿਕਾਊ ਵਿਕਾਸ ਪ੍ਰਤੀ ਪੰਜਾਬ ਸਰਕਾਰ ਦੇ ਪਹੁੰਚ ਨੂੰ ਦੁਹਰਾਉਂਦਿਆਂ ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਕੁਦਰਤੀ ਸਰੋਤਾਂ ਦੀ ਰਾਖੀ ਕਰਦੇ ਹੋਏ ਵਾਤਾਵਰਣ-ਪੱਖੀ ਉਦਯੋਗਿਕ ਵਿਕਾਸ ਨੂੰ ਅੱਗੇ ਵਧਾਉਣਾ ਯਕੀਨੀ ਬਣਾ ਰਹੀ ਹੈ। ਸੂਬੇ ਦੀ ਆਰਥਿਕਤਾ ਨੂੰ ਹੋਰ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਦੀ ਪੁਸ਼ਟੀ ਕਰਦਿਆਂ ਸੰਜੀਵ ਅਰੋੜਾ ਨੇ ਕਿਹਾ ਕਿ ਪੰਜਾਬ ਲਗਾਤਾਰ ਨਿਵੇਸ਼ਕਾਂ ਲਈ ਪਸੰਦੀਦਾ ਸਥਾਨ ਵਜੋਂ ਉੱਭਰ ਰਿਹਾ ਹੈ ਅਤੇ ਸੂਬੇ ਨੇ ਕਾਰੋਬਾਰ ਕਰਨ ਦੀ ਸੌਖ ਵਿੱਚ ਦਰਜਾਬੰਦੀ ਵਿੱਚ ਆਪਣੀ ਸਥਿਤੀ ਨੂੰ ਹੋਰ ਮਜ਼ਬੂਤ ਕਰਨਾ ਜਾਰੀ ਰੱਖਿਆ ਹੈ। ਇਸ ਪ੍ਰੈਸ ਕਾਨਫਰੰਸ ਦੌਰਾਨ ਸਕੱਤਰ ਉਦਯੋਗ ਅਤੇ ਵਣਜ ਗੁਰਕੀਰਤ ਕਿਰਪਾਲ ਸਿੰਘ, ਸੀਈਓ ਇਨਵੈਸਟ ਪੰਜਾਬ ਅਮਿਤ ਢਾਕਾ ਅਤੇ ਵਾਈਸ ਚੇਅਰਪਰਸਨ ਪੰਜਾਬ ਵਿਕਾਸ ਕਮਿਸ਼ਨ ਸੀਮਾ ਬਾਂਸਲ ਵੀ ਮੌਜੂਦ ਸਨ।

# ਗਗਨਦੀਪ ਸਿੰਘ ਕਾਕੂ ਆਹਲੂਵਾਲੀਆ ਨੇ ਖਾਦੀ ਬੋਰਡ ਦੇ ਚੇਅਰਮੈਨ ਦਾ ਅਹੁਦਾ ਸੰਭਾਲਿਆ

ਰਮਨ ਕੁਮਾਰ

ਚੰਡੀਗੜ੍ਹ, ਪੰਜਾਬ ਖਾਦੀ ਅਤੇ ਗ੍ਰਾਮ ਉਦਯੋਗ ਬੋਰਡ ਦੇ ਨਵ-ਨਿਯੁਕਤ ਚੇਅਰਮੈਨ ਸ੍ਰੀ ਗਗਨਦੀਪ ਸਿੰਘ ਕਾਕੂ ਆਹਲੂਵਾਲੀਆ ਨੇ ਅੱਜ ਚੰਡੀਗੜ੍ਹ ਵਿਖੇ ਸਥਿਤ ਬੋਰਡ ਦੇ ਮੁੱਖ ਦਫ਼ਤਰ ਵਿੱਚ ਆਪਣਾ ਅਹੁਦਾ ਸੰਭਾਲ ਲਿਆ। ਇਸ ਮੌਕੇ ਰਾਜਬੀਰ ਸਿੰਘ ਘੁਮੰਣ, ਉ ਐਸ ਡੀ ( ਮੁੱਖ ਮੱਤਰੀ ਪੰਜਾਬ), ਮੋਹਿੰਦਰ ਭਗਤ, ਕੈਬਨਿਟ ਮੰਤਰੀ,ਇੰਦਰਜੀਤ ਕੌਰ ਮਾਨ ਐਮ. ਐਲ.ਏ. ਨਕੌਦਰ, ਦਿਨੇਸ਼ ਢਲ, ਨਿਤਿਨ ਕੋਹਲੀ, , ਮਹਾਰਾਜ ਬੰਸੀ ਦਾਸ, ਬਾਬਾ ਪਰਗਟ ਨਾਥ, ਮੇਅਰ ਵਨੀਤ ਧੀਰ, ਮੰਗਲ ਸਿੰਘ ਬੱਸੀ (ਸਟੇਟ ਚੈਅਰਮੈਨ ਪੰਜਾਬ ਐਗਰੋ),ਅਬਦੂਲ ਬਾਰੀ ਸਲਮਾਨੀ (ਸਟੇਟ ਚੈਅਰਮੇਨ ਮੁਸਲੀਮ ਵਿਕਾਸ ਬੋਰਡ) ਕਾਉਸਲਰ ਦੀਪਕ ਸ਼ਾਰਦਾ,



ਮਾਸਟਰ ਗੋਰਵ ਸਮਾਜ ਸੇਵਕ, ਰੋਬਿਨ ਸਾਂਪਲਾ, ਕਰਨ ਮਲੀ, ਨਰਵੈਲ ਕੰਗ, ਅਮਿਤ ਢਲ ਕੌਂਸਲਰ, ਜਗਦੀਸ਼ ਸਮਰਾਏ, ਸਤਨਾਮ ਸਿੰਘ, ਬੱਬੂ ਥਾਪਰ, ਚੈਅਰਮੈਨ ਲਖਵੀਰ ਸਿੰਘ, ਜਸਵੀਰ ਸਿੰਘ, ਪੂਜਾ ਸਿੰਘ ਅਤੇ ਹਰਪਾਲ ਸਿੰਘ ਚੱਢਾ, ਵਾਈਸ ਚੇਅਰਮੈਨ ਪਵਨ ਹੰਸ, ਬੋਰਡ ਦੇ ਅਧਿਕਾਰੀਆਂ, ਕਰਮਚਾਰੀਆਂ ਅਤੇ ਵੱਖ-ਵੱਖ ਸਮਾਜਿਕ, ਧਾਰਮਿਕ ਅਤੇ ਰਾਜਨੀਤਿਕ ਹਸਤੀਆਂ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਬੋਲਦਿਆਂ ਚੇਅਰਮੈਨ ਸ੍ਰੀ ਗਗਨਦੀਪ ਸਿੰਘ ਆਹਲੂਵਾਲੀਆ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਖਾਦੀ ਅਤੇ ਗ੍ਰਾਮ ਉਦਯੋਗ ਖੇਤਰ ਨੂੰ ਨਵੀਂ ਦਿਸ਼ਾ ਮਿਲੀ ਹੈ। ਉਨ੍ਹਾਂ ਕਿਹਾ ਕਿ ਇਹ ਖੇਤਰ ਪੇਂਡੂ ਅਰਥਵਿਵਸਥਾ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਨੌਜਵਾਨਾਂ ਲਈ ਵੱਡੇ ਪੱਧਰ 'ਤੇ ਰੋਜ਼ਗਾਰ ਦੇ ਮੌਕੇ ਪੈਦਾ ਕਰਦਾ ਹੈ। ਉਨ੍ਹਾਂ ਕਿਹਾ ਕਿ ਮਹਾਤਮਾ ਗਾਂਧੀ ਦੀ ਸੋਚ ਦੇ ਪ੍ਰਤੀਕ ਵਜੋਂ ਖਾਦੀ ਸਿਰਫ਼ ਇੱਕ ਵਸਤ੍ਰ ਨਹੀਂ, ਸਗੋਂ ਆਤਮਨਿਰਭਰਤਾ, ਸਵਦੇਸ਼ੀ ਅਤੇ ਪੇਂਡੂ ਵਿਕਾਸ ਦੀ ਸੋਚ ਦਾ ਪ੍ਰਤੀਕ ਹੈ। ਪੇਂਡੂ ਉਦਯੋਗਾਂ ਨੂੰ ਉਤਸ਼ਾਹਿਤ ਕਰਕੇ ਪੰਜਾਬ ਦੇ ਸਮੁੱਚੇ ਵਿਕਾਸ ਨੂੰ ਹੋਰ ਤੇਜ਼ੀ ਦਿੱਤੀ ਜਾ ਸਕਦੀ ਹੈ।

# ਹਵਾਈ ਸੈਨਾ ਮੁਖਥੀ ਨੇ ਮਿਗ-29 ਯੂਪੀਜੀ 'ਤੇ ਪ੍ਰੇਰਕ ਉਡਾਣ ਭਰੀ

ਐਸ. ਕੇ. ਸਕਸੈਨਾ

ਦਿੱਲੀ: ਹਵਾਈ ਸੈਨਾ ਦੇ ਮੁਖੀ ਨੇ ਇੱਕ ਫਾਰਵਰਡ ਏਅਰਬੇਸ ਤੋਂ ਮਿਕੋਯਾਨ ਮਿਗ-29UPG 'ਤੇ ਇੱਕ ਸੰਚਾਲਨ ਫਾਰਮੇਸ਼ਨ ਉਡਾਣ ਭਰੀ, ਜਿਸ ਨਾਲ ਭਾਰਤੀ ਹਵਾਈ ਸੈਨਾ ਦੀਆਂ ਫਰੰਟਲਾਈਨ ਸੰਚਾਲਨ ਇਕਾਈਆਂ ਨਾਲ ਲੀਡਰਸ਼ਿਪ ਦੀ ਨਿਰੰਤਰ ਸ਼ਮੂਲੀਅਤ ਦੀ ਪੁਸ਼ਟੀ ਹੋਈ। ਇਸ ਫਾਰਮੇਸ਼ਨ ਦੀ ਅਗਵਾਈ ਫਲਾਈਟ ਲੈਫਟੀਨੈਂਟ ਪਰਵਿੰਦਰ ਸਿੰਘ ਨੇ ਕੀਤੀ। ਰਿਕਵਰੀ ਤੋਂ ਪਹਿਲਾਂ, ਫਾਰਮੇਸ਼ਨ ਨੇ ਰਨਵੇਅ 'ਤੇ ਇੱਕ ਸਮਾਰਟ ਪੀਲ-ਆਫ ਚਾਲ ਚਲਾਇਆ, ਜਿਸ ਵਿੱਚ ਸਕੁਐਡਰਨ ਦੁਆਰਾ ਬਣਾਈ ਰੱਖੀ ਗਈ ਸ਼ੁੱਧਤਾ ਉਡਾਣ ਅਤੇ ਸੰਚਾਲਨ ਸਿਖਲਾਈ ਦੇ ਉੱਚ ਮਿਆਰਾਂ ਦਾ ਪ੍ਰਦਰਸ਼ਨ ਕੀਤਾ ਗਿਆ। ਬੇਸ 'ਤੇ ਹਵਾਈ ਯੋਧਿਆਂ ਨੇ ਉੱਚ ਪੱਧਰੀ ਸੰਚਾਲਨ ਤਿਆਰੀ ਬਣਾਈ ਰੱਖੀ ਅਤੇ ਦੌਰੇ ਦੌਰਾਨ ਉਡਾਣ ਨਾਲ ਸਬੰਧਤ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਹਿੱਸਾ ਲਿਆ। ਫੇਰੀ ਦੌਰਾਨ, ਕਮਾਂਡਿੰਗ ਅਫਸਰ ਨੇ CAS ਨੂੰ ਸਕੁਐਡਰਨ ਦੀ ਸੰਚਾਲਨ ਭੂਮਿਕਾ, ਮਿਗ-29UPG ਪਲੇਟਫਾਰਮ ਦੀਆਂ ਵਧੀਆਂ ਸਮਰੱਥਾਵਾਂ ਅਤੇ



ਯੂਨਿਟ ਦੀ ਅਮੀਰ ਵਿਰਾਸਤ ਬਾਰੇ ਜਾਣਕਾਰੀ ਦਿੱਤੀ। ਸਕੁਐਡਰਨ 1963 ਵਿੱਚ ਆਪਣੇ ਸ਼ਾਮਲ ਹੋਣ ਤੋਂ 63 ਸਾਲ ਪੂਰੇ ਕਰਨ ਵਾਲਾ ਹੈ, ਜੋ ਦੇਸ਼ ਦੇ ਅਸਮਾਨ ਦੀ ਰੱਖਿਆ ਵਿੱਚ ਸੇਵਾ ਦੇ ਇੱਕ ਲੰਬੇ ਅਤੇ ਸ਼ਾਨਦਾਰ ਇਤਿਹਾਸ ਦਾ ਪ੍ਰਦਰਸ਼ਨ ਕਰਦਾ ਹੈ। ਸੀਏਐਸ ਨੇ ਹਵਾਈ ਫੌਜ ਦੇ ਕਰਮਚਾਰੀਆਂ, ਟੈਕਨੀਸ਼ੀਅਨਾਂ ਅਤੇ ਜ਼ਮੀਨੀ ਸਟਾਫ ਨਾਲ ਵੀ ਗੱਲਬਾਤ ਕੀਤੀ, ਲੜਾਈ ਪਲੇਟਫਾਰਮਾਂ ਦੀ ਨਿਰੰਤਰ ਸੰਚਾਲਨ ਤਿਆਰੀ ਨੂੰ ਯਕੀਨੀ ਬਣਾਉਣ ਵਿੱਚ ਤਕਨੀਕੀ ਅਤੇ ਸਹਾਇਤਾ ਸਟਾਫ ਦੁਆਰਾ ਨਿਭਾਈ ਗਈ ਮਹੱਤਵਪੂਰਨ ਭੂਮਿਕਾ ਨੂੰ ਸਵੀਕਾਰ ਕੀਤਾ। ਉਸਨੇ ਨੇੜਲੇ ਖੇਤਰਾਂ ਦੇ ਸਾਬਕਾ ਸੈਨਿਕਾਂ ਨਾਲ ਵੀ ਮੁਲਾਕਾਤ ਕੀਤੀ ਅਤੇ ਹਵਾਈ ਸੈਨਾ ਭਾਈਚਾਰੇ ਨਾਲ ਉਨ੍ਹਾਂ ਦੀ ਨਿਰੰਤਰ ਸ਼ਮੂਲੀਅਤ ਅਤੇ ਇਸ ਦੀਆਂ ਪਰੰਪਰਾਵਾਂ ਵਿੱਚ ਉਨ੍ਹਾਂ ਦੇ ਸਥਾਈ ਯੋਗਦਾਨ ਲਈ ਉਨ੍ਹਾਂ ਦੀ ਪ੍ਰਸ਼ੰਸਾ ਕੀਤੀ। ਸੀਨੀਅਰ ਲੀਡਰਸ਼ਿਪ ਦੁਆਰਾ ਅਜਿਹੇ ਦੌਰੇ ਭਾਰਤੀ ਹਵਾਈ ਸੈਨਾ ਦੇ ਸੰਚਾਲਨ ਵਾਤਾਵਰਣ ਨੂੰ ਮਜ਼ਬੂਤ ਕਰਦੇ ਹਨ, ਫਰੰਟਲਾਈਨ ਕਰਮਚਾਰੀਆਂ ਨਾਲ ਕੀਮਤੀ ਸ਼ਮੂਲੀਅਤ ਪ੍ਰਦਾਨ ਕਰਦੇ ਹਨ, ਅਤੇ ਬਦਲਦੇ ਸੰਚਾਲਨ ਵਾਤਾਵਰਣ ਨਾਲ ਨਜ਼ਦੀਕੀ ਸੰਪਰਕ ਬਣਾਈ ਰੱਖਣ ਵਿੱਚ ਮਦਦ ਕਰਦੇ ਹਨ।

# ਸਮਾਜਿਕ ਵਿਕਾਸ 'ਚ ਮਹਿਲਾਵਾਂ ਦਾ ਯੋਗਦਾਨ ਸਲਾਹੁਣਯੋਗ : ਡਿਪਟੀ ਕਮਿਸ਼ਨਰ

## ਆਤਮ-ਨਿਰਭਰ ਮਹਿਲਾਵਾਂ ਨੇ ਉੱਦਮ ਦੇ ਖੇਤਰ 'ਚ ਨਵੀਆਂ ਬੁਲੰਦੀਆਂ ਨੂੰ ਛੋਹਿਆ

ਮਨਦੀਪ ਕੌਰ

ਹੁਸ਼ਿਆਰਪੁਰ, : ਪੰਜਾਬ ਰਾਜ ਪੇਂਡੂ ਆਜੀਵਿਕਾ ਮਿਸ਼ਨ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵੱਲੋਂ ਅੱਜ ਇੱਥੇ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਔਰਤਾਂ ਵੱਲੋਂ ਸਮਾਜਿਕ ਵਿਕਾਸ ਦੀ ਸ਼ਲਾਘਾ ਕਰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਵੱਲੋਂ 100 ਕਾਮਯਾਬ ਉੱਦਮੀ ਮਹਿਲਾਵਾਂ ਦਾ ਸਨਮਾਨ ਕੀਤਾ ਗਿਆ । ਸਥਾਨਕ ਸਿਟੀ ਸੈਂਟਰ ਵਿਖੇ ਕਰਵਾਏ ਸਮਾਗਮ ਦੌਰਾਨ ਜ਼ਿਲ੍ਹੇ ਦੀਆਂ 100 ਸਫਲ ਮਹਿਲਾ ਉੱਦਮੀਆਂ ਨੂੰ ਵੱਖ-ਵੱਖ ਖੇਤਰਾਂ ਵਿਚ ਸ਼ਲਾਘਾਯੋਗ ਕੰਮਾਂ ਅਤੇ ਸ਼ਾਨਦਾਰ ਪ੍ਰਾਪਤੀਆਂ ਲਈ ਸਨਮਾਨਿਤ ਕੀਤਾ ਗਿਆ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਇਨ੍ਹਾਂ ਮਹਿਲਾਵਾਂ ਨੇ ਆਪਣੀ ਮਿਹਨਤ ਦਾ ਲੋਹਾ ਮਨਵਾਉਂਦਿਆਂ ਨਾ ਸਿਰਫ ਕਾਮਯਾਬੀ ਹਾਸਲ ਕੀਤੀ ਹੈ ਸਗੋਂ ਇਹ ਹੋਰਨਾਂ ਲਈ ਪ੍ਰੇਰਨਾਸਰੋਤ ਵੀ ਬਣੀਆਂ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਔਰਤਾਂ ਨੇ ਉੱਦਮ ਦੇ ਖੇਤਰ ਵਿਚ ਨਵੀਆਂ ਬੁਲੰਦੀਆਂ ਨੂੰ ਛੋਹਦਿਆਂ ਆਪਣੀ ਆਰਥਿਕਤਾ ਨੂੰ ਮਜ਼ਬੂਤ ਕੀਤਾ ਹੈ ਜੋ ਕਿ ਬੇਹੱਦ ਸਲਾਹੁਣਯੋਗ ਹੈ। ਉਨ੍ਹਾਂ ਕਿਹਾ ਕਿ ਜ਼ਿਲਾ ਪ੍ਰਸ਼ਾਸਨ ਔਰਤਾਂ ਦੇ ਸਰਬਪੱਖੀ ਵਿਕਾਸ ਵਿਚ ਹਰ ਸੰਭਵ ਮਦਦ ਲਈ ਹਮੇਸ਼ਾ ਤਤਪਰ ਹੈ ਤਾਂ ਜੋ ਸਮਾਜਿਕ ਤਾਣੇ-ਬਾਣੇ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਉਨ੍ਹਾ ਦੱਸਿਆ ਕਿ ਇਸ ਤੋਂ ਪਹਿਲਾਂ 2 ਮਾਰਚ ਤੋਂ 6 ਮਾਰਚ ਤੱਕ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਉਣ ਲਈ ਜ਼ਿਲ੍ਹੇ ਦੇ ਸਾਰੇ ਵਿਧਾਨ ਸਭਾ ਹਲਕਿਆਂ ਵਿੱਚ ਪ੍ਰੋਗਰਾਮ ਕਰਵਾਏ ਗਏ ਸਨ, ਜਿਸ ਵਿੱਚ ਹਰੇਕ ਵਿਧਾਨ ਸਭਾ ਹਲਕੇ ਦੀਆਂ 100 ਮਹਿਲਾ ਉੱਦਮੀਆਂ ਨੂੰ ਸਨਮਾਨਿਤ ਕੀਤਾ ਗਿਆ ਸੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਅੱਜ ਦੀਆਂ ਔਰਤਾਂ ਆਤਮ-ਨਿਰਭਰ ਬਣ ਕੇ ਸਮਾਜ ਅਤੇ ਆਰਥਿਕਤਾ ਦੇ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਰਾਜ ਪੇਂਡੂ ਆਜੀਵਿਕਾ ਮਿਸ਼ਨ ਰਾਹੀਂ ਸੈਲਫ ਹੈਲਪ ਗਰੁੱਪਾਂ ਨੂੰ ਰਿਵਾਲਵਿੰਗ ਫੰਡ ਅਤੇ



ਕਮਿਊਨਿਟੀ ਇਨਵੈਸਟਮੈਂਟ ਫੰਡ ਦੇ ਰੂਪ ਵਿੱਚ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ, ਜਿਸ ਰਾਹੀਂ ਔਰਤਾਂ ਆਪਣੇ ਛੋਟੇ ਉੱਦਮ ਸਥਾਪਤ ਕਰਕੇ ਆਰਥਿਕ ਤੌਰ 'ਤੇ ਸਸ਼ਕਤ ਬਣ ਸਕਦੀਆਂ ਹਨ। ਡਪਟੀ ਕਮਿਸ਼ਨਰ ਨੇ ਮਹਿਲਾ ਉੱਦਮੀਆਂ ਨੂੰ ਉਤਸ਼ਾਹਿਤ ਕਰਦੇ ਹੋਏ ਕਿਹਾ ਕਿ ਆਧੁਨਿਕ ਤਕਨਾਲੋਜੀ ਅਤੇ ਨਵੀਨਤਾਕਾਰੀ ਤਰੀਕਿਆਂ ਦੀ ਵਰਤੋਂ ਕਰਕੇ ਆਪਣੇ ਕਾਰੋਬਾਰ ਨੂੰ ਹੋਰ ਵਧਾਉਣ ਅਤੇ ਹੋਰ ਔਰਤਾਂ ਨੂੰ ਆਤਮ-ਨਿਰਭਰ ਬਣਨ ਲਈ ਪ੍ਰੇਰਿਤ ਕਰਨ । ਉਨ੍ਹਾਂ ਭਰੋਸਾ ਦਿੱਤਾ ਕਿ ਜੇਕਰ ਕਿਸੇ ਵੀ ਔਰਤ ਨੂੰ ਆਪਣੇ ਉੱਦਮ ਦੇ ਵਿਕਾਸ ਲਈ ਕਿਸੇ ਵੀ ਤਰ੍ਹਾਂ ਦੀ ਸਹਾਇਤਾ ਦੀ ਲੋੜ ਹੈਤਾਂ ਜ਼ਿਲ੍ਹਾ ਪ੍ਰਸ਼ਾਸਨ ਹਰ ਸੰਭਵ ਸਹਾਇਤਾ ਪ੍ਰਦਾਨ ਕਰੇਗਾ। ਔਰਤਾਂ ਬਲਾਕ ਅਤੇ ਜ਼ਿਲ੍ਹਾ ਪੱਧਰ 'ਤੇ ਪੀਐਸਆਰਐਲਐਮ ਟੀਮ ਰਾਹੀਂ ਆਪਣੀਆਂ ਸਮੱਸਿਆਵਾਂ ਅਤੇ ਸੁਝਾਅ ਪ੍ਰਸ਼ਾਸਨ ਤੱਕ ਪਹੁੰਚਾ ਸਕਦੀਆਂ ਹਨ। ਉਨ੍ਹਾਂ ਨੇ ਸਨਮਾਨਿਤ ਮਹਿਲਾ ਉੱਦਮੀਆਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਏ.ਡੀ.ਸੀ (ਪੇਂਡੂ ਵਿਕਾਸ) ਨਿਕਾਸ ਕੁਮਾਰ, ਸਹਾਇਕ ਕਮਿਸ਼ਨਰ ਓਇਸ਼ੀ ਮੰਡਲ, ਉਪ ਮੁੱਖ ਕਾਰਜਕਾਰੀ ਅਫ਼ਸਰ ਜ਼ਿਲ੍ਹਾ ਪ੍ਰੀਸ਼ਦ ਧਾਰਾ ਕੱਕੜ, ਬੀਡੀਪੀਓ ਗੜ੍ਹਸ਼ੰਕਰ, ਮੁਕੇਰੀਆਂ ਅਤੇ ਹੁਸ਼ਿਆਰਪੁਰ-2, ਏ.ਡੀ.ਓ ਕਿਰਨਜੀਤ ਸਿੰਘ ਅਤੇ ਸੀਡੀਪੀਓ ਹੁਸ਼ਿਆਰਪੁਰ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਹੋਰਨਾਂ ਤੋਂ ਇਲਾਵਾ ਡੀਪੀਐਮ ਸੁਖਵੰਤ ਕੌਰ, ਡੀਐਫਐਮ ਸੌਰਵ ਸ਼ਰਮਾ, ਬਲਾਕ ਇੰਚਾਰਜ ਦਸੂਹਾ ਗੁਰਿੰਦਰਜੀਤ ਸਿੰਘ, ਬਲਾਕ ਇੰਚਾਰਜ ਤਲਵਾੜਾ ਜਤਿੰਦਰ ਸਿੰਘ, ਬਲਾਕ ਇੰਚਾਰਜ ਹਾਜੀਪੁਰ ਅਮਨਦੀਪ ਸਿੰਘ ਸਮੇਤ ਆਜੀਵਿਕਾ ਮਿਸ਼ਨ ਦੇ ਹੋਰ ਸਟਾਫ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਮਹਿਲਾ ਸਰਪੰਚ ਵੀ ਮੌਜੂਦ ਸਨ।

# ਮਾਈਨਿੰਗ ਸੁਧਾਰਾਂ ਅਤੇ ਪੋਟਾਸ਼ ਦੀ ਖੋਜ ਨਾਲ ਪੰਜਾਬ 20,000 ਕਰੋੜ ਤੋਂ ਵੱਧ ਦੀ ਆਮਦਨ ਪੈਦਾ ਕਰ ਸਕਦਾ ਹੈ: ਬਰਿੰਦਰ ਕੁਮਾਰ ਗੋਇਲ

## ਕੋਈ ਨਵਾਂ ਟੈਕਸ ਲਾਏ ਬਿਨਾਂ ਪੇਸ਼ ਕੀਤਾ ਗਿਆ ਬਜਟ ਪੰਜਾਬੀਆਂ ਦੀ ਭਲਾਈ ਬਣਾਏਗਾ ਯਕੀਨੀ

ਕੈਪਟਨ ਸੁਭਾਸ਼ ਚੰਦਰ ਸ਼ਰਮਾ



ਚੰਡੀਗੜ੍ਹ-ਪੰਜਾਬ ਦੇ ਜਲ ਸਰੋਤ ਅਤੇ ਖਣਨ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਪੰਜਾਬ ਵਿਧਾਨ ਸਭਾ ਵਿੱਚ ਬਜਟ ਬਹਿਸ ਵਿੱਚ ਹਿੱਸਾ ਲੈਂਦਿਆਂ ਕੇਂਦਰ ਸਰਕਾਰ ਦੀ ਬੇਰੁਖ਼ੀ ਕਾਰਨ ਸੂਬੇ ਨੂੰ ਦਰਪੇਸ਼ ਕਈ ਵਿੱਤੀ ਔਕੜਾਂ ਦੇ ਬਾਵਜੂਦ ਇਤਿਹਾਸਕ ਅਤੇ ਲੋਕ ਪੱਖੀ ਬਜਟ ਪੇਸ਼ ਕਰਨ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਸ਼ਲਾਘਾ ਕੀਤੀ। ਕੈਬਨਿਟ ਮੰਤਰੀ ਨੇ ਕਿਹਾ ਕਿ ਸਾਲ 2022 ਤੋਂ ਲੈ ਕੇ ਹੁਣ ਤੱਕ 30,000 ਕਰੋੜ ਰੁਪਏ ਦਾ ਸਾਲਾਨਾ ਜੀ.ਐਸ.ਟੀ. ਮੁਆਵਜ਼ਾ ਬੰਦ ਹੋਣ ਤੋਂ ਬਾਅਦ ਵੀ ਲੋਕਾਂ ’ਤੇ ਕੋਈ ਨਵਾਂ ਟੈਕਸ ਲਗਾਏ ਬਿਨਾਂ ਬਜਟ ਪੇਸ਼ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੂੰ ਪੰਜਾਬ ਦੇ ਜਾਇਜ਼ ਫੰਡ ਜਾਰੀ ਕਰਨ ਵਿੱਚ ਦੇਰੀ ਦੇ ਨਾਲ-ਨਾਲ ਕੁਦਰਤੀ ਆਫ਼ਤਾਂ ਅਤੇ ਕੇਂਦਰ ਸਰਕਾਰ ਵੱਲੋਂ ਵਿੱਤੀ ਸਹਿਯੋਗ ਦੀ ਘਾਟ ਦਾ ਸਾਹਮਣਾ ਕਰਨਾ ਪਿਆ ਪਰ ਫਿਰ ਵੀ ਬਜਟ ਵਿੱਚ ਸਮਾਜ ਦੇ ਹਰ ਵਰਗ ਲਈ ਵਿਆਪਕ ਭਲਾਈ ਪਹਿਲਕਦਮੀਆਂ ਨੂੰ ਯਕੀਨੀ ਬਣਾਇਆ ਗਿਆ। ਮਾਈਨਿੰਗ ਤੋਂ ਅੰਦਾਜ਼ਨ 20,000 ਕਰੋੜ ਰੁਪਏ ਦੇ ਮਾਲੀਏ ਸਬੰਧੀ ਮੁੱਦੇ ’ਤੇ ਬੋਲਦਿਆਂ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਕੌਮੀ ਆਗੂ ਅਰਵਿੰਦ ਕੇਜਰੀਵਾਲ ਵੱਲੋਂ ਪਹਿਲਾਂ ਦਿੱਤਾ ਗਿਆ ਬਿਆਨ ਪੰਜਾਬ ਵਿੱਚ ਪੋਟਾਸ਼ ਖਣਿਜ ਭੰਡਾਰਾਂ ਸਬੰਧੀ ਅਥਾਹ ਸੰਭਾਵਨਾ ’ਤੇ ਅਧਾਰਤ ਸੀ। ਉਨ੍ਹਾਂ ਦੱਸਿਆ ਕਿ ਪੋਟਾਸ਼ ਇੱਕ ਮਹੱਤਵਪੂਰਨ ਖਣਿਜ ਹੈ, ਜੋ ਮੌਜੂਦਾ ਸਮੇਂ ਦੇਸ਼ ਭਰ ਵਿੱਚ ਖੇਤੀਬਾੜੀ ਖਾਦਾਂ ਲਈ ਦਰਾਮਦ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਪਹਿਲਾਂ ਕਰਵਾਏ ਗਏ ਸਰਵੇਖਣਾਂ ਦੌਰਾਨ ਪੰਜਾਬ ਦੇ ਕੁਝ ਹਿੱਸਿਆਂ ਵਿੱਚ ਪੋਟਾਸ਼ ਦੇ ਭੰਡਾਰਾਂ ਦੀ ਮੌਜੂਦਗੀ ਦੇ ਸੰਕੇਤ ਮਿਲੇ ਸਨ ਅਤੇ ਪਿਛਲੀਆਂ ਸਰਕਾਰਾਂ ਵੱਲੋਂ ਇਸ ਨੂੰ ਗੰਭੀਰਤਾ ਨਾਲ ਨਹੀਂ ਲਿਆ ਗਿਆ ਪਰ ਮਾਨ ਸਰਕਾਰ ਨੇ ਇਹ ਮਾਮਲਾ ਕੇਂਦਰ ਸਰਕਾਰ ਅਤੇ ਕੇਂਦਰੀ ਏਜੰਸੀਆਂ ਕੋਲ ਉਠਾਇਆ। ਸਾਡੇ ਲਗਾਤਾਰ ਯਤਨਾਂ ਸਦਕਾ 19.3 ਕਰੋੜ ਰੁਪਏ ਦੀ ਅਨੁਮਾਨਿਤ ਲਾਗਤ ਨਾਲ ਲਗਭਗ 48 ਕਿਲੋਮੀਟਰ ਖੇਤਰ ਨੂੰ ਕਵਰ ਕਰਦਿਆਂ ਜ਼ਿਲ੍ਹਾ ਫਾਜ਼ਿਲਕਾ ਦੇ ਪਿੰਡ ਕਬਰਵਾਲਾ ਵਿੱਚ ਨਵੇਂ ਖੋਜ ਕਾਰਜ ਸ਼ੁਰੂ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਮੁੱਢਲੇ ਡ੍ਰਿਲਿੰਗ ਮੁਲਾਂਕਣਾਂ ਅਨੁਸਾਰ ਇਸ ਖੇਤਰ ਵਿੱਚ ਵਧੀਆ ਗੁਣਵੱਤਾ ਵਾਲਾ ਪੋਟਾਸ਼ ਮਿਲਿਆ ਹੈ। ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਖੋਜ ਅਤੇ ਨਿਲਾਮੀ ਦੇ ਅਧਿਕਾਰ ਕੇਂਦਰ ਸਰਕਾਰ ਕੋਲ ਹਨ, ਜਦਕਿ ਖਣਿਜ ਕੱਢਣ ਦੀ ਰਾਇਲਟੀ ਸੂਬਾ ਸਰਕਾਰ ਨੂੰ ਪ੍ਰਾਪਤ ਹੋਵੇਗੀ। ਉਨ੍ਹਾਂ ਭਰੋਸਾ ਜਤਾਇਆ ਕਿ ਇੱਕ ਵਾਰ ਖੋਜ ਮੁਕੰਮਲ ਹੋ ਜਾਣ ਅਤੇ ਖਣਨ ਸ਼ੁਰੂ ਹੋ ਜਾਣ ਤੋਂ ਬਾਅਦ ਸੂਬਾ ਨੂੰ ਰਾਇਲਟੀ ਨਾਲ ਕਾਫੀ ਆਮਦਨ ਪ੍ਰਾਪਤ ਹੋ ਸਕਦੀ ਹੈ, ਜੋ 20000 ਕਰੋੜ ਰੁਪਏ ਤੋਂ ਵੱਧ ਹੋ ਸਕਦੀ ਹੈ ਅਤੇ ਇਸ ਨਾਲ ਹੀ ਦਰਾਮਦ ਕੀਤੇ ਖਾਦ ਖਣਿਜਾਂ ’ਤੇ ਦੇਸ਼ ਦੀ ਨਿਰਭਰਤਾ ਵੀ ਘਟੇਗੀ। । ਖਣਨ ਵਿਭਾਗ ਬਾਰੇ ਉਠਾਏ ਗਏ ਮੁੱਦਿਆਂ ਦੇ ਜਵਾਬ ਵਿੱਚ ਕੈਬਨਿਟ ਮੰਤਰੀ ਨੇ ਕਿਹਾ ਕਿ ਗ਼ੈਰ-ਕਾਨੂੰਨੀ ਮਾਈਨਿੰਗ ਸਬੰਧੀ ਵਾਰ-ਵਾਰ ਲਗਾਏ ਜਾਂਦੇ ਦੋਸ਼ ਰਾਜਨੀਤੀ ਤੋਂ ਪ੍ਰੇਰਿਤ ਹਨ ਅਤੇ ਇਹ ਅਕਸਰ ਮਾਈਨਿੰਗ ਕਾਰਜਾਂ ਅਤੇ ਦਰਿਆਵਾਂ ਵਿੱਚੋਂ ਗਾਰ ਕੱਢਣ ਵਿਚਲੇ ਅੰਤਰ ਨੂੰ ਸਮਝੇ ਬਿਨਾਂ ਹੀ ਲਗਾਏ ਜਾਂਦੇ ਹਨ। ਉਨ੍ਹਾਂ ਕਿਹਾ ਕਿ ਪਹਿਲਾਂ ਜਦੋਂ ਹੜ੍ਹ ਆਉਂਦੇ ਸਨ ਤਾਂ ਸ਼ਿਕਾਇਤਾਂ ਆਉਂਦੀਆਂ ਸਨ ਕਿ ਗਾਰ ਨਹੀਂ ਕੱਢੀ ਜਾਂਦੀ ਅਤੇ ਦਰਿਆਵਾਂ ਦੀ ਸਫ਼ਾਈ ਨਹੀਂ ਕੀਤੀ ਜਾਂਦੀ ਸੀ ਪਰ ਹੁਣ ਜਦੋਂ ਸਰਕਾਰ ਨੇ ਦਰਿਆਵਾਂ ਨੂੰ ਸਾਫ਼ ਕਰਨਾ ਸ਼ੁਰੂ ਕਰ ਦਿੱਤਾ ਹੈ ਤਾਂ ਇਸ ਗਤੀਵਿਧੀ ਨੂੰ ਗ਼ਲਤ ਢੰਗ ਨਾਲ ਨਾਜਾਇਜ਼ ਮਾਈਨਿੰਗ ਕਰਾਰ ਦਿੱਤਾ ਜਾ ਰਿਹਾ ਹੈ। ਅਸਲ ਵਿੱਚ ਇਹ ਕੰਮ ਪੰਜਾਬ ਵਿੱਚ ਦਰਿਆਵਾਂ ਦੇ ਪੁਨਰ ਸੁਰਜੀਤੀ ਅਤੇ ਹੜ੍ਹਾਂ ਦੀ ਰੋਕਥਾਮ ਵਿੱਚ ਯੋਗਦਾਨ ਪਾਉਂਦਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਗ਼ੈਰ-ਕਾਨੂੰਨੀ ਮਾਈਨਿੰਗ ਦੇ ਕੇਸਾਂ ਵਿਰੁੱਧ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ ਜਿਸ ਤਹਿਤ ਹੁਣ ਤੱਕ 1573 ਐਫ.ਆਈ.ਆਰ ਦਰਜ ਕੀਤੀਆਂ ਗਈਆਂ ਹਨ ਅਤੇ 1655 ਚਲਾਨ ਪੇਸ਼ ਕੀਤੇ ਹਨ। ਪੰਜਾਬ ਸਰਕਾਰ ਵੱਲੋਂ ਲੋਕ ਹਿੱਤਾਂ ਲਈ ਲੁਧਿਆਣਾ-ਰੋਪੜ ਨੈਸ਼ਨਲ ਹਾਈਵੇਅ ਪ੍ਰਾਜੈਕਟ ਲਈ 3 ਰੁਪਏ ਪ੍ਰਤੀ ਘਣ ਫੁੱਟ ਦੇ ਹਿਸਾਬ ਨਾਲ ਮਿੱਟੀ ਦੀ ਸਪਲਾਈ ਕੀਤੀ ਜਾ ਰਹੀ ਹੈ, ਜਦੋਂ ਕਿ ਮਾਰਕੀਟ ਕੀਮਤ 6 ਰੁਪਏ ਪ੍ਰਤੀ ਘਣ ਫੁੱਟ ਹੈ। ਇਸ ਜਨਤਕ ਪ੍ਰਾਜੈਕਟ ਲਈ ਕਰੀਬ ਚਾਰ ਕਰੋੜ ਘਣ ਮੀਟਰ ਮਿੱਟੀ ਮੁਹੱਈਆ ਕਰਵਾਈ ਗਈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਖਣਨ ਸਬੰਧੀ ਕੀਤੇ ਗਏ ਅਹਿਮ ਸੁਧਾਰਾਂ ਨੂੰ ਰਾਸ਼ਟਰੀ ਪੱਧਰ ’ਤੇ ਮਾਨਤਾ ਦਿੱਤੀ ਗਈ ਹੈ। ਕੇਂਦਰ ਸਰਕਾਰ ਵੱਲੋਂ ਐਲਾਨੇ ਗਏ ਸਟੇਟ ਮਾਇਨਿੰਗ ਰੈਡੀਨੈਸ ਇੰਡੈਕਸ ਅਨੁਸਾਰ ਪੰਜਾਬ ਨੇ ਮਾਈਨਿੰਗ ਸੁਧਾਰਾਂ ਵਿੱਚ ਤਿੰਨ ਸ਼ ?ਰੇਣੀਆਂ ਜਿਵੇਂ ਨਿਲਾਮੀ ਸਬੰਧੀ ਕਾਰਗੁਜ਼ਾਰੀ, ਮਾਈਨਿੰਗ ਦੇ ਸੰਚਾਲਨ ਅਤੇ ਸਥਾਈ ਮਾਈਨਿੰਗ ਸੁਧਾਰਾਂ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰਾਪਤੀ ਲਈ ਸੂਬੇ ਨੂੰ ਕੇਂਦਰ ਸਰਕਾਰ ਵੱਲੋਂ 200 ਕਰੋੜ ਰੁਪਏ ਦਾ ਰਿਵਾਰਡ ਦਿੱਤਾ ਗਿਆ ਹੈ ਜਿਸ ਨੂੰ ਸਰਕਾਰੀ ਖਜ਼ਾਨੇ ਵਿੱਚ ਜਮ ?ਹਾਂ ਕੀਤਾ ਗਿਆ ਹੈ। ਕੈਬਨਿਟ ਮੰਤਰੀ ਨੇ ਆਪਣੇ ਹਲਕੇ ਵਿੱਚ ਕੀਤੇ ਗਏ ਵਿਕਾਸ ਕਾਰਜਾਂ ‘ਤੇ ਚਾਨਣਾ ਪਾਉਂਦਿਆਂ ਲਹਿਰਾਗਾਗਾ ਵਿਖੇ ਮੈਡੀਕਲ ਕਾਲਜ ਬਣਾਉਣ ਦੇ ਐਲਾਨ ’ਤੇ ਖੁਸ਼ੀ ਜ਼ਾਹਰ ਕੀਤੀ। ਉਨ੍ਹਾਂ ਕਿਹਾ ਕਿ ਇਸ ਖੇਤਰ ਨੂੰ ਪਹਿਲਾਂ ਕਈ ਸਾਲਾਂ ਤੋਂ ਪਛੜੇ ਖੇਤਰ ਵਜੋਂ ਜਾਣਿਆ ਜਾਂਦਾ ਸੀ ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੇ ਫੈਸਲੇ ਨਾਲ ਇਸ ਖੇਤਰ ਦੀਆਂ ਸਿਹਤ ਸਹੂਲਤਾਂ ਦੀ ਕਾਇਆ ਕਲਪ ਹੋ ਰਹੀ ਹੈ। ਉਨ੍ਹਾਂ ਸਦਨ ਨੂੰ ਦੱਸਿਆ ਕਿ ਮੈਡੀਕਲ ਕਾਲਜ ਦੇ ਕਾਰਜਸ਼ੀਲ ਹੋਣ ਤੋਂ ਬਾਅਦ ਇੱਕ ਮਹੀਨੇ ਦੇ ਅੰਦਰ ਓਪੀਡੀ ਅਤੇ ਆਈਪੀਡੀ ਸੇਵਾਵਾਂ ਸ਼ੁਰੂ ਹੋ ਜਾਣਗੀਆਂ ਅਤੇ ਲਗਭਗ 11 ਮਾਹਿਰ ਡਾਕਟਰ ਇਲਾਕੇ ਦੇ ਲੋਕਾਂ ਲਈ ਸੇਵਾਵਾਂ ਪ੍ਰਦਾਨ ਕਰਨਾ ਸ਼ੁਰੂ ਕਰ ਦੇਣਗੇ। ਸਿੰਚਾਈ ਸੁਧਾਰਾਂ ‘ਤੇ ਚਾਨਣਾ ਪਾਉਂਦਿਆਂ ਮੰਤਰੀ ਨੇ ਕਿਹਾ ਕਿ ਸਾਲ 2022 ਵਿੱਚ ਸੱਤਾ ਸੰਭਾਲਣ ਤੋਂ ਬਾਅਦ ਪੰਜਾਬ ਸਰਕਾਰ ਨੇ ਧਰਤੀ ਹੇਠਲੇ ਪਾਣੀ ’ਤੇ ਨਿਰਭਰਤਾ ਨੂੰ ਘਟਾਉਣ ਲਈ ਨਹਿਰੀ ਪਾਣੀ ਦੀ ਸਪਲਾਈ ਨੂੰ ਸੂਬੇ ਦੇ ਦੂਰ-ਦਰਾਡੇ ਦੇ ਖੇਤਰਾਂ ਤੱਕ ਪਹੁੰਚਣ ’ਤੇ ਧਿਆਨ ਕੇਂਦਰਿਤ ਕੀਤਾ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਪੰਜਾਬ ਵੱਲੋਂ ਡੈਮਾਂ ਵਿੱਚੋਂ ਆਪਣੇ ਹਿੱਸੇ ਦੇ ਪਾਣੀ ਦਾ ਸਿਰਫ਼ 24 ਫ਼ੀਸਦੀ ਹਿੱਸਾ ਹੀ ਵਰਤਿਆ ਜਾਂਦਾ ਸੀ ਜਦੋਂਕਿ ਮਾਨ ਸਰਕਾਰ ਨੇ ਇਸ ਦੀ ਵਰਤੋਂ ਵਧਾ ਕੇ ਤਕਰੀਬਨ 78 ਫ਼ੀਸਦੀ ਕਰ ਦਿੱਤੀ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪਿਛਲੀ ਸਰਕਾਰ ਦੇ ਤਿੰਨ ਸਾਲਾਂ ਦੇ ਕਾਰਜਕਾਲ ਦੌਰਾਨ ਖਰਚੇ ਗਏ 2046 ਕਰੋੜ ਰੁਪਏ ਦੇ ਮੁਕਾਬਲੇ ਨਹਿਰੀ ਸਿੰਚਾਈ ਨੈੱਟਵਰਕ ਨੂੰ ਮਜ਼ਬੂਤ ਕਰਨ ਲਈ ਲਗਭਗ 6500 ਕਰੋੜ ਰੁਪਏ ਦਾ ਨਿਵੇਸ਼ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਫਿਰੋਜ਼ਪੁਰ ਫੀਡਰ ਦੀ ਸਮਰੱਥਾ ਨੂੰ 2600 ਕਿਊਸਿਕ ਤੱਕ ਵਧਾਉਣਾ ਅਤੇ ਸਰਹਿੰਦ ਨਹਿਰ ਦੀ ਸਮਰੱਥਾ ਨੂੰ 2700 ਕਿਊਸਿਕ ਤੱਕ ਵਧਾਉਣ ਨਾਲ ਲਗਭਗ 9.35 ਲੱਖ ਏਕੜ ਖੇਤਾਂ ਦੀ ਸਿੰਚਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਨ੍ਹਾਂ ਮੁੱਖ ਨਹਿਰਾਂ ਨੂੰ ਮਜ਼ਬੂਤ ਕਰਨਾ ਇੱਕ ਨਵੀਂ ਭਾਖੜਾ ਨਹਿਰ ਬਣਾਉਣ ਦੇ ਬਰਾਬਰ ਸਿੰਚਾਈ ਸਮਰੱਥਾ ਪੈਦਾ ਕਰਨਾ ਹੈ, ਜਿਸ ਨਾਲ ਸੂਬੇ ਦੇ ਵੱਡੇ ਖੇਤਰਾਂ ਵਿੱਚ ਕਿਸਾਨਾਂ ਲਈ ਭਰੋਸੇਯੋਗ ਪਾਣੀ ਦੀ ਸਪਲਾਈ ਯਕੀਨੀ ਹੋ ਗਈ ਹੈ।

# ਪੰਜਾਬ ਦਾ ਬਜਟ ਲੋਕ ਭਲਾਈ, ਮਹਿਲਾ ਸਸ਼ਕਤੀਕਰਨ ਅਤੇ ਸਮਾਜਿਕ ਨਿਆਂ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ : ਲਾਲਜੀਤ ਸਿੰਘ ਭੁੱਲਰ

## ਲਾਲਜੀਤ ਸਿੰਘ ਭੁੱਲਰ ਨੇ ਪੰਜਾਬ ਵਿਧਾਨ ਸਭਾ ਵਿੱਚ ਬਜਟ ’ਤੇ ਚਰਚਾ ਵਿੱਚ ਹਿੱਸਾ ਲਿਆ

ਐਸ. ਕੇ. ਸਕਸੈਨਾ



ਚੰਡੀਗੜ੍ਹ, ਪੰਜਾਬ ਦੇ ਟਰਾਂਸਪੋਰਟ ਅਤੇ ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਅੱਜ ਪੰਜਾਬ ਵਿਧਾਨ ਸਭਾ ਵਿੱਚ ਪੰਜਾਬ ਬਜਟ 2026-27 ’ਤੇ ਹੋ ਰਹੀ ਚਰਚਾ ਵਿੱਚ ਹਿੱਸਾ ਲੈਂਦਿਆਂ ਇਸ ਬਜਟ ਨੂੰ ਤਰੱਕੀਪਸੰਦ, ਦੂਰਦਰਸ਼ੀ ਅਤੇ ਆਮ ਲੋਕਾਂ ਦੀ ਭਲਾਈ ਉੱਤੇ ਕੇਂਦਰਿਤ ਕਰਾਰ ਦਿੱਤਾ। ਚਰਚਾ ਵਿੱਚ ਹਿੱਸਾ ਲੈਂਦਿਆਂ ਮੰਤਰੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹ ਬਜਟ ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਕੀਤੀਆਂ ਗਰੰਟੀਆਂ ਨੂੰ ਪੂਰਾ ਕਰਨ ਅਤੇ ਸੂਬੇ ਵਿੱਚ ਸਮਾਂਬੱਧ ਵਿਕਾਸ ਨੂੰ ਯਕੀਨੀ ਬਣਾਉਣ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਭੁੱਲਰ ਨੇ ਕਿਹਾ ਕਿ ਇਹ ਬਜਟ ਖਾਸ ਤੌਰ ’ਤੇ ਆਰਥਿਕ ਤੌਰ ’ਤੇ ਕਮਜ਼ੋਰ ਵਰਗਾਂ, ਮਹਿਲਾਵਾਂ ਅਤੇ ਹਾਸ਼ੀਏ ’ਤੇ ਰਹਿੰਦੇ ਵਰਗਾਂ ਦੀ ਸਮਾਜਿਕ ਅਤੇ ਆਰਥਿਕ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਤਿਆਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਲੋਕ ਭਲਾਈ ਯੋਜਨਾਵਾਂ ਨੂੰ ਵਧਾਉਣ ਅਤੇ ਸਰਕਾਰੀ ਸਕੀਮਾਂ ਦੇ ਲਾਭ ਹਰ ਘਰ ਤੱਕ ਪਹੁੰਚਾਉਣ ਲਈ ਕਈ ਮਹੱਤਵਪੂਰਨ ਕਦਮ ਚੁੱਕੇ ਹਨ। ਸਿਹਤ ਖੇਤਰ ਵਿੱਚ ਸਰਕਾਰ ਦੀਆਂ ਪਹਿਲਕਦਮੀਆਂ ਬਾਰੇ ਗੱਲ ਕਰਦਿਆਂ ਮੰਤਰੀ ਨੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਜ਼ਿਕਰ ਕੀਤਾ, ਜਿਸ ਤਹਿਤ ਯੋਗ ਪਰਿਵਾਰਾਂ ਨੂੰ ?10 ਲੱਖ ਤੱਕ ਦਾ ਮੁਫ਼ਤ ਇਲਾਜ ਮੁਹੱਈਆ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਸਕੀਮ ਗਰੀਬ ਅਤੇ ਲੋੜਵੰਦ ਪਰਿਵਾਰਾਂ ਲਈ ਵੱਡੀ ਰਾਹਤ ਸਾਬਤ ਹੋਵੇਗੀ ਅਤੇ ਮੈਡੀਕਲ ਐਮਰਜੈਂਸੀ ਦੇ ਸਮੇਂ ਪਰਿਵਾਰਾਂ ਨੂੰ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਮਹਿਲਾ ਸਸ਼ਕਤੀਕਰਨ ਪ੍ਰਤੀ ਸਰਕਾਰ ਦੀ ਵਚਨਬੱਧਤਾ ਉਤੇ ਜ਼ੋਰ ਦਿੰਦਿਆਂ ਭੁੱਲਰ ਨੇ ਕਿਹਾ ਕਿ ਜਨਰਲ ਵਰਗ ਦੀਆਂ ਮਹਿਲਾਵਾਂ ਨੂੰ ਪ੍ਰਤੀ ਮਹੀਨਾ ?1000 ਅਤੇ ਅਨੁਸੂਚਿਤ ਜਾਤੀ ਵਰਗ ਦੀਆਂ ਮਹਿਲਾਵਾਂ ਨੂੰ ?1500 ਪ੍ਰਤੀ ਮਹੀਨਾ ਦੀ ਆਰਥਿਕ ਸਹਾਇਤਾ ਦੇਣ ਵਾਲੀ ਯੋਜਨਾ ਮਹਿਲਾਵਾਂ ਦੀ ਆਰਥਿਕ ਖੁਦਮੁਖਤਿਆਰਤਾ ਨੂੰ ਮਜ਼ਬੂਤ ਕਰੇਗੀ ਅਤੇ ਉਨ੍ਹਾਂ ਨੂੰ ਪਰਿਵਾਰ ਦੀ ਆਰਥਿਕ ਮਜ਼ਬੂਤੀ ਵਿੱਚ ਵਧੇਰੇ ਯੋਗਦਾਨ ਪਾਉਣ ਦੇ ਯੋਗ ਬਣਾਏਗੀ। ਉਨ੍ਹਾਂ ਇਸ ਪਹਿਲਕਦਮੀ ਨੂੰ “ਸਨਮਾਨ ਰਾਸ਼ੀ” ਕਰਾਰ ਦਿੰਦਿਆਂ ਕਿਹਾ ਕਿ ਇਸ ਦਾ ਮਕਸਦ ਸੂਬੇ ਦੀਆਂ ਮਹਿਲਾਵਾਂ ਨੂੰ ਆਰਥਿਕ ਸੁਰੱਖਿਆ ਅਤੇ ਸਨਮਾਨ ਪ੍ਰਦਾਨ ਕਰਨਾ ਹੈ। ਮੰਤਰੀ ਨੇ ਅੱਗੇ ਕਿਹਾ ਕਿ ਅਨੁਸੂਚਿਤ ਜਾਤੀ ਭਾਈਚਾਰਿਆਂ ਨੇ ਇਤਿਹਾਸਕ ਤੌਰ ’ਤੇ ਭੇਦਭਾਵ ਅਤੇ ਸਮਾਜਿਕ-ਆਰਥਿਕ ਚੁਣੌਤੀਆਂ ਦਾ ਸਾਹਮਣਾ ਕੀਤਾ ਹੈ। ਇਸ ਨੂੰ ਧਿਆਨ ਵਿੱਚ ਰੱਖਦਿਆਂ ਸਰਕਾਰ ਵੱਲੋਂ ਇਨ੍ਹਾਂ ਪਰਿਵਾਰਾਂ ਲਈ ਵਿਸ਼ੇਸ਼ ਸਹਾਇਤਾ ਦੇ ਉਪਰਾਲੇ ਕੀਤੇ ਗਏ ਹਨ ਤਾਂ ਜੋ ਉਨ੍ਹਾਂ ਦੇ ਬੱਚੇ ਚੰਗੀ ਸਿੱਖਿਆ ਪ੍ਰਾਪਤ ਕਰ ਸਕਣ ਅਤੇ ਭਵਿੱਖ ਵਿੱਚ ਸਮਾਜ ਦੀ ਤਰੱਕੀ ਵਿੱਚ ਯੋਗਦਾਨ ਪਾ ਸਕਣ। ਭੁੱਲਰ ਨੇ ਇਹ ਵੀ ਕਿਹਾ ਕਿ ਕੇਂਦਰ ਵੱਲੋਂ ਘੱਟ ਸਹਿਯੋਗ ਅਤੇ ਵਿੱਤੀ ਪਾਬੰਦੀਆਂ ਦੇ ਬਾਵਜੂਦ ਪੰਜਾਬ ਸਰਕਾਰ ਨੇ ਆਪਣੇ ਆਮਦਨ ਸਰੋਤਾਂ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਤਰੱਕੀ ਕੀਤੀ ਹੈ। ਇਸ ਨਾਲ ਸਰਕਾਰ ਨੂੰ ਲੋਕ ਭਲਾਈ ਯੋਜਨਾਵਾਂ ਨੂੰ ਵਧਾਉਣ ਅਤੇ ਸੇਵਾਵਾਂ ਦੀ ਡਿਲੀਵਰੀ ਨੂੰ ਸੁਧਾਰਨ ਵਿੱਚ ਮਦਦ ਮਿਲੀ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸੂਬੇ ’ਤੇ ਭਾਰੀ ਕਰਜ਼ਾ ਤਾਂ ਚਾੜ੍ਹਿਆ ਪਰ ਲੋਕਾਂ ਨੂੰ ਉਸ ਅਨੁਪਾਤ ਵਿੱਚ ਲਾਭ ਨਹੀਂ ਮਿਲੇ। ਇਸ ਦੇ ਉਲਟ ਮੌਜੂਦਾ ਸਰਕਾਰ ਜ਼ਿੰਮੇਵਾਰ ਵਿੱਤੀ ਪ੍ਰਬੰਧਨ ਨੂੰ ਤਰਜੀਹ ਦੇ ਰਹੀ ਹੈ ਅਤੇ ਇਹ ਯਕੀਨੀ ਬਣਾ ਰਹੀ ਹੈ ਕਿ ਸਰਕਾਰੀ ਸਰੋਤਾਂ ਦਾ ਇਸਤੇਮਾਲ ਲੋਕਾਂ ਦੀ ਭਲਾਈ ਅਤੇ ਵਿਕਾਸ ਲਈ ਕੀਤਾ ਜਾਵੇ। ਅਖੀਰ ਵਿੱਚ ਭੁੱਲਰ ਨੇ ਦੁਹਰਾਇਆ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਕਿਸਾਨਾਂ, ਮਜ਼ਦੂਰਾਂ, ਮਹਿਲਾਵਾਂ ਅਤੇ ਸਮਾਜ ਦੇ ਪਿੱਛੜੇ ਵਰਗਾਂ ਦੇ ਹਿੱਤਾਂ ਦੀ ਰੱਖਿਆ ਲਈ ਪੂਰੀ ਨਿਸ਼ਠਾ ਅਤੇ ਪਾਰਦਰਸ਼ੀ ਤਰੀਕੇ ਨਾਲ ਕੰਮ ਕਰਦੀ ਰਹੇਗੀ।

# ਅਮਨ ਅਰੋੜਾ ਵੱਲੋਂ ਬੱਚਿਆਂ ਦੀ ਸੁਰੱਖਿਆ ਲਈ ਉਮਰ ਦੇ ਆਧਾਰ ‘ਤੇ ਸੋਸ਼ਲ ਮੀਡੀਆ ਦੀ ਵਰਤੋਂ ਸਬੰਧੀ ਨਿਯਮ ਬਣਾਉਣ ਦੀ ਵਕਾਲਤ

ਮਨਦੀਪ ਕੌਰ



ਚੰਡੀਗੜ੍ਹ, ਡਿਜੀਟਲ ਦੁਨੀਆਂ ਵਿੱਚ ਬੱਚਿਆਂ ਦੀ ਲੋੜ ਤੋਂ ਵੱਧ ਦਿਲਚਸਪੀ ਸਬੰਧੀ ਆਲਮੀ ਫ਼ ?ਕਰਾਂ ਦਰਮਿਆਨ ਪੰਜਾਬ ਦੇ ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤਕਨਾਲੋਜੀ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਨਾਬਾਲਗਾਂ ਦੁਆਰਾ ਸੋਸ਼ਲ ਮੀਡੀਆ ਦੀ ਵਰਤੋਂ ਸਬੰਧੀ ਨਿਯਮ ਬਣਾਉਣ ਵਾਸਤੇ ਮਾਮਲਾ ਕੇਂਦਰ ਸਰਕਾਰ ਕੋਲ ਚੁੱਕੇਗੀ। ਇਸ ਤੋਂ ਇਲਾਵਾ ਸੂਬਾ ਸਰਕਾਰ ਬੱਚਿਆਂ ਦੇ ਹਿੱਤਾਂ ਦੀ ਰਾਖੀ ਲਈ ਆਲਮੀ ਪੱਧਰ ‘ਤੇ ਪ੍ਰਚਲਿਤ ਚੰਗੀਆਂ ਰੀਤਾਂ ਦਾ ਵੀ ਮੁਲਾਂਕਣ ਕਰੇਗੀ। ਪੰਜਾਬ ਵਿਧਾਨ ਸਭਾ ਵਿੱਚ ਵਿਧਾਇਕ ਰਾਣਾ ਇੰਦਰ ਪ੍ਰਤਾਪ ਸਿੰਘ ਵੱਲੋਂ ਪੇਸ਼ ਕੀਤੇ ਗਏ ਧਿਆਨ ਦਿਵਾਊ ਮਤੇ ਦਾ ਜਵਾਬ ਦਿੰਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਡਿਜੀਟਲ ਸਮੱਗਰੀ ਦੀ ਵਰਤੋਂ ਉਮਰ-ਅਧਾਰਤ ਹੋਣੀ ਚਾਹੀਦੀ ਹੈ। ਸਾਨੂੰ ਇਹ ਨਿਰਧਾਰਤ ਕਰਨਾ ਚਾਹੀਦਾ ਹੈ ਕਿ ਕਿਹੜੀ ਸਮੱਗਰੀ 8 ਤੋਂ 12 ਸਾਲ ਦੀ ਉਮਰ ਦੇ ਬੱਚਿਆਂ ਲਈ ਢੁਕਵੀਂ ਹੈ, 13 ਤੋਂ 16 ਸਾਲ ਦੀ ਉਮਰ ਦੇ ਬੱਚਿਆਂ ਲਈ ਕਿਹੜੀ ਅਤੇ 18 ਸਾਲ ਤੋਂ ਵੱਧ ਉਮਰ ਦੇ ਨੌਜਵਾਨਾਂ ਲਈ ਕਿਹੜੀ ਸਮੱਗਰੀ ਢੁਕਵੀਂ ਹੈ। ਉਨ੍ਹਾਂ ਕਿਹਾ ਕਿ ਮੁਕੰਮਲ ਪਾਬੰਦੀ ਲਾਉਣਾ ਅਕਸਰ ਪਾਬੰਦੀਸ਼ੁਦਾ ਚੀਜ਼ ਵਿੱਚ ਬੱਚਿਆਂ ਦੀ ਮਨੋਵਿਗਿਆਨਕ ਦਿਲਚਸਪੀ ਨੂੰ ਹੋਰ ਵਧਾਉਂਦਾ ਹੈ ਅਤੇ ਅਜਿਹੀਆਂ ਪਾਬੰਦੀਆਂ ਅਕਸਰ ਨੌਜਵਾਨ ਉਪਭੋਗਤਾਵਾਂ ਨੂੰ ਇੰਟਰਨੈੱਟ ਦੀ ਕਾਲੀ ਦੁਨੀਆ ਅਤੇ ਗਲਤ ਪਾਸੇ ਲੈ ਜਾਂਦੀਆਂ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਸੂਬਾ ਸਰਕਾਰ ਬੱਚਿਆਂ ਦੀ ਸੁਰੱਖਿਆ ਅਤੇ ਇਹ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਕਿ ਡਿਜੀਟਲ ਯੁੱਗ ਇੱਕ ਗਲਤ ਆਦਤ ਬਣਨ ਦੀ ਥਾਂ ਸਿਰਫ਼ ਮੌਕਿਆਂ ਦੇ ਦੌਰ ਤੱਕ ਹੀ ਸੀਮਤ ਰਹੇ। ਮੋਬਾਈਲ ਫੋਨ ਦੀ ਵਧਦੀ ਆਦਤ ਅਤੇ ਬੱਚਿਆਂ ਦੇ ਨੁਕਸਾਨਦੇਹ ਔਨਲਾਈਨ ਸਮੱਗਰੀ ਦੇ ਸੰਪਰਕ ‘ਚ ਆਉਣ ਦੀ ਸਮੱਸਿਆ ਦੇ ਟਾਕਰੇ ਲਈ ਸੂਬਾ ਸਰਕਾਰ ਦੀ ਵਿਆਪਕ ÷ਡਿਜੀਟਲ ਸੇਫਟੀ ਨੈੱਟ÷ ਰਣਨੀਤੀ ਦੀ ਰੂਪਰੇਖਾ ਬਾਰੇ ਦੱਸਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਸ ਸਮੱਸਿਆ ਦੇ ਟਾਕਰੇ ਲਈ ਸਰਕਾਰ, ਸਕੂਲਾਂ ਅਤੇ ਸਭ ਤੋਂ ਮਹੱਤਵਪੂਰਨ ਮਾਪਿਆਂ ਦੀ ਸ਼ਮੂਲੀਅਤ ਵਾਲੇ ਸਮੂਹਿਕ ਮੋਰਚੇ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਹ ਚਿੰਤਾ ਪੰਜਾਬ ਜਾਂ ਸਿਰਫ਼ ਭਾਰਤ ਤੱਕ ਸੀਮਿਤ ਨਹੀਂ ਹੈ, ਸਗੋਂ ਇਹ ਇੱਕ ਆਲਮੀ ਚੁਣੌਤੀ ਵਜੋਂ ਉੱਭਰੀ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਆਸਟ ?ਰੇਲੀਆ ਨੇ ਹਾਲ ਹੀ ਵਿੱਚ 16 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਸੋਸ਼ਲ ਮੀਡੀਆ ਖਾਤਿਆਂ ’ਤੇ ਪਾਬੰਦੀ ਲਾਉਣ ਵਾਲਾ ਕਾਨੂੰਨ ਬਣਾਇਆ ਹੈ ਅਤੇ ਕਰਨਾਟਕ ਨੇ ਵੀ ਇਸੇ ਤਰ੍ਹਾਂ ਦੀ ਹੀ ਪਾਬੰਦੀ ਦਾ ਪ੍ਰਸਤਾਵ ਰੱਖਿਆ ਹੈ। ਇਸਦੇ ਨਾਲ ਹੀ ਆਂਧਰਾ ਪ੍ਰਦੇਸ਼ ਵੀ 13 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਡਿਜੀਟਲ ਸਮੱਗਰੀ ਦੀ ਪਹੁੰਚ ਨੂੰ ਸੀਮਤ ਕਰਨ ’ਤੇ ਵਿਚਾਰ ਕਰ ਰਿਹਾ ਹੈ।

# ਦੇਖਭਾਲ ਨਾਲ ਜੁੜੀ ਆਰਥਿਕਤਾ : ਮਹਿਲਾਵਾਂ ਦੀ ਅਗਵਾਈ ਵਾਲੇ ਵਿਕਾਸ ਦੀ ਢਾਂਚਾਗਤ ਨੀਂਹ

ਸ਼੍ਰੀਮਤੀ ਅੰਨਪੂਰਨਾ ਦੇਵੀ



ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਉਂਦੇ ਹੋਏ, ਅਸੀਂ ਨਾ ਸਿਰਫ਼ ਭਾਰਤ ਦੀਆਂ ਮਹਿਲਾਵਾਂ ਦੀਆਂ ਪ੍ਰਾਪਤੀਆਂ ਦਾ ਸਨਮਾਨ ਕਰਦੇ ਹਾਂ, ਸਗੋਂ ਉਨ੍ਹਾਂ ਦੀ ਲਗਨ, ਪਾਲਣ-ਪੋਸ਼ਣ, ਦ੍ਰਿੜ ਇਰਾਦੇ ਅਤੇ ਪਰਿਵਰਤਨਸ਼ੀਲ ਭਾਵਨਾ ਦਾ ਵੀ ਸਨਮਾਨ ਕਰਦੇ ਹਾਂ। ਮਹਿਲਾ ਦਿਵਸ ਸਿਰਫ਼ ਕੈਲੰਡਰ ’ਤੇ ਇੱਕ ਤਾਰੀਖ ਨਹੀਂ ਹੈ, ਸਗੋਂ ਇਹ ਇਸ ਗੱਲ ਦੀ ਪੁਸ਼ਟੀ ਹੈ ਕਿ ਭਾਰਤ ਦੀ ਵਿਕਾਸ ਯਾਤਰਾ ਵਿੱਚ ਮਹਿਲਾਵਾਂ ਦੀ ਭੂਮਿਕਾ ਪੈਰੀਫਿਰਲ ਵਿੱਚ ਨਹੀਂ, ਸਗੋਂ ਕੇਂਦਰ ਵਿੱਚ ਰਹੀ ਹੈ। ਸਾਡੀਆਂ ਮਹਿਲਾਵਾਂ ਸਿਰਫ ਸੰਸਥਾਵਾਂ ਅਤੇ ਬੋਰਡਰੂਮਾਂ ਤੱਕ ਸੀਮਤ ਨਹੀਂ ਹਨ; ਉਹ ਵਿਹੜਿਆਂ, ਖੇਤਾਂ, ਪ੍ਰਯੋਗਸ਼ਾਲਾਵਾਂ, ਕਲਾਸਰੂਮਾਂ, ਸੁਰੱਖਿਆ ਬਲਾਂ ਅਤੇ ਪ੍ਰਸ਼ਾਸਨਿਕ ਪ੍ਰਣਾਲੀਆਂ ਵਿੱਚ ਲੀਡਰਸ਼ਿਪ ਦਾ ਇੱਕ ਨਵਾਂ ਅਧਿਆਇ ਲਿਖ ਰਹੀਆਂ ਹਨ।

ਉੱਚ ਸਿੱਖਿਆ ਵਿੱਚ ਮਹਿਲਾਵਾਂ ਦੀ ਭਾਗੀਦਾਰੀ ਲਗਾਤਾਰ ਵਧ ਰਹੀ ਹੈ। ਵਿਗਿਆਨ, ਤਕਨਾਲੋਜੀ, ਇੰਜੀਨੀਅਰਿੰਗ ਅਤੇ ਗਣਿਤ (ਸਟੈੱਮ) ਦੇ ਖੇਤਰਾਂ ਵਿੱਚ ਨਵੀਆਂ ਪ੍ਰਾਪਤੀਆਂ ਕਰ ਰਹੀਆਂ ਹਨ। ਰੱਖਿਆ ਸੇਵਾਵਾਂ ਵਿੱਚ ਮਹਿਲਾ ਅਧਿਕਾਰੀ ਵਿਲੱਖਣਤਾ ਨਾਲ ਪ੍ਰਦਰਸ਼ਨ ਕਰ ਰਹੀਆਂ ਹਨ - ਲੜਾਕੂ ਜਹਾਜ਼ ਉਡਾਉਣ ਤੋਂ ਲੈ ਕੇ ਰਾਸ਼ਟਰੀ ਰੱਖਿਆ ਅਕੈਡਮੀ ਵਿੱਚ ਸਿਖਲਾਈ ਤੱਕ, ਉਹ ਨਵੀਆਂ ਦਿਸ਼ਾਵਾਂ ਦਾ ਵਿਸਥਾਰ ਕਰ ਰਹੀਆਂ ਹਨ।

ਇਤਿਹਾਸ ਭਾਰਤੀ ਮਹਿਲਾਵਾਂ ਦੀ ਤਾਕਤ ਦਾ ਗਵਾਹ ਹੈ। ਰਾਣੀ ਲਕਸ਼ਮੀਬਾਈ ਨੇ ਨਿਡਰਤਾ ਨਾਲ ਆਪਣੇ ਦੇਸ਼ ਦੀ ਰੱਖਿਆ ਕੀਤੀ। ਸਾਵਿਤ੍ਰੀਬਾਈ ਫੁਲੇ ਨੇ ਸਮਾਜਿਕ ਨਿਯਮਾਂ ਨੂੰ ਚੁਣੌਤੀ ਦਿੱਤੀ ਅਤੇ ਕੁੜੀਆਂ ਦੀ ਸਿੱਖਿਆ ਦੀ ਅਗਵਾਈ ਕੀਤੀ। ਦੇਵੀ ਅਹਿਲਿਆਬਾਈ ਹੋਲਕਰ ਨੇ ਬੁੱਧੀ ਅਤੇ ਦਇਆ ਨਾਲ ਜਨਤਕ ਭਲਾਈ ਨੂੰ ਸ਼ਾਸਨ ਦੇ ਕੇਂਦਰ ਵਿੱਚ ਰੱਖਿਆ। ਨੀਤੀ ਸੁਧਾਰ ਅਤੇ ਦ੍ਰਿੜਤਾ ਦੀ ਉਨ੍ਹਾਂ ਦੀ ਵਿਰਾਸਤ ਅੱਜ ਵੀ ਸਾਡਾ ਮਾਰਗਦਰਸ਼ਨ ਕਰਦੀ ਹੈ। ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੀ ਦੂਰਦਰਸ਼ੀ ਅਗਵਾਈ ਹੇਠ, ਭਾਰਤ ਮਹਿਲਾਵਾਂ ਨੂੰ ਸਿਰਫ਼ ਲਾਭਪਾਤਰੀ ਵਜੋਂ ਦੇਖਣ ਤੋਂ ਅੱਗੇ ਵਧ ਕੇ ਉਨ੍ਹਾਂ ਨੂੰ ਵਿਕਾਸ ਦੇ ਨੇਤਾਵਾਂ ਅਤੇ ਚਾਲਕਾਂ ਵਜੋਂ ਮਾਨਤਾ ਦੇਣ ਵੱਲ ਵਧਿਆ ਹੈ। ਮਹਿਲਾਵਾਂ ਦੀ ਅਗਵਾਈ ਵਾਲਾ ਵਿਕਾਸ ਹੁਣ ਇੱਕ ਇੱਛਾ ਨਹੀਂ ਰਹੀ - ਇਹ ਨੀਤੀ, ਸ਼ਾਸਨ ਅਤੇ ਰਾਸ਼ਟਰੀ ਤਰਜੀਹਾਂ ਵਿੱਚ ਪ੍ਰਤੀਬਿੰਬਤ ਹੁੰਦਾ ਹੈ।

ਸਮਾਜ ਦੀ ਹਰ ਪ੍ਰਤੱਖ ਪ੍ਰਾਪਤੀ ਦੇ ਪਿੱਛੇ, ਇੱਕ ਬੁਨਿਆਦੀ ਸ਼ਕਤੀ ਅਣਥੱਕ ਕੰਮ ਕਰਦੀ ਹੈ - ÷ਦੇਖਭਾਲ ਦੀ ਅਰਥਵਿਵਸਥਾ (ਕੇਅਰ ਇਕੋਨੌਮੀ)÷। ਇਹੀ ਚੁੱਪ ਊਰਜਾ ਹੈ ਜੋ ਹਰ ਪਲ ਭਾਰਤ ਦੇ ਵਜੂਦ ਨੂੰ ਕਾਇਮ ਰੱਖਦੀ ਹੈ। ਇਹ ਇੱਕ ਮਾਂ ਦਾ ਸਮਰਪਣ ਹੈ ਜੋ ਸੂਰਜ ਚੜ੍ਹਨ ਤੋਂ ਪਹਿਲਾਂ ਆਪਣੇ ਅਜ਼ੀਜ਼ਾਂ ਲਈ ਚੁੱਲ੍ਹਾ ਜਗਾਉਂਦੀ ਹੈ ਅਤੇ ਫਿਰ ਰੋਜ਼ੀ-ਰੋਟੀ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਨਿਕਲ ਪੈਂਦੀ ਹੈ। ਇਹ ਉਸ ਪਤਨੀ ਦੀ ਅਟੱਲ ਵਫ਼ਾਦਾਰੀ ਹੈ ਜੋ ਸਭ ਤੋਂ ਔਖੇ ਸਮੇਂ ਵਿੱਚ ਵੀ, ਪਰਿਵਾਰ ਦੀ ਨੀਂਹ ਨੂੰ ਬਰਕਰਾਰ ਰੱਖਦੀ ਹੈ। ਉਹ ਧੀ ਜੋ ਪੂਰੇ ਦਿਨ ਦੇ ਕੰਮ ਨੂੰ ਰਾਤ ਨੂੰ ਬੁੱਢੇ ਮਾਪਿਆਂ ਦੀ ਦੇਖਭਾਲ ਨਾਲ ਸੰਤੁਲਿਤ ਕਰਦੀ ਹੈ। ਇਸ ਮਿਹਨਤ ਦਾ ਬਹੁਤ ਸਾਰਾ ਹਿੱਸਾ ਅਣਗੌਲਿਆ ਰਹਿ ਗਿਆ ਹੈ, ਫਿਰ ਵੀ ਇਹ ਚੁੱਪਚਾਪ ਸਾਡੇ ਘਰਾਂ, ਸਾਡੇ ਭਾਈਚਾਰਿਆਂ ਅਤੇ ਸਾਡੇ ਦੇਸ਼ ਨੂੰ ਸੰਭਾਲਦਾ ਹੈ। ਇਸ ਨੂੰ ਪਛਾਣਦੇ ਹੋਏ, ਸਰਕਾਰ ਸੰਮਲਿਤ ਵਿਕਾਸ ਦੀ ਨੀਂਹ ਵਜੋਂ ਦੇਖਭਾਲ ਦੇ ਕੰਮ ਦੀ ਕਦਰ ਕਰਨ, ਸਮਰਥਨ ਕਰਨ ਅਤੇ ਮਜ਼ਬੂਤ ਕਰਨ ਲਈ ਵਚਨਬੱਧ ਹੈ।

ਭਾਰਤ ਦੀ ਮਹਿਲਾ ਕਿਰਤ ਸ਼ਕਤੀ ਭਾਗੀਦਾਰੀ ਦਰ (ਐੱਫਐੱਲਐੱਫਪੀਆਰ) ਵਿੱਚ ਕਾਫ਼ੀ ਵਾਧਾ ਹੋਇਆ ਹੈ, ਜੋ 2017-18 ਵਿੱਚ 23.3 ਪ੍ਰਤੀਸ਼ਤ ਸੀ ਜੋ 2023-24 ਵਿੱਚ 41.7 ਪ੍ਰਤੀਸ਼ਤ ਹੋ ਗਈ ਹੈ। ਇਹ ਅੰਕੜਾ ਭਾਰਤੀ ਮਹਿਲਾਵਾਂ ਦੀਆਂ ਵਧਦੀਆਂ ਇੱਛਾਵਾਂ ਅਤੇ ਆਰਥਿਕ ਗਤੀਵਿਧੀਆਂ ਵਿੱਚ ਉਨ੍ਹਾਂ ਦੇ ਵਧਦੇ ਦਬਦਬੇ ਨੂੰ ਦਰਸਾਉਂਦਾ ਹੈ। ਤਨਖਾਹ ਵਾਲੇ ਕੰਮ ਵਿੱਚ ਮਹਿਲਾਵਾਂ ਦੀ ਇਹ ਭਾਗੀਦਾਰੀ ਨਾ ਸਿਰਫ਼ ਘਰੇਲੂ ਖੁਸ਼ਹਾਲੀ ਦਾ ਅਧਾਰ ਬਣਦੀ ਹੈ ਬਲਕਿ ਰਾਸ਼ਟਰੀ ਉਤਪਾਦਕਤਾ ਨੂੰ ਵੀ ਨਵੀਆਂ ਉਚਾਈਆਂ ਤੱਕ ਪਹੁੰਚਾਉਂਦੀ ਹੈ।

ਇਹੀ ਕਾਰਨ ਹੈ ਕਿ ਕੇਂਦਰੀ ਬਜਟ 2026-27 ’ਦੇਖਭਾਲ ਅਰਥਵਿਵਸਥਾ (ਕੇਅਰ ਇਕੋਨੌਮੀ)’ ਨੂੰ ਮਜ਼ਬੂਤ ਕਰਨ ’ਤੇ ਵਿਸ਼ੇਸ਼ ਜ਼ੋਰ ਦਿੰਦਾ ਹੈ। ’ਮਹਿਲਾ-ਅਗਵਾਈ ਵਾਲੇ ਵਿਕਾਸ’ ਪ੍ਰਤੀ ਸਾਡੀ ਅਟੁੱਟ ਵਚਨਬੱਧਤਾ ਇਤਿਹਾਸਕ ’ਜੈਂਡਰ ਬਜਟ’ ਵਿੱਚ ਸਪੱਸ਼ਟ ਤੌਰ ’ਤੇ ਝਲਕਦੀ ਹੈ, ਜਿਸ ਦੀ ਵੰਡ 5 ਲੱਖ ਕਰੋੜ ਰੁਪਏ ਤੋਂ ਵੱਧ ਦੇ ਆਪਣੇ ਹੁਣ ਤੱਕ ਦੇ ਸਭ ਤੋਂ ਉੱਚੇ ਪੱਧਰ ’ਤੇ ਪਹੁੰਚ ਗਈ ਹੈ। ਸਰਕਾਰ ਦੇ ਸੰਪੂਰਨ ਦ੍ਰਿਸ਼ਟੀਕੋਣ ਦੇ ਤਹਿਤ, ਅਸੀਂ 1.5 ਲੱਖ ਦੇਖਭਾਲ ਕਰਨ ਵਾਲਿਆਂ ਦੇ ਹੁਨਰ ਵਿਕਾਸ ਵਿੱਚ ਨਿਵੇਸ਼ ਕਰ ਰਹੇ ਹਾਂ, ਕੰਮ ਕਰਨ ਵਾਲੀਆਂ ਮਹਿਲਾਵਾਂ ਦੇ ਹੋਸਟਲਾਂ ਦਾ ਵਿਸਥਾਰ ਕਰ ਰਹੇ ਹਾਂ ਅਤੇ ਆਂਗਣਵਾੜੀ ਕੇਂਦਰਾਂ ਨੂੰ ਆਧੁਨਿਕ ਬਣਾ ਕੇ ਬਚਪਨ ਦੀ ਦੇਖਭਾਲ ਨੂੰ ਯਕੀਨੀ ਬਣਾ ਰਹੇ ਹਾਂ। ਇਸ ਤੋਂ ਇਲਾਵਾ, ਸਿਹਤ ਅਤੇ ਪੋਸ਼ਣ ਪ੍ਰਣਾਲੀਆਂ ਦੇ ਤਾਲਮੇਲ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਇਹ ਸਾਰੇ ਯਤਨ ਇੱਕ ਸਪੱਸ਼ਟ ਰਾਜਨੀਤਿਕ ਅਤੇ ਨੈਤਿਕ ਵਚਨਬੱਧਤਾ ਨੂੰ ਦਰਸਾਉਂਦੇ ਹਨ - ਜਦੋਂ ਮਹਿਲਾਵਾਂ ਨੂੰ ਲੋੜੀਂਦਾ ਸਮਰਥਨ ਅਤੇ ਪਲੈਟਫਾਰਮ ਮਿਲਦਾ ਹੈ, ਤਾਂ ਪੂਰੀ ਆਰਥਿਕਤਾ ਤੇਜ਼ ਹੁੰਦੀ ਹੈ।

ਸਮਾਜਿਕ ਸੁਰੱਖਿਆ ਕੋਡ ਅਤੇ ਕਿੱਤਾਮੁਖੀ ਸੁਰੱਖਿਆ, ਸਿਹਤ ਅਤੇ ਕੰਮਕਾਜੀ ਸਥਿਤੀਆਂ ਕੋਡ ਵਰਗੇ ਕਾਨੂੰਨੀ ਢਾਂਚੇ ਬਾਲ ਦੇਖਭਾਲ ਕੇਂਦਰਾਂ ਅਤੇ ਕਰਮਚਾਰੀ ਭਲਾਈ ਲਈ ਪ੍ਰਬੰਧਾਂ ਨੂੰ ਮਜ਼ਬੂਤ ਕਰਦੇ ਹਨ। ਇਹ ਸੁਧਾਰ ਇੱਕ ਡੂੰਘੇ ਸਿਧਾਂਤ ਨੂੰ ਦਰਸਾਉਂਦੇ ਹਨ- ਬਾਲ ਦੇਖਭਾਲ ਸਹਾਇਤਾ ਇੱਕ ਸੈਕੰਡਰੀ ਵਿਕਲਪ ਜਾਂ ਸਹੂਲਤ ਨਹੀਂ ਹੈ, ਸਗੋਂ ਆਰਥਿਕ ਨਿਆਂ ਦੀ ਇੱਕ ਜ਼ਰੂਰੀ ਢਾਂਚਾਗਤ ਨੀਂਹ ਹੈ। ਸਾਡੀ ਸਰਕਾਰ ਮਹਿਲਾਵਾਂ ਅਤੇ ਬੱਚਿਆਂ ਨੂੰ ਜੋ ਦੇਸ਼ ਦੀ ਕੁੱਲ ਆਬਾਦੀ ਦਾ 65 ਪ੍ਰਤੀਸ਼ਤ ਤੋਂ ਵੱਧ ਹਨ, ਰਾਸ਼ਟਰੀ ਤਰਜੀਹਾਂ ਦੇ ਕੇਂਦਰ ਵਿੱਚ ਰੱਖਦੀ ਹੈ। ਇਸ ਲਈ, ਉਨ੍ਹਾਂ ਦੀ ਸੰਪੂਰਨ ਤੰਦਰੁਸਤੀ ਇੱਕ ਜ਼ਰੂਰੀ ਰਣਨੀਤਕ ਜ਼ਰੂਰਤ ਹੈ।

ਤੇਜ਼ ਸ਼ਹਿਰੀਕਰਨ, ਪ੍ਰਵਾਸ ਅਤੇ ਪ੍ਰਮਾਣੂ ਪਰਿਵਾਰਾਂ ਦੇ ਵਧਦੇ ਰੁਝਾਨ ਨੇ ਸਾਡੇ ਰਵਾਇਤੀ ਸਮਾਜਿਕ ਸਹਾਇਤਾ ਪ੍ਰਣਾਲੀਆਂ ਨੂੰ ਬੁਨਿਆਦੀ ਤੌਰ ’ਤੇ ਬਦਲ ਦਿੱਤਾ ਹੈ। ਗੈਰ-ਰਸਮੀ ਢਾਂਚਿਆਂ ’ਤੇ ਵਧਦੇ ਦਬਾਅ ਦੇ ਨਾਲ ਪਹੁੰਚਯੋਗ, ਕਿਫਾਇਤੀ, ਅਤੇ ਗੁਣਵੱਤਾ ਵਾਲੇ ਬਾਲ ਦੇਖਭਾਲ ਅਤੇ ਪਰਿਵਾਰਕ ਸੇਵਾਵਾਂ ਦੀ ਜ਼ਰੂਰਤ ਤੇਜ਼ੀ ਨਾਲ ਜ਼ਰੂਰੀ ਹੁੰਦੀ ਜਾ ਰਹੀ ਹੈ।

ਦੇਖਭਾਲ ਅਰਥਵਿਵਸਥਾ ਵਿੱਚ ਇੱਕੋ ਸਮੇਂ ਨਿਵੇਸ਼ ਕਰਨ ਨਾਲ ਕਈ ਰਾਸ਼ਟਰੀ ਟੀਚਿਆਂ ਨੂੰ ਮਜ਼ਬੂਤੀ ਮਿਲਦੀ ਹੈ। ਇਹ ਮਹਿਲਾ ਕਾਰਜਬਲ ਦੀ ਭਾਗੀਦਾਰੀ ਨੂੰ ਵਧਾਉਂਦਾ ਹੈ, ਬੱਚਿਆਂ ਦੇ ਵਿਕਾਸ ਦੇ ਨਤੀਜਿਆਂ ਵਿੱਚ ਸੁਧਾਰ ਕਰਦਾ ਹੈ, ਬਜ਼ੁਰਗਾਂ ਦੀ ਭਲਾਈ ਨੂੰ ਯਕੀਨੀ ਬਣਾਉਂਦਾ ਹੈ ਅਤੇ ਸਨਮਾਨਜਨਕ ਰੁਜ਼ਗਾਰ ਲਈ ਨਵੇਂ ਮੌਕੇ ਪੈਦਾ ਕਰਦਾ ਹੈ। ਦੇਖਭਾਲ ਪ੍ਰਣਾਲੀਆਂ ਦਾ ਸੰਸਥਾਗਤੀਕਰਨ ਅਤੇ ਪੇਸ਼ੇਵਰੀਕਰਨ ਮਹਿਲਾਵਾਂ ਨੂੰ ਸਸ਼ਕਤ ਬਣਾਉਂਦਾ ਹੈ, ਪਰਿਵਾਰਾਂ ਨੂੰ ਸਥਿਰਤਾ ਪ੍ਰਦਾਨ ਕਰਦਾ ਹੈ ਅਤੇ ਸਮੁੱਚੀ ਆਰਥਿਕਤਾ ਨੂੰ ਤੇਜ਼ ਕਰਦਾ ਹੈ।

ਜਿਵੇਂ-ਜਿਵੇਂ ਭਾਰਤ ’ਅੰਮ੍ਰਿਤਕਾਲ’ ਤੋਂ ’ਵਿਕਸਿਤ ਭਾਰਤ 02047’ ਵੱਲ ਵਧ ਰਿਹਾ ਹੈ, ਅਸੀਂ ਇਸ ਪਰਿਵਰਤਨਸ਼ੀਲ ਸੱਚਾਈ ਨੂੰ ਪਛਾਣ ਰਹੇ ਹਾਂ ਕਿ ਸਮਾਜਿਕ ਨੀਂਹਾਂ ਨੂੰ ਮਜ਼ਬੂਤ ਕੀਤੇ ਬਿਨਾਂ ਵਿਕਾਸ ਟਿਕਾਊ ਨਹੀਂ ਹੋ ਸਕਦਾ - ਅਤੇ ਦੇਖਭਾਲ ਅਰਥਵਿਵਸਥਾ ਉਹ ਜ਼ਰੂਰੀ ਨੀਂਹ ਹੈ।

ਇਸ ਅੰਤਰਰਾਸ਼ਟਰੀ ਮਹਿਲਾ ਦਿਵਸ ’ਤੇ, ਅਸੀਂ ਦੇਖਭਾਲ ਦੇ ਅਦਿੱਖ ਕਿਰਤ ਦਾ ਸਤਿਕਾਰ ਕਰਨ ਅਤੇ ਸੰਸਥਾਗਤ ਤੌਰ ’ਤੇ ਸਸ਼ਕਤੀਕਰਨ ਕਰਨ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹਾਂ। ’ਮਹਿਲਾਵਾਂ ਦੀ ਅਗਵਾਈ ਵਾਲੇ ਵਿਕਸਤ ਭਾਰਤ’ ਦਾ ਸਾਡਾ ਦ੍ਰਿਸ਼ਟੀਕੋਣ ਬੋਰਡਰੂਮਾਂ ਅਤੇ ਸੰਸਥਾਵਾਂ ਵਿੱਚ ਮਹਿਲਾਵਾਂ ਦੀ ਭਾਗੀਦਾਰੀ ਤੱਕ ਸੀਮਿਤ ਨਹੀਂ ਹੈ, ਸਗੋਂ ਮਜ਼ਬੂਤ ਦੇਖਭਾਲ ਪ੍ਰਣਾਲੀਆਂ ’ਤੇ ਅਧਾਰਤ ਹੈ ਜੋ ਮਹਿਲਾਵਾਂ ਦੇ ਵਿਕਲਪਾਂ, ਮਾਣ ਅਤੇ ਆਰਥਿਕ ਸੰਭਾਵਨਾਵਾਂ ਦਾ ਵਿਸਤਾਰ ਕਰਦੇ ਹਨ।

**(ਸ਼੍ਰੀਮਤੀ ਅੰਨਪੂਰਨਾ ਦੇਵੀ, ਭਾਰਤ ਸਰਕਾਰ ਦੀ ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਹਨ)**

